ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 14 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੩੦ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਮਿਲੀ 21 ਦਿਨਾਂ ਦੀ ਪਰੋਲ 'ਤੇ ਸ਼੍ਰੋਮਣੀ ਕਮੇਟੀ ਨੇ ਚੁੱਕੇ ਸਵਾਲ

**ਅੰਮ੍ਰਿਤਸਰ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਡੇਰਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਫਿਰ ਤੋਂ 21 ਦਿਨ ਦੀ ਪੈਰੋਲ ਦੇਣ 'ਤੇ ਸ਼੍ਰੋਮਣੀ ਕਮੇਟੀ ਨੇ ਇਤਰਾਜ਼ ਪ੍ਰਗਟਾਇਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਕੇਂਦਰ ਸਰਕਾਰ 'ਤੇ ਘੱਟਗਿਣਤੀ ਵਰਗ ਲਈ ਵੱਖ ਨੀਤੀਆਂ ਅਪਣਾਉਣ ਦਾ ਇਲਜ਼ਮ ਲਗਾਇਆ ਹੈ। ਉਨ੍ਹਾਂ ਕਿਹਾ ਕਿ ਜੇਕਰ ਬਲਾਤਕਾਰ ਵਰਗੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਡੇਰਾ ਮੁਖੀ ਨੂੰ ਪੈਰੋਲ ਮਿਲ ਸਕਦੀ ਹੈ ਤਾਂ ਫਿਰ ਬੰਦੀ ਸਿੰਘ ਨੂੰ ਪੈਰੋਲ ਕਿਉਂ ਨਹੀਂ ਦਿੱਤੀ ਜਾਂਦੀ। ਪ੍ਰਤਾਪ ਸਿੰਘ ਨੇ ਕਿਹਾ ਕਿ ਜੇਕਰ ਡੇਰਾ ਮੁਖੀ ਨੂੰ ਇਸ ਸਮਾਜ 'ਚ ਘੁੰਮਣ ਦੇ ਲਈ ਖੁੱਲ੍ਹਾ ਛੱਡਿਆ ਜਾ ਸਕਦਾ ਹੈ ਤਾਂ ਫਿਰ ਸਿੱਖ ਧਰਮ ਲਈ ਸੰਘਰਸ਼ ਕਰਨ ਵਾਲੇ ਸਿੱਖ ਬੰਦੀਆਂ ਨੂੰ ਰਿਹਾਅ ਕਰਨਾ ਕੇਂਦਰ ਸਰਕਾਰ ਲਈ ਕਿਉਂ ਮੁਸ਼ਿਕਲ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਭਾਰਤ 'ਚ ਕਿਤੇ ਵੋਟਾਂ ਹੋਣੀਆਂ ਹੁੰਦੀਆਂ ਹਨ ਤਾਂ ਗੁਰਮੀਤ ਰਾਮ ਰਹੀਮ ਨੂੰ ਪਰੋਲ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਹੁਣ ਵੀ ਹਰਿਆਣੇ 'ਚ ਵੋਟਾਂ ਹੋਣ ਦੀ ਸੰਭਾਵਨਾ ਬਣੀ ਹੋਈ ਹੈ ਜਿਸ ਦੇ ਚਲਦੇ ਗੁਰਮੀਤ ਰਾਮ ਰਹੀਮ ਨੂੰ ਇੱਕ ਵਾਰ ਫਿਰ ਤੋਂ 21 ਦਿਨਾਂ ਦੀ ਪਰੋਲ ਦਿੱਤੀ ਗਈ ਹੈ ਜੋ ਕਿ ਬਹੁਤ ਹੀ ਮੰਦਭਾਗਾ ਹੈ। ਜ਼ਿਕਰਯੋਗ ਹੈ ਕਿ ਡੇਰਾ ਸਰਸਾ ਮੁਖੀ ਗੁਰਮੀਤ ਰਾਮ ਰਹੀਮ ਪਰੋਲ ਦਿੱਤੇ ਜਾਣ ਨੂੰ ਲੈ ਕੇ ਐੱਸ. ਜੀ. ਪੀ. ਸੀ. ਵੱਲੋਂ ਮਾਨਯੋਗ ਅਦਾਲਤ ਵਿੱਚ ਕੇਸ ਵੀ ਲਗਾਇਆ ਗਿਆ ਸੀ ਕਿ ਗੁਰਮੀਤ ਰਾਮ ਰਹੀਮ ਨੂੰ ਪਰੋਲ ਨਾ ਦਿੱਤੀ ਜਾਵੇ ਪਰ ਇੱਕ ਵਾਰ ਫਿਰ ਤੋਂ ਗੁਰਮੀਤ ਰਾਮ ਰਹੀਮ ਨੂੰ 21 ਦਿਨਾਂ ਦੀ ਪਰੋਲ ਦਿੱਤੀ ਗਈ ਹੈ।

## ਸਿੱਖ ਪੰਥ ਤੇ ਪੀੜਤਾਂ ਦੀਆਂ ਭਾਵਨਾਵਾਂ ਨੂੰ ਪਹੁੰਚੀ ਠੇਸ : ਰੰਧਾਵਾ

# ਸੌਦਾ ਸਾਧ ਦੀ ਪੈਰੋਲ 'ਤੇ ਮਾਨ ਸਰਕਾਰ ਚੁੱਪ ਕਿਉਂ ?

**ਚੰਡੀਗੜ੍ਹ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਵਿਧਾਨ ਸਭਾ ਚੋਣਾਂ ਤੋਂ ਠੀਕ ਪਹਿਲਾਂ ਸਾਧਵੀਆਂ ਦੇ ਜਿਨਸੀ ਸ਼ੋਸ਼ਣ ਅਤੇ ਹੱਤਿਆ ਦੇ ਮਾਮਲੇ ਵਿਚ ਸਜ਼ਾ ਕੱਟ ਰਹੇ ਸੌਦਾ ਸਾਧ ਨੂੰ 21 ਦਿਨਾਂ ਦੀ ਪੈਰੋਲ ਮਨਜ਼ੂਰ ਹੋ ਗਈ ਹੈ। ਇਸ ਨੂੰ ਲੈ ਕੇ ਹੁਣ ਪੰਜਾਬ ਦੀ ਸਿਆਸਤ ਵੀ ਤੇਜ਼ ਹੋ ਗਈ ਹੈ। ਇਸ ਨੂੰ ਲੈ ਕੇ



ਕਾਂਗਰਸ ਵੱਲੋਂ ਪੰਜਾਬ ਸਰਕਾਰ ਨੂੰ ਸਵਾਲਾਂ ਦੇ ਘੇਰੇ ਵਿੱਚ ਖੜ੍ਹਾ ਕੀਤਾ ਗਿਆ ਹੈ। ਇਸ ਦੌਰਾਨ ਕਾਂਗਰਸ ਦੇ ਸੀਨੀਅਰ ਆਗੂ ਤੇ ਲੋਕ ਸਭਾ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਅੱਜ ਦੀ ਪੈਰੋਲ ਸਮੇਤ ਕੁੱਲ 11 ਵਾਰ ਸੌਦਾ ਸਾਧ ਨੂੰ ਪੈਰੋਲ ਦਿੱਤੀ ਜਾ ਚੁੱਕੀ ਹੈ। ਹੈਰਾਨੀ ਇਸ ਗੱਲ ਦੀ ਹੈ ਕਿ ਭਗਵੰਤ ਮਾਨ ਸਰਕਾਰ ਇਸ ਮੁੱਦੇ ਤੇ ਕਿਉਂ ਨਹੀਂ ਬੋਲ ਰਹੀ ? ਰੰਧਾਵਾ ਨੇ ਕਿਹਾ ਕਿ ਵਾਰ ਵਾਰ ਪੈਰੋਲ ਮਿਲਣ ਕਰਕੇ ਸਿੱਖ ਪੰਥ ਅਤੇ ਪੀੜਤਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚ ਰਹੀ ਹੈ ਅਤੇ ਪੰਜਾਬ ਦਾ ਮਾਹੌਲ ਖਰਾਬ ਹੋ ਸਕਦਾ ਹੈ। ਸਰਕਾਰ ਸਿਆਸੀ ਲਾਭ ਤੋਂ ਉੱਪਰ ਉੱਠਕੇ ਇਸ ਗੰਭੀਰ ਮੁੱਦੇ ਉੱਤੇ ਕਾਰਵਾਈ ਕਰੇ। ਇਸ ਤੋਂ ਪਹਿਲਾਂ 10 ਅਗਸਤ ਨੂੰ ਹਾਈ ਕੋਰਟ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਉਸ ਪਟੀਸ਼ਨ ਨੂੰ ਰੱਦ ਕਰ ਦਿੱਤਾ ਸੀ, ਜਿਸ ਵਿੱਚ ਸੌਦਾ ਸਾਧ ਨੂੰ ਵਾਰ-ਵਾਰ ਪੈਰੋਲ ਜਾਂ ਫਰਲੋ ਦੇਣ 'ਤੇ ਸਵਾਲ ਉਠਾਏ ਗਏ ਸਨ। ਹਾਈ ਕੋਰਟ ਨੇ ਸਪੱਸ਼ਟ ਕੀਤਾ ਹੈ ਕਿ ਰਾਜ ਸਰਕਾਰ ਅਜਿਹੇ ਮੁੱਦਿਆਂ 'ਤੇ ਫੈਸਲੇ ਲੈਣ ਦੇ ਸਮਰੱਥ ਹੈ। ਦੱਸ ਦਈਏ ਕਿ ਅਜੇ 2 ਦਿਨ ਪਹਿਲਾਂ ਹੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਹਰਿਆਣਾ ਸਰਕਾਰ ਨੂੰ ਕਿਹਾ ਸੀ ਕਿ ਸੌਦਾ ਸਾਧ ਨੂੰ ਚੰਗੀ ਤਰ੍ਹਾਂ ਵਿਚਾਰ ਕਰਨ ਤੋਂ ਬਾਅਦ ਹੀ ਫਰਲੋ ਜਾਂ ਪੈਰੋਲ ਦਿੱਤੀ ਜਾਵੇ। ਇਸ ਤੋਂ ਬਾਅਦ ਸਰਕਾਰ ਨੇ ਸੌਦਾ ਸਾਧ ਨੂੰ ਇਸ ਸ਼ਰਤ 'ਤੇ ਛੁੱਟੀ ਦੇ ਦਿੱਤੀ ਕਿ ਉਹ ਸਿਰਸਾ ਸਥਿਤ ਡੇਰੇ 'ਚ ਨਹੀਂ ਜਾਵੇਗਾ। ਉਹ ਬਾਗਪਤ ਸਥਿਤ ਬਰਨਵਾ ਆਸ਼ਰਮ 'ਚ 21 ਦਿਨ ਰੁਕੇਗਾ।

## ਬਲਾਤਕਾਰੀ ਦੀ ਪੈਰੋਲ ਤੋਂ ਭੜਕਿਆ ਛਤਰਪਤੀ, ਕਿਹਾ-ਸਿਆਸੀ ਲਾਹਾ ਲੈਣ ਲਈ ਕੱਢਿਆ ਬਾਹਰ, ਹਾਈਕੋਰਟ ਰੋਕੇ ਸਰਕਾਰ ਦੀ ਬਦਮਾਸ਼ੀ

**ਚੰਡੀਗੜ੍ਹ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਵਿਧਾਨ ਸਭਾ ਚੋਣਾਂ ਤੋਂ ਠੀਕ ਪਹਿਲਾਂ ਸਾਧਵੀਆਂ ਦੇ ਜਿਨਸੀ ਸ਼ੋਸ਼ਣ ਅਤੇ ਹੱਤਿਆ ਦੇ ਮਾਮਲੇ ਵਿਚ ਸਜ਼ਾ ਕੱਟ ਰਹੇ ਗੁਰਮੀਤ ਰਾਮ ਰਹੀਮ ਨੂੰ 21 ਦਿਨਾਂ ਦੀ ਪੈਰੋਲ ਮਨਜ਼ੂਰ ਹੋ ਗਈ ਹੈ। ਇਸ ਮੌਕੇ ਮਰਹੂਮ ਪੱਤਰਕਾਰ ਰਾਮ ਚੰਦਰ ਛਤਰਪਤੀ ਦੇ ਪੁੱਤਰ ਅੰਸ਼ੁਲ ਛਤਰਪਤੀ ਨੇ ਇਸ ਉੱਤੇ ਇਤਰਾਜ਼ ਜ਼ਾਹਰ ਕਰਦਿਆਂ ਕਿਹਾ ਕਿ ਸਰਕਾਰ ਪੱਕੇ ਤੌਰ ਉੱਤੇ ਰਾਮ ਰਹੀਮ ਨੂੰ ਬਾਹਰ ਕੱਢਣ ਦੀ ਤਿਆਰੀ ਕਰ ਰਹੀ ਹੈ। ਛਤਰਪਤੀ ਨੇ ਕਿਹਾ ਕਿ ਡੇਰਾ ਮੁਖੀ ਦੀ ਫਰਲੋ ਨੂੰ ਲੈ ਕੇ Haryana good conductor prisoner act ਦੇ ਨਿਯਮ ਅੜਿੱਕੇ ਆ ਰਹੇ ਸਨ ਜਿਸ ਨੂੰ 2022 ਵਿੱਚ ਸਰਕਾਰ ਨੇ ਬਦਲਾਅ ਕਰਕੇ ਗੁਰਮੀਤ ਰਾਮ ਰਹੀਮ ਨੂੰ ਫਾਇਦਾ ਪਹੁੰਚਾਇਆ ਹੈ। ਉਸ ਨੇ ਇਲਜ਼ਾਮ ਲਾਇਆ ਕਿ ਸਰਕਾਰ ਗੁਰਮੀਤ ਰਾਮ ਰਹੀਮ ਨੂੰ ਵੀਆਈਪੀ ਬਣਾਕੇ ਰੱਖ ਰਹੀ ਹੈ ਜਦੋਂ ਕਿ ਆਮ ਕੈਦੀਆਂ ਉੱਤੇ ਕੋਈ ਧਿਆਨ ਨਹੀਂ ਦਿੱਤਾ ਜਾਂਦਾ, ਆਮ ਕੈਦੀ ਦੀ ਫਰਲੋ ਅਪੀਲ ਮਹੀਨਿਆਂ ਤੱਕ ਰੁਲਦੀ ਰਹਿੰਦੀ ਹੈ ਜਦੋਂ ਕਿ ਗੁਰਮੀਤ ਰਾਮ ਰਹੀਮ ਨੂੰ ਫਟਾਫਟ ਮਨਜ਼ੂਰੀ ਵੀ ਮਿਲ ਜਾਂਦੀ ਹੈ। ਛਤਰਪਤੀ ਨੇ ਕਿਹਾ ਕਿ ਸਰਕਾਰ ਰਾਜਨੀਤਿਕ ਫ਼ਾਇਦੇ ਲੈਣ



ਲਈ ਗੁਰਮੀਤ ਰਾਮ ਰਹੀਮ ਨੂੰ ਵੀਆਈਪੀ ਟਰੀਟਮੈਂਟ ਦੇ ਰਹੀ ਹੈ ਤੇ ਤਾਂ ਹੀ ਕੁਝ ਸਮੇਂ ਬਾਅਦ ਬਾਹਰ ਕੱਢ ਦਿੰਦੀ ਹੈ। ਇਸ ਦੇ ਨਾਲ ਹੀ ਹਾਈਕੋਰਟ ਦੇ ਫ਼ੈਸਲਾ ਬਾਬਤ ਅੰਸ਼ੁਲ ਨੇ ਕਿਹਾ ਕਿ ਸਰਕਾਰ ਦੀ ਬਦਮਾਸ਼ੀ ਨੂੰ ਹਾਈਕੋਰਟ ਹੀ ਰੋਕ ਸਕਦਾ ਹੈ, ਇਸ ਲਈ ਹਾਈਕੋਰਟ ਨੂੰ ਆਪਣੇ ਫ਼ੈਸਲੇ ਬਾਰੇ ਸੋਚਣਾ ਚਾਹੀਦਾ ਹੈ। ਜ਼ਿਕਰ ਕਰ ਦਈਏ ਕਿ ਅਜੇ 2 ਦਿਨ ਪਹਿਲਾਂ ਹੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਹਰਿਆਣਾ ਸਰਕਾਰ ਨੂੰ ਕਿਹਾ ਸੀ ਕਿ ਰਾਮ ਰਹੀਮ ਨੂੰ ਚੰਗੀ ਤਰ੍ਹਾਂ ਵਿਚਾਰ ਕਰਨ ਤੋਂ ਬਾਅਦ ਹੀ ਫਰਲੋ ਜਾਂ ਪੈਰੋਲ ਦਿੱਤੀ ਜਾਵੇ। ਇਸ ਤੋਂ ਬਾਅਦ ਸਰਕਾਰ ਨੇ ਰਾਮ ਰਹੀਮ ਨੂੰ ਇਸ ਸ਼ਰਤ 'ਤੇ ਛੁੱਟੀ ਦੇ ਦਿੱਤੀ ਕਿ ਉਹ ਸਿਰਸਾ ਸਥਿਤ ਡੇਰਾ ਸੱਚਾ ਸੌਦਾ 'ਚ ਨਹੀਂ ਜਾਵੇਗਾ। ਉਹ ਬਾਗਪਤ ਸਥਿਤ ਬਰਨਵਾ ਆਸ਼ਰਮ 'ਚ 21 ਦਿਨ ਰੁਕੇਗਾ।

## ਵਿਨੇਸ਼ ਫੋਗਾਟ ਦਾ ਭਾਰ ਵਧਾਉਣ ਪਿੱਛੇ ਕੌਣ ? ਪੀਟੀ ਊਸ਼ਾ ਵੱਲੋਂ ਸਨਸਨੀਖੇਜ਼ ਖੁਲਾਸੇ

**ਨਵੀਂ ਦਿੱਲੀ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੈਰਿਸ ਓਲੰਪਿਕ 2024 ਭਾਵੇਂ ਖਤਮ ਹੋ ਗਿਆ ਹੋਵੇ ਪਰ ਪਹਿਲਵਾਨ ਵਿਨੇਸ਼ ਫੋਗਾਟ ਦਾ ਮੁੱਦਾ ਅਜੇ ਵੀ ਗਰਮਾਇਆ ਹੋਇਆ ਹੈ। ਪੈਰਿਸ ਓਲੰਪਿਕ 2024 'ਚ ਤਮਗਾ ਜਿੱਤਣ ਦੀ ਦਾਅਵੇਦਾਰ ਵਿਨੇਸ਼ ਫੋਗਾਟ



ਨੂੰ ਫਾਈਨਲ ਮੈਚ ਤੋਂ ਪਹਿਲਾਂ ਜ਼ਿਆਦਾ ਭਾਰ ਹੋਣ ਕਾਰਨ ਅਯੋਗ ਕਰਾਰ ਦੇ ਦਿੱਤਾ ਗਿਆ ਸੀ। ਵਿਨੇਸ਼ ਨੇ ਮਹਿਲਾ ਕੁਸ਼ਤੀ ਦੇ 50 ਕਿਲੋ ਵਰਗ ਵਿੱਚ ਹਿੱਸਾ ਲਿਆ ਸੀ ਪਰ ਫਾਈਨਲ ਤੋਂ ਪਹਿਲਾਂ ਉਸ ਦਾ ਭਾਰ 100 ਗ੍ਰਾਮ ਵਧ ਪਾਇਆ ਗਿਆ। ਇਸ ਤੋਂ ਬਾਅਦ ਮੈਡੀਕਲ ਟੀਮ 'ਤੇ ਲਗਾਤਾਰ ਸਵਾਲ ਉੱਠ ਰਹੇ ਹਨ ਪਰ ਹੁਣ ਭਾਰਤੀ ਓਲੰਪਿਕ ਸੰਘ ਦੀ ਪ੍ਰਧਾਨ ਪੀਟੀ ਊਸ਼ਾ ਨੇ ਇਸ ਮੁੱਦੇ 'ਤੇ ਵੱਡਾ ਬਿਆਨ ਦਿੱਤਾ ਹੈ। ਵਿਨੇਸ਼ ਫੋਗਾਟ ਦੀ ਅਯੋਗਤਾ ਤੋਂ ਬਾਅਦ, ਇੱਕ ਵਰਗ ਆਈਓਏ ਦੀ ਮੈਡੀਕਲ ਟੀਮ, ਖਾਸ ਤੌਰ 'ਤੇ ਡਾਕਟਰ ਦਿਨਸ਼ਾ ਪਾਰਦੀਵਾਲਾ ਤੇ ਉਨ੍ਹਾਂ ਦੀ ਟੀਮ ਨੂੰ ਨਿਸ਼ਾਨਾ ਬਣਾ ਰਿਹਾ ਹੈ। ਲੋਕ ਉਨ੍ਹਾਂ 'ਤੇ ਲਾਪ੍ਰਵਾਹੀ ਦਾ ਦੋਸ਼ ਲਾ ਰਹੇ ਹਨ ਪਰ ਪੀਟੀ ਊਸ਼ਾ ਦਾ ਸਾਫ਼ ਕਹਿਣਾ ਹੈ ਕਿ ਮੈਡੀਕਲ ਟੀਮ ਨੂੰ ਦੋਸ਼ੀ ਠਹਿਰਾਉਣਾ ਠੀਕ ਨਹੀਂ। ਪੀਟੀ ਊਸ਼ਾ ਨੇ ਕਿਹਾ, 'ਕੁਸ਼ਤੀ, ਵੇਟਲਿਫਟਿੰਗ, ਬਾਕਸਿੰਗ, ਜੂਡੋ ਵਰਗੀਆਂ ਖੇਡਾਂ ਵਿੱਚ ਐਥਲੀਟਾਂ ਦੇ ਭਾਰ ਪ੍ਰਬੰਧਨ ਦੀ ਜ਼ਿੰਮੇਵਾਰੀ ਹਰੇਕ ਐਥਲੀਟ ਤੇ ਉਸ ਦੇ ਕੋਚ ਦੀ ਹੁੰਦੀ ਹੈ, ਨਾ ਕਿ ਆਈਓਏ ਦੇ ਚੀਫ ਮੈਡੀਕਲ ਅਫਸਰ ਡਾ. ਦਿਨਸ਼ਾ ਪਾਰਦੀਵਾਲਾ ਤੇ ਉਨ੍ਹਾਂ ਦੀ ਟੀਮ ਦੀ। ਆਈਓਏ ਦੀ ਮੈਡੀਕਲ ਟੀਮ ਖਾਸ ਕਰਕੇ ਡਾ. ਪਾਰਦੀਵਾਲਾ, ਪ੍ਰਤੀ ਨਫ਼ਰਤ ਅਸਵੀਕਾਰਨਯੋਗ ਹੈ। ਕਿਸੇ ਸਿੱਟੇ 'ਤੇ ਪਹੁੰਚਣ ਤੋਂ ਪਹਿਲਾਂ ਸਾਰੇ ਤੱਥਾਂ 'ਤੇ ਵਿਚਾਰ ਕਰਾਂਗੇ। ਪੀਟੀ ਊਸ਼ਾ ਨੇ ਅੱਗੇ ਕਿਹਾ, 'ਆਈਓਏ ਦੁਆਰਾ ਨਿਯੁਕਤ ਮੁੱਖ ਮੈਡੀਕਲ ਅਫਸਰ, ਡਾ. ਦਿਨਸ਼ਾ ਪਾਰਦੀਵਾਲਾ ਤੇ ਉਨ੍ਹਾਂ ਦੀ ਟੀਮ ਨੂੰ ਖੇਡਾਂ ਤੋਂ ਕੁਝ ਮਹੀਨੇ ਪਹਿਲਾਂ ਬੋਰਡ ਵਿੱਚ ਲਿਆਂਦਾ ਗਿਆ ਸੀ। ਉਨ੍ਹਾਂ ਦਾ ਕੰਮ ਇਵੈਂਟ ਦੌਰਾਨ ਤੇ ਬਾਅਦ ਵਿੱਚ ਰਿਕਵਰੀ ਤੇ ਸੱਟ ਪ੍ਰਬੰਧਨ ਵਿੱਚ ਐਥਲੀਟਾਂ ਦੀ ਸਹਾਇਤਾ ਕਰਨਾ ਸੀ। ਇਸ ਤੋਂ ਇਲਾਵਾ, IOA ਮੈਡੀਕਲ ਟੀਮ ਨੂੰ ਉਨ੍ਹਾਂ ਅਥਲੀਟਾਂ ਦਾ ਸਪੋਰਟ ਕਰਨ ਲਈ ਤਿਆਰ ਕੀਤਾ ਗਿਆ ਸੀ ਜਿਨ੍ਹਾਂ ਕੋਲ ਪੋਸ਼ਣ ਵਿਗਿਆਨੀਆਂ ਤੇ ਫਿਜ਼ੀਓਥੈਰੇਪਿਸਟਾਂ ਦੀ ਆਪਣੀ ਟੀਮ ਨਹੀਂ ਸੀ। ਉਨ੍ਹਾਂ ਇਹ ਵੀ ਕਿਹਾ ਕਿ ਪੈਰਿਸ ਓਲੰਪਿਕ ਵਿੱਚ ਹਰ ਭਾਰਤੀ ਅਥਲੀਟ ਕੋਲ ਅਜਿਹੀਆਂ ਖੇਡਾਂ ਵਿੱਚ ਆਪਣੀ ਸਪੋਰਟ ਟੀਮ ਸੀ। ਇਹ ਟੀਮਾਂ ਕਈ ਸਾਲਾਂ ਤੋਂ ਅਥਲੀਟਾਂ ਨਾਲ ਕੰਮ ਕਰ ਰਹੀਆਂ ਹਨ।

## ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਭਾਈ ਰਾਜੋਆਣਾ ਨਾਲ ਮੁਲਾਕਾਤ

**ਪਟਿਆਲਾ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਜੇਲ੍ਹ ਪਟਿਆਲਾ 'ਚ ਸਜ਼ਾਯਾਫਤਾ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਅੱਜ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੋਂ



ਲਿਆਂਦੀ ਗਈ ਕੜ੍ਹਾਹ ਪ੍ਰਸ਼ਾਦ ਦੀ ਦੇਗ ਅਤੇ ਪਵਿੱਤਰ ਸਰੋਵਰ ਦਾ ਜਲ ਭੇਂਟ ਕੀਤਾ ਗਿਆ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਕੀਤੀ ਗਈ ਮੁਲਾਕਾਤ ਉਨ੍ਹਾਂ ਦੀ ਸਿਹਤਯਾਬੀ ਅਤੇ ਪਰਿਵਾਰਕ ਮਿਲਣੀ ਸੀ ਇਸ ਨੂੰ ਹੋਰ ਪੱਖ ਤੋਂ ਨਹੀਂ ਲਿਆ ਜਾਣਾ ਚਾਹੀਦਾ। ਮੁਲਾਕਾਤ ਤੋਂ ਪਹਿਲਾਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਨਤਮਸਤਕ ਹੋਏ। ਇਸ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਭਾਈ ਗੋਬਿੰਦ ਸਿੰਘ ਲੌਂਗੋਵਾਲ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਵੀ ਮੌਜੂਦ ਸਨ। ਮੁਲਾਕਾਤ ਉਪਰੰਤ ਜੇਲ੍ਹ ਤੋਂ ਬਾਹਰ ਗੱਲਬਾਤ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਰੋਹਤਕ ਜੇਲ੍ਹ 'ਚ ਸੰਗੀਨ ਦੋਸ਼ਾਂ ਤਹਿਤ ਸਜ਼ਾ ਭੁਗਤ ਰਹੇ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ ਦੇਣ ਪਿੱਛੇ ਹਰਿਆਣਾ ਸਰਕਾਰ ਦਾ ਸਿਆਸੀ ਏਜੰਡਾ ਵਿਖਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਮ ਰਹੀਮ ਨੂੰ ਦਿੱਤੀ ਜਾ ਰਹੀ ਪੈਰੋਲ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਸਿੱਖ ਸੰਗਤਾਂ ਆਪਣਾ ਸਖ਼ਤ ਇਤਰਾਜ਼ ਦਰਜ ਕਰ ਰਹੀਆਂ ਹਨ ਪਰ ਹਰਿਆਣਾ ਸਰਕਾਰ ਕਾਨੂੰਨ 'ਚ ਤਰਮੀਮ ਲਿਆ ਕੇ ਪੈਰੋਲ ਵਰਗੀ ਰਾਹਤ ਰਾਮ ਰਹੀਮ ਨੂੰ ਦਿਵਾ ਰਹੀ ਹੈ ਅਜਿਹਾ ਕਦਮ ਮੰਦਭਾਗਾ ਵਰਤਾਰਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਹਰਿਆਣਾ ਦੀ ਭਾਜਪਾ ਸ਼ਾਸਤ ਸਰਕਾਰ ਰਾਮ ਰਹੀਮ ਨੂੰ ਰਾਹਤ ਦੇ ਕੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰਨ ਤੋਂ ਇਲਾਵਾ ਸਰਵ ਉਚ ਅਦਾਲਤ ਤੱਕ ਨੂੰ ਗੁੰਮਰਾਹ ਕਰਨ ਦਾ ਕੰਮ ਕਰ ਰਹੀ ਹੈ ਤਾਂ ਕਿ ਹਰਿਆਣਾ ਦੀਆਂ ਭਵਿੱਖੀ ਚੋਣਾਂ ਦੌਰਾਨ ਸਰਕਾਰ ਆਪਣਾ ਸਿਆਸੀ ਲਾਹਾ ਪੂਰਾ ਕਰ ਸਕੇ। ਐਡਵੋਕੇਟ ਧਾਮੀ ਨੇ ਇਕ ਸਵਾਲ ਦੇ ਜਵਾਬ 'ਚ ਕਿਹਾ ਕਿ ਜੇਲ੍ਹਾਂ 'ਚ ਨਜ਼ਰਬੰਦ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਲੈ ਕੇ ਸਰਕਾਰਾਂ ਦੋਹਰੇ ਮਾਪਦੰਡ ਅਪਨਾ ਰਹੀਆਂ, ਇਥੋਂ ਤੱਕ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਸਲੇ ਸਮੇਤ ਪੰਥਕ ਮਸਲਿਆਂ ਨੂੰ ਲੈ ਕੇ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਕਮੇਟੀ ਦਾ ਇਕ ਵਫ਼ਦ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕਰਨਾ ਚਾਹੁੰਦਾ ਪਰ ਵਾਰ ਵਾਰ ਭੇਜੇ ਜਾ ਰਹੇ ਚਿੱਠੀ ਪੱਤਰਾਂ 'ਤੇ ਕੋਈ ਜਵਾਬ ਨਾ ਆਉਣਾ ਮੰਦਭਾਗਾ ਹੈ।

## ਬਲਾਤਕਾਰੀ ਬਾਬਿਆਂ 'ਤੇ ਮਿਹਰਬਾਨੀਆਂ !

## ਆਸਾਰਾਮ ਨੂੰ ਵੀ ਮਿਲੀ 7 ਦਿਨ ਦੀ ਪੈਰੋਲ

**ਜੋਧਪੁਰ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਆਸਾਰਾਮ ਨੂੰ ਰਾਜਸਥਾਨ ਹਾਈ ਕੋਰਟ ਤੋਂ ਵੱਡੀ ਰਾਹਤ ਰਾਹਤ ਮਿਲੀ ਹੈ। ਅਦਾਲਤ ਨੇ ਇਲਾਜ ਲਈ ਆਸਾਰਾਮ ਨੂੰ 7 ਦਿਨ ਦੀ ਪੈਰੋਲ ਦਿੱਤੀ ਹੈ। ਉਹ ਪੁਲਸ ਕਸਟਡੀ 'ਚ ਇਲਾਜ ਲਈ ਮਹਾਰਾਸ਼ਟਰ ਜਾਵੇਗਾ। ਰਾਜਸਥਾਨ ਹਾਈ ਕੋਰਟ ਦੇ ਜੱਜ ਪੁਸ਼ਪੇਂਦਰ ਸਿੰਘ ਭਾਟੀ ਦੀ ਬੈਂਚ ਨੇ ਉਸ ਦੀ ਅੰਤਰਿਮ ਪੈਰੋਲ ਨੂੰ ਮਨਜ਼ੂਰੀ ਦਿੱਤੀ। ਬੀਤੇ ਦਿਨੀਂ ਜੋਧਪੁਰ ਸੈਂਟਰਲ ਜੇਲ੍ਹ 'ਚ ਸਜ਼ਾ ਕੱਟ ਰਹੇ



ਆਸਾਰਾਮ ਦੀ ਸਿਹਤ ਇਕ ਵਾਰ ਫਿਰ ਵਿਗੜ ਗਈ। ਆਸਾਰਾਮ ਨੂੰ ਛਾਤੀ 'ਚ ਦਰਦ ਦੀ ਸ਼ਿਕਾਇਤ ਤੋਂ ਬਾਅਦ ਜੋਧਪੁਰ ਏਮਜ਼ 'ਚ ਦਾਖ਼ਲ ਕਰਵਾਇਆ ਗਿਆ ਸੀ। ਉੱਥੇ ਆਸਾਰਾਮ ਦਾ ਮੈਡੀਕਲ ਚੈੱਕਅਪ ਕਰਨ ਤੋਂ ਬਾਅਦ ਉਸ ਨੂੰ ਇਲਾਜ ਲਈ ਦਾਖ਼ਲ ਕਰ ਲਿਆ ਗਿਆ ਸੀ।

## ਹੁਣ ਬੱਚਿਆਂ ਨੂੰ ਝਿੜਕ ਵੀ ਨਹੀਂ ਸਕਣਗੇ ਅਧਿਆਪਕ, ਨਵੀਆਂ ਗਾਇਡਲਾਈਨ ਹੋਈਆਂ ਜਾਰੀ

**ਲਖਨਊ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਲਈ ਨਵੇਂ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਹੁਣ ਬੱਚਿਆਂ ਨੂੰ ਕੁੱਟਣਾ ਤਾਂ ਦੂਰ ਦੀ ਗੱਲ, ਝਿੜਕ ਵੀ ਨਹੀਂ ਸਕਦੇ। ਪ੍ਰਾਇਮਰੀ ਸਕੂਲਾਂ ਵਿੱਚ ਬੱਚਿਆਂ ਨੂੰ ਫਿਜ਼ੀਕਲ ਸਜ਼ਾ ਨਹੀਂ ਦਿੱਤੀ ਜਾਵੇਗੀ। ਬੱਚਿਆਂ ਨੂੰ ਝਿੜਕਣ, ਅਹਾਤੇ ਵਿੱਚ ਭਜਾਉਣ ਅਤੇ ਚੂੰਢੀ ਵੱਢਣਾ ਉਤੇ ਪਾਬੰਦੀ ਲਗਾਈ ਗਈ ਹੈ। ਇੱਥੋਂ ਤੱਕ ਕਿ ਬੱਚਿਆਂ ਨੂੰ ਥੱਪੜ ਮਾਰਨ, ਗੋਡਿਆਂ ਦੇ ਭਾਰ ਬਿਠਾਉਣਾ, ਬੱਚਿਆਂ ਨੂੰ ਕਲਾਸ ਰੂਮ ਵਿੱਚ ਇਕੱਲੇ ਬੰਦ ਕਰਨ ਦੀ ਵੀ ਮਨਾਹੀ ਹੈ। ਨਵੇਂ ਸੈਸ਼ਨ ਵਿੱਚ ਮੁੱਢਲੀ ਸਿੱਖਿਆ ਵਿਭਾਗ ਨੇ ਇਸ ਸਬੰਧੀ ਵਿਸਥਾਰਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਸਕੂਲ ਵਿੱਚ ਸ਼ਿਕਾਇਤ ਬਾਕਸ ਹੋਣਾ ਵੀ ਲਾਜ਼ਮੀ ਕੀਤਾ ਗਿਆ ਹੈ ਤਾਂ ਜੋ ਵਿਦਿਆਰਥੀ ਸ਼ਿਕਾਇਤ ਪੱਤਰ ਜਮ੍ਹਾਂ ਕਰਵਾ ਸਕਣ। ਦਿਸ਼ਾ-ਨਿਰਦੇਸ਼ਾਂ ਅਨੁਸਾਰ, ਪੇਰੈਂਟ ਟੀਚਰ ਕਮੇਟੀ ਇਨ੍ਹਾਂ ਸ਼ਿਕਾਇਤਾਂ ਨੂੰ ਨਿਯਮਤ ਤੌਰ 'ਤੇ ਸੁਣੇਗੀ। ਇੰਨਾ ਹੀ ਨਹੀਂ, ਬੱਚਿਆਂ ਨੂੰ ਉਨ੍ਹਾਂ ਦੇ ਅਧਿਕਾਰਾਂ ਬਾਰੇ ਵੀ ਜਾਗਰੂਕ ਕੀਤਾ ਜਾਵੇਗਾ। ਹਰ ਮਹੀਨੇ ਹੋਣ ਵਾਲੀ ਅਧਿਆਪਕ-ਮਾਪੇ ਕਮੇਟੀ ਦੀ ਮੀਟਿੰਗ ਵਿੱਚ ਅਧਿਕਾਰਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ।

# Nankana Sahib Yatra Committe Uk



# pakistan gurdwara yatra

**6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches**

ਪਾਕਿਸਤਾਨ ਵਿਖੇ ਸ਼੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।


*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛੱਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
Enjoy Real Taste of PUNJAB
PURE AND NATURAL 100% VEGETARIAN
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757





We Accept Online & Card Payment


## ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ — Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.



## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









www.khalsaforge.com


ਬੰਦੀ ਸਿੰਘਾਂ 'ਅਤੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਰਿਹਾਈ
ਦੇ ਲਈ ਰੱਖੀ ਗਈ ਪੰਥਕ ਇਕੱਤਰਤਾ ਵਿੱਚ ਜ਼ਰੂਰ ਪਹੁੰਚੋ ਜੀ!
ਰੱਖੜ ਪੁੰਨਿਆ ਦੇ ਦਿਹਾੜੇ ਤੇ
ਬਾਬਾ ਬਕਾਲਾ ਸਾਹਿਬ ਜੀ ਵਿਖੇ
ਪੰਥਕ ਇਕੱਤਰਤਾ
19 ਅਗਸਤ 2024
ਸਮਾਂ ਸਵੇਰੇ 11ਵਜੇ ਤੋਂ
ਦੁਪਿਹਰੇ 3ਵਜੇ ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV


ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ ਸਮਾਗਮ
ਆਰੰਭ 20 ਜੁਲਾਈ 2024 ਤੋ 18 ਅਗਸਤ 2024 ਤੱਕ
Monday - Friday
6PM - 9PM
Saturday - Sunday
3PM - 5PM
6PM - 9PM
Bhog Shri Sehaj Path
Sunday 18th August 2024
Kirtan - Katha Darbar


SANT BEANT SINGH JI
BER KALAN WALE | UK TOUR 2024
FRI 26TH JULY - SUN 28TH JULY: SOUTHAMPTON
MON 29TH JULY - SUN 4TH AUGUST: SOUTHALL
MON 5TH AUGUST - SAT 10TH AUGUST: 7:00-8:00PM
GURU NANAK GURDWARA, LEICESTER, LE1 4LJ
SUN 11TH AUGUST: 1:00-2:00PM
GURU NANAK GURDWARA, LEICESTER, LE1 4LJ
WED 14TH AUGUST - 7:30-8:10PM:
GURU HAR RAI SAHIB GURDWARA, WEST BROMWICH, B70 6JW
SUN 18TH AUGUST - 2:00-3:00 PM:
GURU HAR RAI GURDWARA, WEST BROMWICH, B70 6JW
MON 19TH AUGUST - SUN 25TH AUGUST: 7:00-7:30AM &
6:45-7:30PM
SEDLEY STREET, WOLVERHAMPTON, WV2 3AJ
MON 26TH AUGUST - SUN 1ST SEPTEMBER: 7:30-8:15AM,
10:00-11:00AM & 7:15-8:00PM
BABA SANG GURDWARA, SMETHWICK, B66 1EE
SANT BEANT SINGH | WHATSAPP: +918530000006


ਸੱਦਾ-ਪੱਤਰ
ੴ ਸਤਿਗੁਰ ਪ੍ਰਸਾਦਿ ॥
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2024 ਦਿਨ ਵੀਰਵਾਰ ਨੂੰ
ਬਰਸੀ ਸਮਾਗਮ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ
ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
20 ਅਗਸਤ ਦਿਨ ਮੰਗਲਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਵੀਰਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ)
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕੀਰਤਨੀ ਅਤੇ ਢਾਡੀ ਜਥੇ :-
* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ
* ਕਵੀਸ਼ਰੀ ਜਥਾ ਗਿ. ਕੇਵਲ ਸਿੰਘ ਮਹਿਤਾ
* ਢਾਡੀ ਜਥਾ ਭਾਈ ਅੰਮ੍ਰਿਤਪਾਲ ਸਿੰਘ ਬੋੜੇ ਵਾਲੇ (ਨਿਹੰਗ ਸਿੰਘ)
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ
ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ
ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।
ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਅਤੇ ਕੀਰਤਨ ਦੀ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ।
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ
(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ
ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ AWAZE QAUM
International Newspaper & WEB TV


With the blessings of Dhan Dhan Satguru Sahib Sri Guru Granth Sahib Ji
Mahaan Barsi Smagam
&
REMEMBERING THE SHAHEEDS OF 1984
SRI HAZOOR SANT BABA ISHER SINGH JI MAHARAJ
Rara Sahib
SRI MAAN SANT GIANI KARTAR SINGH JI KHALSA
Bhindranwale
Under the Guidance of: Sri Maan Sant Baba Bhagwan Singh Ji Maharaj (Rara Sahib Begowal)
4 DAY MAHAAN OPEN AIR
GURMAT SMAGAM
BANK HOLIDAY WEEKEND
23RD - 26TH AUGUST 2024
Sri Maan Sant Baba Bhagwan Singh Ji Maharaj (Rara Sahib Begowal)
Sri Maan Sant Giani Jarnail Singh Ji Khalsa Bhindranwale (Maujuda Mukhi Damdami Taksal)
SAT 24TH AUG 2024
REHNSBHAI KIRTAN DARBAR
SUN 25TH AUG 2024
SRI DASAM GRANTH SEHAJ PAATH BHOG
MON 26TH AUG 2024
SRI GURU GRANTH SAHIB JI SEHAJ PAATH BHOG
AMRIT SANCHAAR - SUNDAY 25TH AUGUST 2024 - 12PM (HALL 2)
GEORGE ST, WEST BROMWICH, BIRMINGHAM, B70 6NH
(NEXT TO GURU HAR RAI SAHIB GURDWARA)
ਆਵਾਜ਼ਿ ਕੌਮ
AWAZE QAUM
International Newspaper & WEB TV
FOR FURTHER INFORMATION, SEVA AND STALL BOOKINGS PLEASE CONTACT
07977 001313 | 07913 951860 | 07956 007161 | 07590 626176 | 07985 246484


ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
ਮਹਾਨ ਬਰਸੀ ਸਮਾਗਮ
ਅਤੇ ਜੂਨ 1984 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ
ਸ੍ਰੀ ਹਜ਼ੂਰ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ
ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ) ਵਾਲਿਆਂ ਦੀ ਰਹਿਨੁਮਾਈ ਹੇਠ
4 ਰੋਜ਼ਾ
ਮਹਾਨ ਗੁਰਮਤਿ ਸਮਾਗਮ
ਬੈਂਕ ਹੋਲੀਡੇਅ ਵੀਕਐਂਡ
23 ਤੋਂ 26 ਅਗਸਤ 2024
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ)
ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੌਜੂਦਾ ਮੁਖੀ ਦਮਦਮੀ ਟਕਸਾਲ)
ਸ਼ਨੀਵਾਰ 24 ਅਗਸਤ 2024
ਰੈਣਸਬਾਈ ਕੀਰਤਨ ਦਰਬਾਰ
ਐਤਵਾਰ 25 ਅਗਸਤ 2024
ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਸੋਮਵਾਰ 26 ਅਗਸਤ 2024
ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਅੰਮ੍ਰਿਤ ਸੰਚਾਰ - ਐਤਵਾਰ 25 ਅਗਸਤ 2024 - ਦੁਪਹਿਰੇ 12 ਵਜੇ (ਹਾਲ 2)
ਜੋਰਜ ਸਟ੍ਰੀਟ, ਵੈਸਟ ਬਰੌਮਵਿਚ, ਬਰਮਿੰਘਮ, B70 6NH
(ਗੁਰੂ ਹਰਿ ਰਾਇ ਸਾਹਿਬ ਗੁਰਦੁਆਰਾ ਦੇ ਪਾਸ)
ਆਵਾਜ਼ਿ ਕੌਮ AWAZE QAUM International Newspaper & WEB TV
ਵਧੇਰੇ ਜਾਣਕਾਰੀ, ਸੇਵਾ ਜਾਂ ਸਟਾਲ ਬੁਕਿੰਗ ਲਈ ਹੇਠ ਦਿੱਤੇ ਨੰਬਰਾਂ ਤੇ ਸੰਪਰਕ ਕਰੋ
07977 001313 | 07913 951860 | 07956 007161 | 07590 626176 | 07985 246484



ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪਾਤਸ਼ਾਹ ਮਹਾਰਾਜ
ਜੀ ਦੇ ਸੰਪੂਰਨਤਾ ਦਿਵਸ ਨੂੰ ਸਮਰਪਿਤ
ਦਮਦਮੀ ਟਕਸਾਲ ਦੇ 13ਵੇਂ ਮੁਖੀ ਸੱਚਖੰਡਵਾਸੀ
ਧੰਨ ਧੰਨ ਸੰਤ ਬਾਬਾ ਕਰਤਾਰ ਸਿੰਘ ਖ਼ਾਲਸਾ
ਭਿੰਡਰਾਂਵਾਲਿਆਂ ਦੀ ਬਰਸੀ ਨੂੰ ਸਮਰਪਿਤ
ਸੱਚਖੰਡਵਾਸੀ ਸੰਤ ਬਾਬਾ ਕਰਤਾਰ ਸਿੰਘ ਖ਼ਾਲਸਾ ਭਿੰਡਰਾਂਵਾਲੇ
ਗੁਰਮਤਿ ਸਮਾਗਮ
17 ਅਗਸਤ 2024 ,ਸ਼ਨੀਵਾਰ ਸਵੇਰੇ 10 ਵਜੇ ਤੋਂ 2 ਵਜੇ ਤੱਕ
ਗੁਰਦੁਆਰਾ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ Leicester, UK
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ
ਭਿੰਡਰਾਂਵਾਲੇ ,ਮੁਖੀ ਦਮਦਮੀ ਟਕਸਾਲ ਜੱਥਾ ਭਿੰਡਰਾ (ਮਹਿਤਾ)
ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਨਿਸ਼ਕਾਮ ਸੇਵਕ ਜੱਥਾ
Leicester, UK
ਰਣਜੀਤ ਸਿੰਘ /07578711475
+44 7478804044
ਆਵਾਜ਼ਿ ਕੌਮ AWAZE QAUM
International Newspaper & WEB TV
219 -227 CLARENDON PARK ROAD , LEICESTER , LE2 3AN

## Gurdwara baba Sang Ji

# Sampooranta divas


## Dhan Dhan Sri Guru Granth Sahib Ji



Thursday 15 August 2024 – 5 pm
Arambh Sri Akhand Path Sahib
Saturday 17 August 2024 – 5pm
Bhog Sri Akhand Path Sahib

## ANNUAL SALANA BARSI SANT GIANI KARTAR SINGH JI AND SATHAPNA DIWAS DAMDAMI TAKSAL

**15th - 17th AUGUST 2024**



SANT GIANI KARTAR SINGH JI *Khalsa Bhindrawale*

Baba Harnaam Singh Ji will be attending the smagam on 17th August from 8pm to 9pm



SANT BABA HARNAAM SINGH JI KHALSA
*Mukhi Damdami Taksal*

ਆਵਾਜ਼ਿ ਕੌਮ AWAZE QAUM International Newspaper & WEB TV

**Gurdwara Baba Sang Ji 7-9 St Paul's Rd, Smethwick, B66 1EE**
**For more info contact – Bhai Devinder Singh 07452765165**




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਅਮਰੀਕਾ, ਕੈਨੇਡਾ ਵਿੱਚ ਸਿੱਖ ਕਾਰਕੁਨਾਂ ਨੂੰ ਧਮਕੀਆਂ ਦਾ ਕਰਨਾ ਪੈ ਰਿਹਾ ਹੈ ਸਾਹਮਣਾ

**ਨਵੀਂ ਦਿੱਲੀ 13 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਰਾਇਟਰਜ਼ ਨੇ ਤਿੰਨ ਚੁਣੇ ਹੋਏ ਅਮਰੀਕੀ ਅਧਿਕਾਰੀਆਂ ਸਮੇਤ 19 ਸਿੱਖ ਭਾਈਚਾਰੇ ਦੇ ਨੇਤਾਵਾਂ ਨਾਲ ਗੱਲ ਕੀਤੀ, ਜਿਨ੍ਹਾਂ ਨੇ ਕਿਹਾ ਕਿ ਉਨ੍ਹਾਂ ਜਾਂ ਉਨ੍ਹਾਂ ਦੀਆਂ ਸੰਸਥਾਵਾਂ ਨੂੰ ਅਮਰੀਕਾ ਅਤੇ ਕੈਨੇਡਾ ਵਿੱਚ ਧਮਕੀਆਂ ਅਤੇ ਪਰੇਸ਼ਾਨੀ ਦਾ ਨਿਸ਼ਾਨਾ ਬਣਾਇਆ ਗਿਆ ਹੈ - ਭਾਵੇਂ ਕਿ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਕੈਨੇਡਾ ਵਿੱਚ ਇੱਕ ਸਿੱਖ ਆਗੂ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਅਤੇ ਅਮਰੀਕਾ ਵਿੱਚ ਇੱਕ ਹੋਰ ਸਿੱਖ ਆਗੂ ਗੁਰਪਤਵੰਤ ਪਨੂੰ ਦੀ ਹੱਤਿਆ ਦੀ ਨਾਕਾਮਯਾਬ ਕੋਸ਼ਿਸ਼ ਕਰਣ ਦੀ ਅਪਰਾਧਿਕ ਜਾਂਚ ਕਰ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖਸ ਰਾਇਟਰਜ਼ ਨੇ ਔਨਲਾਈਨ ਪਰੇਸ਼ਾਨੀ ਦਾ ਅਨੁਭਵ ਕਰਨ ਵਾਲੇ ਅਤੇ ਉਨ੍ਹਾਂ ਦੇ ਘਰਾਂ ਅਤੇ ਪੂਜਾ ਸਥਾਨਾਂ 'ਤੇ ਨਿਗਰਾਨੀ, ਨਿੱਜੀ ਵੇਰਵਿਆਂ ਨੂੰ ਔਨਲਾਈਨ ਜਾਰੀ ਕਰਨਾ ਜਾਂ ਡੌਕਸਿੰਗ ਕਰਨਾ, ਅਤੇ "ਸਵੈਟਿੰਗ÷, ਇੱਕ ਕਾਨੂੰਨ ਲਾਗੂ ਕਰਨ ਵਾਲੇ ਜਵਾਬ ਨੂੰ ਚਾਲੂ ਕਰਨ ਲਈ ਇੱਕ ਝੂਠੀ ਪੁਲਿਸ ਰਿਪੋਰਟ ਦਾਇਰ ਕਰਨ ਬਾਰੇ ਉਨ੍ਹਾਂ ਨਾਲ ਗੱਲਬਾਤ ਕੀਤੀ ਸੀ ।

ਸੱਤ ਸਿੱਖ ਕਾਰਕੁੰਨਾਂ ਨੇ ਰਾਇਟਰਜ਼ ਨੂੰ ਦੱਸਿਆ ਕਿ ਐਫਬੀਆਈ ਜਾਂ ਰਾਇਲ ਕੈਨੇਡੀਅਨ ਮਾਉਂਟਿਡ ਪੁਲਿਸ ਨੇ ਉਨ੍ਹਾਂ ਨੂੰ ਪਿਛਲੇ ਸਾਲ ਖ਼ਤਰੇ ਦੇ ਸਰੋਤ ਦਾ ਜ਼ਿਕਰ ਕੀਤੇ ਬਿਨਾਂ ਚੇਤਾਵਨੀ ਦਿੱਤੀ ਸੀ ਕਿ ਉਨ੍ਹਾਂ ਦੀ ਜਾਨ ਨੂੰ ਖ਼ਤਰਾ ਹੋ ਸਕਦਾ ਹੈ ।

ਐਫਬੀਆਈ ਦੇ ਇੱਕ ਅਧਿਕਾਰੀ ਨੇ ਕਿਹਾ ਕਿ ਬਿਊਰੋ ਅਜਿਹੀਆਂ ਚੇਤਾਵਨੀਆਂ ਓਸ ਸਮੇਂ ਜਾਰੀ ਕਰਦਾ ਹੈ ਜਦੋਂ ਉਸਨੂੰ ਧਮਕੀ ਦੇ ਭਰੋਸੇਯੋਗ ਸਬੂਤ ਮਿਲਦੇ ਹਨ, ਪਰ ਉਨ੍ਹਾਂ ਮਾਮਲੇ ਤੇ ਹੋਰ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ।ਕੈਨੇਡੀਅਨ ਫੈਡਰਲ ਪੁਲਿਸ ਨੇ ਇਹ ਪੁਸ਼ਟੀ ਕਰਨ ਤੋਂ ਇਨਕਾਰ ਕਰ ਦਿੱਤਾ ਕਿ ਕਿੰਨੇ ਵਿਅਕਤੀਆਂ ਨੂੰ ਚੇਤਾਵਨੀ ਦੇਣ ਲਈ ਡਿਊਟੀਆਂ ਜਾਰੀ ਕੀਤੀਆਂ ਗਈਆਂ ਸਨ।

ਐਫਬੀਆਈ ਨੇ ਸਿੱਖ ਭਾਈਚਾਰੇ ਨੂੰ "ਅੰਤਰਰਾਸ਼ਟਰੀ ਦਮਨ" ਬਾਰੇ ਵਧੇਰੇ ਵਿਆਪਕ ਤੌਰ 'ਤੇ ਚੇਤਾਵਨੀ ਦਿੱਤੀ ਹੈ, ਇੱਕ ਵਿਦੇਸ਼ੀ ਰਾਜ ਦੁਆਰਾ ਕਿਸੇ ਹੋਰ ਦੇਸ਼ ਵਿੱਚ ਰਾਜਨੀਤਿਕ ਵਿਰੋਧੀਆਂ ਨੂੰ ਡਰਾਉਣ ਜਾਂ ਧਮਕਾਉਣ ਦੀਆਂ ਕੋਸ਼ਿਸ਼ਾਂ, ਇੱਕ ਜਨਤਕ ਸੇਵਾ ਘੋਸ਼ਣਾ ਜਾਰੀ ਕਰਕੇ, ਲੋਕਾਂ ਨੂੰ ਧਮਕੀਆਂ ਜਾਂ ਪਰੇਸ਼ਾਨੀ ਦੀ ਰਿਪੋਰਟ ਕਰਨ ਲਈ ਇਕ ਨਵਾਂ ਰਾਹ ਖੋਲ੍ਹਦਾ ਹੈ।

ਘੱਟੋ-ਘੱਟ ਛੇ ਕਾਰਕੁਨਾਂ ਨੇ ਕਿਹਾ ਕਿ ਉਨ੍ਹਾਂ ਨੂੰ ਸ਼ੱਕ ਹੈ ਕਿ ਭਾਰਤ ਦੀ ਸਰਕਾਰ ਜਾਂ ਇਸ ਦੇ ਸਮਰਥਕ ਮੌਜੂਦਾ ਪਰੇਸ਼ਾਨੀ ਦੇ ਪਿੱਛੇ ਹੋ ਸਕਦੇ ਹਨ, ਹਾਲਾਂਕਿ ਉਨ੍ਹਾਂ ਨੇ ਮੰਨਿਆ ਕਿ ਇਹ ਸਾਬਤ ਕਰਨਾ ਔਖਾ ਹੋ ਸਕਦਾ ਹੈ - ਖਾਸ ਕਰਕੇ ਜਦੋਂ ਧਮਕੀਆਂ ਅਗਿਆਤ ਸ੍ਰੋਤਾਂ ਤੋਂ ਆਉਂਦੀਆਂ ਹਨ।




ਜਿਕਰਯੋਗ ਹੈ ਕਿ ਚਾਰ ਭਾਰਤੀ ਨਾਗਰਿਕਾਂ ਨੂੰ ਕੈਨੇਡਾ ਵਿੱਚ ਜੂਨ 2023 ਵਿੱਚ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਸਰੀ, ਬ੍ਰਿਟਿਸ਼ ਕੋਲੰਬੀਆ ਵਿੱਚ ਉਸਦੇ ਗੁਰਦੁਆਰੇ, ਇੱਕ ਸਿੱਖ ਧਰਮ ਅਸਥਾਨ ਦੇ ਬਾਹਰ ਘਾਤਕ ਗੋਲੀਬਾਰੀ ਰਾਹੀਂ ਕਤਲ ਅਤੇ ਸਾਜ਼ਿਸ਼ ਰਚਣ ਦੇ ਦੋਸ਼ਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਨਾਲ ਹੀ ਅਮਰੀਕੀ ਨਿਆਂ ਵਿਭਾਗ ਨੇ ਭਾਰਤੀ ਨਾਗਰਿਕ ਨਿਖਿਲ ਗੁਪਤਾ 'ਤੇ ਇਕ ਭਾਰਤੀ ਖੁਫੀਆ ਅਧਿਕਾਰੀ ਦੇ ਇਸ਼ਾਰੇ 'ਤੇ ਵੱਖਵਾਦੀ ਨੇਤਾ ਗੁਰਪਤਵੰਤ ਸਿੰਘ ਪੰਨੂ ਦੀ ਹੱਤਿਆ ਦਾ ਪ੍ਰਬੰਧ ਕਰਨ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਗਾਇਆ ਹੈ। ਗੁਪਤਾ ਨਿਊਯਾਰਕ ਵਿੱਚ ਮੁਕੱਦਮੇ ਦੀ ਉਡੀਕ ਕਰ ਰਿਹਾ ਹੈ ਅਤੇ ਉਸ ਦੇ ਵਕੀਲ ਨੇ ਮਾਮਲੇ ਤੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ।

ਭਾਰਤ ਨੇ ਨਿੱਝਰ ਦੀ ਹੱਤਿਆ ਅਤੇ ਪੰਨੂ ਦੀ ਹੱਤਿਆ ਦੀ ਕੋਸ਼ਿਸ਼ ਵਿਚ ਸ਼ਾਮਲ ਹੋਣ ਤੋਂ ਇਨਕਾਰ ਕੀਤਾ ਹੈ। ਇਸ ਨੇ ਪੰਨੂ ਵਿਰੁੱਧ ਸਾਜ਼ਿਸ਼ ਦੀ ਜਾਂਚ ਕਰਨ ਦਾ ਵਾਅਦਾ ਕੀਤਾ ਹੈ, ਪਰ ਨਿੱਝਰ ਵਿਰੁੱਧ ਨਹੀਂ।

### ਜੇਤੂ ਖਿਡਾਰੀਆਂ ਨੂੰ ਸੰਤ ਬਾਬਾ ਸੱਜਣ ਸਿੰਘ ਜੀ

# ਗੁਰੂ ਕੀ ਬੇਰ ਸਾਹਿਬ ਵਾਲਿਆਂ ਨੇ ਕੀਤਾ ਸਨਮਾਨਿਤ



**ਚੌਂਕ ਮਹਿਤਾ, 13 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੰਕੈਂਡਰੀ ਸਕੂਲ ਦੇ ਵਿਦਿਆਰਥੀਆਂ ਨੇ ਮਹਿਤਾ ਜੋਨ ਵਿੱਚ ਹੋਏ ਖੇਡ ਮੁਕਾਬਲਿਆਂ ਵਿੱਚ ਅੰਡਰ -19 ਲੜਕੇ ਫੁਟਬਾਲ ਪਹਿਲਾ ਸਥਾਨ ,ਅੰਡਰ -19 ਲੜਕੇ ਰੱਸਾ ਕਸ਼ੀ ਪਹਿਲਾ ਸਥਾਨ, ਅੰਡਰ-19 ਕਬੱਡੀ ਲੜਕੀਆਂ ਦੂਜਾ ਸਥਾਨ, ਅੰਡਰ -19 ਲੜਕੀਆਂ ਰੱਸਾਕਸ਼ੀ ਦੂਜਾ ਸਥਾਨ ,ਲੰਬੀ ਛਾਲ ਅੰਡਰ-19ਲੜਕੇ ਤੀਜਾ ਸਥਾਨ, ਸ਼ਾਟਪਟ ਅੰਡਰ-19 ਲੜਕੀਆਂ ਦੂਜਾ ਸਥਾਨ ,ਅਥਲੈਟਿਕਸ 100 ਮੀਟਰ ਜਸਮੀਤ ਕੌਰ ਸੋਨੀਆ ਪਹਿਲਾ ਅਤੇ ਗੁਰਜੀਤ ਕੌਰ ਨੇ ਦੂਜਾ ਸਥਾਨ ਹਾਸਿਲ ਕੀਤਾ। ਇਹਨਾਂ ਸਾਰੇ ਹੀ ਬੱਚਿਆਂ ਨੂੰ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਜੀ ਵੱਲੋਂ ਮੈਡਲ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਗੁਰਸੇਵਕ ਸਿੰਘ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹਨਾਂ ਜੋਨ ਮੁਕਾਬਲਿਆਂ ਵਿੱਚ ਪਿਛਲੇ ਸਾਲ ਦੀ ਤਰ੍ਹਾਂ ਐਤਕੀ ਵੀ ਸਾਡੇ 60 ਵਿਦਿਆਰਥੀਆਂ ਨੇ ਹਿੱਸਾ ਲਿਆ ਜਿਨਾਂ ਵਿੱਚੋਂ 32 ਵਿਦਿਆਰਥੀਆਂ ਦੀ ਚੋਣ ਜ਼ਿਲੇ ਦੀਆਂ ਟੀਮਾਂ ਲਈ ਕੀਤੀ ਗਈ। ਇਸ ਦੇ ਨਾਲ ਹੀ ਉਹਨਾਂ ਦੱਸਿਆ ਕਿ ਇਸ ਜਿੱਤ ਦਾ ਸਿਹਰਾ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਜੀ, ਕੋਚ ਸਾਹਿਬਾਨ, ਅਧਿਆਪਕ ਸਾਹਿਬਾਨ ਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਜਾਂਦਾ ਹੈ। ਇਸ ਮੌਕੇ ਕੋਆਰਡੀਨੇਟਰ ਧੰਨਾ ਸਿੰਘ ਪਲਵਿੰਦਰ ਸਿੰਘ ,ਰਵਿੰਦਰ ਸਿੰਘ ਗੁਰਪ੍ਰੀਤ ਸਿੰਘ ਕੋਚ, ਗੁਰਜੀਤ ਕੌਰ ਕੋਚ, ਬਾਬਾ ਜੱਸਾ ਸਿੰਘ ਜੀ , ਰਣਜੀਤ ਸਿੰਘ ਬਾਬੋਵਾਲ ,ਬਾਬਾ ਸੁੱਖਾ ਸਿੰਘ ,ਜੋਬਨ ਬੁਲਾਰਾ ,ਬਾਬਾ ਰਾਜਾ ਆਦਿ ਹਾਜ਼ਰ ਸਨ।


### ਪਿੰਡ ਰੂਪੋਵਾਲੀ ਬ੍ਰਾਹਮਣਾਂ ਵਿਖੇ ਤੀਆਂ ਦਾ ਤਿਉਹਾਰ ਮਨਾਇਆ ਗਿਆ

# ਤੀਆਂ ਤੇ ਧੀਆਂ ਬਚਾਉਣ ਦਾ ਦਿੱਤਾ ਸੁਨੇਹਾ



ਚੌਂਕ ਮਹਿਤਾ, 13 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)-ਹਲਕਾ ਮਜੀਠਾ ਪਿੰਡ ਰੂਪੋਵਾਲੀ ਬ੍ਰਾਹਮਣਾਂ ਵਿਖੇ ਸਰਕਾਰੀ ਐਲੀਮੈਂਟਰੀ ਸਕੂਲ ਦੀ ਗਰਾਉਂਡ ਵਿਚ ਤੀਆਂ ਦਾ ਤਿਉਹਾਰ ਵਿਰਾਸਤ ਪ੍ਰਤਿ ਮੋਹ ਪੈਦਾ ਕਰਨ ਅਤੇ ਨਵੀਂ ਪੀੜ੍ਹੀ ਦੇ ਮਨਾ ਵਿਚ ਆਪਣੇ ਸੱਭਿਆਚਾਰ ਤੇ ਵਿਰਸੇ ਨੂੰ ਸਮਝਣ ਤੇ ਸੰਭਾਲਣ ਦੇ ਉਪਰਾਲੇ ਵਜੋਂ ਇਹ ਪ੍ਰੋਗਰਾਮ "ਤੀਆਂ ਤੀਜ ਦੀਆਂ" ਸਾਵਣ ਮੇਲਾ ਕਰਵਾਇਆ ਗਿਆ। ਇਸ ਦੌਰਾਨ ਮੁਟਿਆਰਾਂ, ਔਰਤਾਂ ਵਲੋਂ ਮਹਿੰਦੀ, ਰੰਗੋਲੀ, ਰੱਖੜੀ ਬਣਾਉਣ, ਪੋਸਟਰ ਬਣਾਉਣ, ਮਿਸ ਤੀਜ, ਗਿੱਧਾ, ਭੰਗੜਾ, ਸੋਲੋ ਡਾਂਸ,ਗਰੁੱਪ ਡਾਂਸ ਖੁੱਲੇ ਪੰਡਾਲ ਵਿਚ ਕੀਤੇ ਗਏ। ਮਨਾਏ ਤੀਆਂ ਦੇ ਤਿਉਹਾਰ ਤੇ ਮੌਕੇ ਸਨਦੀਪ ਕੁਮਾਰੀ, ਕਵਲਜੀਤ ਕੌਰ,ਗੁਰਜੀਤ ਕੌਰ ਆਦਿ ਨੇ ਲੋਕਾਂ ਨੂੰ ਸਨੇਹਾ ਦਿੰਦਿਆਂ ਕਿਹਾ ਕਿ ਤੀਆਂ ਨੂੰ ਧੀਆਂ ਦਾ ਤਿਉਹਾਰ ਕਿਹਾ ਜਾਂਦਾ ਹੈ ਅਤੇ ਧੀਆਂ ਸਾਡੇ ਸਮਾਜ ਤੇ ਸੱਭਿਆਚਾਰ ਦਾ ਅਨਮੋਲ ਸਰਮਾਇਆ ਹਨ।ਉਨ੍ਹਾਂ ਤੀਆਂ ਦੇ ਤਿਉਹਾਰ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਆਪਣੇ ਅਮੀਰ ਸਭਿਆਚਾਰਕ ਪਿਛੋਕੜ ਨੂੰ ਕਦੇ ਨਾ ਭੁੱਲਣ ਚਾਹੀਦਾ। ਇਸ ਤਿਉਹਾਰ ਦੇ ਸੱਭਿਆਚਾਰਕ ਮਹੱਤਵ ਦੇ ਨਾਲ ਨਾਲ ਖਾਸ ਕਰਕੇ ਧੀਆਂ ਲਈ ਖਾਸ ਮਹੱਤਵ ਬਾਰੇ ਜਾਗਰੂਕ ਕੀਤਾ। ਇਸ ਉਪਰੰਤ ਪਿੰਡ ਦੀਆਂ ਔਰਤਾਂ ਕੁੜੀਆਂ ਵਲੋਂ ਖੁੱਲੇ ਪੰਡਾਲ 'ਚ ਨੱਚ,ਗਾ ਕੇ ਖੂਬ ਰੰਗ ਬੰਨਿਆਂ ਤੇ ਵੱਖ ਵੱਖ ਪਦਾਰਥਾਂ ਦਾ ਲੰਗਰ ਵੀ ਲਗਾਇਆ ਗਿਆ ।ਇਸ ਮੌਕੇ ਤੇ ਬਬਲੀ,ਆਰਤੀ, ਸਨੇਹਾ,ਮੁਸਕਾਨ ਰਾਣੀ,ਪੂਜਾ,ਖੁਸ਼ੀ,ਤਾਨੀਆ ਮਨਦੀਪ ਕੌਰ,ਰਿਪੀ ਸਮੇਤ ਵੱਡੀ ਗਿਣਤੀ 'ਚ ਲੋਕ ਹਾਜ਼ਰ ਸਨ।

# ਸਕੂਲ ਆਫ ਐਮੀਨੈਸ ਫ਼ਿਰੋਜ਼ਪੁਰ 'ਚ ਕਰਵਾਏ ਟਾਈਪਿੰਗ ਮੁਕਾਬਲੇ



ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :— ਵਿਦਿਆਰਥੀਆਂ ਨੂੰ ਨਿਪੁੰਨ ਬਣਾਉਣ ਲਈ ਕਰੀਅਰ ਗਾਈਡੈਂਸ ਪ੍ਰੋਗਰਾਮ ਤਹਿਤ ਸਕੂਲ ਆਫ਼ ਐਮੀਨੈਸ ਸਕੂਲ ਫ਼ਿਰੋਜ਼ਪੁਰ ਸ਼ਹਿਰ ਵਿਖੇ ਸਕੂਲ ਪੱਧਰ ਦੇ ਕੰਪਿਊਟਰ ਟਾਈਪਿੰਗ ਮੁਕਾਬਲੇ ਕਰਵਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆ ਇੰਚਾਰਜ ਅਧਿਆਪਕਾ ਪ੍ਰਿਤਪਾਲ ਕੌਰ ਸਿੱਧੂ ਨੇ ਦੱਸਿਆ ਕਿ ਵਿਭਾਗ ਦੀਆਂ ਹਿਦਾਇਤਾਂ ਅਨੁਸਾਰ ਜ਼ਿਲ੍ਹਾ ਸਿਖਿਆ ਅਫ਼ਸਰ ਦੀ ਸਰਪ੍ਰਸਤੀ ਅਤੇ ਪ੍ਰਿੰਸੀਪਲ ਰਾਜੇਸ਼ ਮਹਿਤਾ ਦੀ ਰਹਿਨੁਮਾਈ ਹੇਠ ਪੰਜਾਬੀ, ਹਿੰਦੀ ਅਤੇ ਇੰਗਲਿਸ਼ ਤਿੰਨਾਂ ਭਾਸ਼ਾਵਾਂ ਵਿੱਚ ਮੁਕਾਬਲੇ ਕਰਵਾਏ ਗਏ, ਜਿਸ ਵਿਚ ਨੌਵੀਂ ਤੋਂ ਬਾਰਵੀਂ ਕਲਾਸ ਦੇ ਵਿਦਿਆਰਥੀਆਂ ਨੇ ਭਾਗ ਲਿਆ।ਉਨ੍ਹਾਂ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਦਾ ਮੁੱਖ ਮਕਸਦ ਵਿਦਿਆਰਥੀਆਂ ਵਿਚ ਲਿਖਣ ਕਲਾਂ ਅਤੇ ਨੌਕਰੀਆਂ ਲਈ ਤਿਆਰ ਕਰਨਾ ਹੈ।ਉਨ੍ਹਾਂ ਦੱਸਿਆ ਕਿ ਟਾਈਪਿੰਗ ਦਾ ਸਮਾਂ 7 ਮਿੰਟ ਦਾ ਰੱਖਿਆ ਗਿਆ ਅਤੇ ਇਨ੍ਹਾਂ ਮੁਕਾਬਲਿਆਂ ਵਿਚ ਅੰਗਰੇਜੀ ਦੀ ਕੰਪਿਊਟਰ ਟਾਈਪਿੰਗ ਦੌਰਾਨ ਵਿਦਿਆਰਥੀ ਅਕਾਸ਼ ਨੇ ਪਹਿਲਾਂ ਸਥਾਨ ਹਾਸਲ ਕੀਤਾ, ਹਿੰਦੀ ਵਿਚ ਪ੍ਰੀਕਸ਼ਾ ਨੇ ਪਹਿਲਾ ਸਥਾਨ ਅਤੇ ਪੰਜਾਬੀ ਟਾਈਪਿੰਗ ਵਿਚ ਅਕਾਸ਼ ਨੇ ਪਹਿਲਾਂ ਸਥਾਨ ਪ੍ਰਾਪਤ ਕੀਤਾ।ਗੱਲਬਾਤ ਕਰਦਿਆਂ ਅਧਿਆਪਕਾ ਪ੍ਰਿਤਪਾਲ ਕੌਰ ਸਿੱਧੂ ਨੇ ਦੱਸਿਆ ਕਿ ਇਨ੍ਹਾਂ ਵਿਦਿਆਰਥੀਆਂ ਦੇ ਹੁਣ ਬਲਾਕ ਅਤੇ ਤਹਿਸੀਲ ਪੱਧਰ ਦੇ ਮੁਕਾਬਲੇ ਹੋਣਗੇ। ਇਨ੍ਹਾਂ ਮੁਕਾਬਲਿਆਂ ਨੂੰ ਅਧਿਆਪਕਾ ਮੋਨਿਕਾ ਬਾਵਾ, ਯੋਗਿਤਾ ਤੇ ਗੀਤੂ ਬਾਲਾ ਨੇ ਸਫ਼ਲਤਾ ਪੂਰਵਕ ਨੇਪਰੇ ਚਾੜ੍ਹਿਆ।

# ਡਿਪਟੀ ਕਮਿਸ਼ਨਰ ਵੱਲੋਂ ਅਜ਼ਾਦੀ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ ਦਾ ਨਿਰੀਖਣ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 13 ਅਗਸਤ (ਕੁਲਜੀਤ ਸਿੰਘ ਖੋਖਰ)**-ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਵੱਲੋਂ ਅੱਜ ਸਥਾਨਕ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਟੇਡੀਅਮ, ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਅਜ਼ਾਦੀ ਦਿਹਾੜੇ ਸਬੰਧੀ ਕਰਵਾਈ ਗਈ ਫੁੱਲ ਡਰੈੱਸ ਰਿਹਰਸਲ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਐੱਸ.ਐੱਸ.ਪੀ. ਸ੍ਰੀ ਹਰੀਸ਼ ਦਾਯਮਾ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ, ਐੱਸ.ਡੀ.ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ, ਸਹਾਇਕ ਕਮਿਸ਼ਨਰ (ਜ) ਸ੍ਰੀ ਅਸ਼ਵਨੀ ਅਰੋੜਾ, ਐੱਸ.ਪੀ. ਸ. ਗੁਰਵਿੰਦਰ ਸਿੰਘ ਰੰਧਾਵਾ, ਡੀ.ਐੱਸ.ਪੀ. ਸੁਖਰਾਜ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਹਨ। ਫੁੱਲ ਡਰੈੱਸ ਰਿਹਰਸਲ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਸ਼ਹੀਦੀ ਗੈਲਰੀ ਵਿੱਚ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਉਪਰੰਤ ਕੌਮੀ ਝੰਡਾ ਲਹਿਰਾਉਣ ਦੀ ਰਸਮ ਨਿਭਾਈ। ਇਸ ਤੋਂ ਬਾਅਦ ਉਨ੍ਹਾਂ ਵੱਲੋਂ ਪਰੇਡ ਦਾ ਨਿਰੀਖਣ ਕੀਤਾ ਗਿਆ। ਇਸ ਉਪਰੰਤ ਡੀ.ਐੱਸ.ਪੀ. ਸ. ਬਿਕਰਮਜੀਤ ਸਿੰਘ ਦੀ ਅਗਵਾਈ ਹੇਠ ਪੰਜਾਬ ਪੁਲਿਸ ਦੇ ਜਵਾਨਾਂ, ਪੰਜਾਬ ਪੁਲਿਸ ਮਹਿਲਾ ਪਲਾਟੂਨ, ਪੰਜਾਬ ਹੋਮਗਾਰਡ, ਐੱਨ.ਸੀ.ਸੀ. ਕੈਡਿਟਸ (ਲੜਕੇ ਤੇ ਲੜਕੀਆਂ) ਅਤੇ ਪੰਜਾਬ ਪੁਲਿਸ ਬੈਂਡ ਦੀਆਂ ਪਲਾਟੂਨਾਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਇਸ ਤੋਂ ਬਾਅਦ ਵੱਖ-ਵੱਖ ਸਿੱਖਿਆ ਸੰਸਥਾਵਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਅਤੇ ਪੰਜਾਬੀ ਸਭਿਆਚਾਰ ਨੂੰ ਰੂਪਮਾਨ ਕਰਦਾ ਸ਼ਾਨਦਾਰ ਪ੍ਰੋਗਰਾਮ ਪੇਸ਼ ਕੀਤਾ ਗਿਆ।ਰਿਹਰਸਲ ਦੌਰਾਨ ਗਿੱਧੇ ਅਤੇ ਭੰਗੜੇ ਦੀਆਂ ਟੀਮਾਂ ਨੇ ਵੀ ਖ਼ੂਬ ਰੰਗ ਬੰਨਿਆ। ਅਜ਼ਾਦੀ ਦਿਵਸ ਸਮਾਗਮ ਦੀ ਰਿਹਰਸਲ ਦਾ ਜਾਇਜ਼ਾ ਲੈਣ ਤੋਂ ਬਾਅਦ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਪ੍ਰਬੰਧਾਂ ਵਿੱਚ ਲੱਗੇ ਅਧਿਕਾਰੀਆਂ ਅਤੇ ਸਭਿਆਚਾਰਕ ਸਮਾਗਮ ਵਿੱਚ ਭਾਗ ਲੈ ਰਹੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ 15 ਅਗਸਤ ਨੂੰ ਅਜ਼ਾਦੀ ਦਿਹਾੜੇ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਸੂਬੇ ਦੇ ਖ਼ੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਅਤੇ ਜੰਗਲਾਤ ਵਿਭਾਗ ਦੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਵਿਖੇ ਹੋਣ ਵਾਲਾ ਇਹ ਜ਼ਿਲ੍ਹਾ ਪੱਧਰੀ ਅਜ਼ਾਦੀ ਸਮਾਗਮ ਪੂਰੇ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਹੈ ਕਿ ਅਜ਼ਾਦੀ ਜਸ਼ਨਾਂ ਵਿੱਚ ਜ਼ਰੂਰ ਸ਼ਾਮਲ ਹੋਣ।

> ☛ ਪੰਜਾਬ ਪੁਲਿਸ, ਪੰਜਾਬ ਹੋਮਗਾਰਡ, ਐੱਨ.ਸੀ.ਸੀ. ਅਤੇ ਪੰਜਾਬ ਪੁਲਿਸ ਦੇ ਬੈਂਡ ਵੱਲੋਂ ਸ਼ਾਨਦਾਰ ਮਾਰਚ ਪਾਸਟ ☛ ਫੁੱਲ ਡਰੈੱਸ ਰਿਹਰਸਲ ਦੌਰਾਨ ਵਿਦਿਆਰਥੀਆਂ ਨੇ ਸਭਿਆਚਾਰਕ ਪ੍ਰੋਗਰਾਮ ਦੀ ਖ਼ੂਬਸੂਰਤ ਪੇਸ਼ਕਾਰੀ ਕੀਤੀ ☛ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਅਜ਼ਾਦੀ ਦਿਹਾੜੇ ਮੌਕੇ ਗੁਰਦਾਸਪੁਰ ਵਿਖੇ ਕੌਮੀ ਝੰਡਾ ਲਹਿਰਾਉਣਗੇ

## ਡੇਅਰੀ ਫਾਰਮਰਾਂ ਲਈ ਸਵੈ ਰੋਜਗਾਰ ਡੇਅਰੀ ਸਿਖਲਾਈ ਕੋਰਸ ਦੀ ਕੌਂਸਲਿੰਗ 19 ਅਗਸਤ ਨੂੰ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ ਵੇਰਕਾ ਵਿਖੇ

**ਜੰਡਿਆਲਾ ਗੁਰੂ, 13 ਅਗਸਤ ( ਕੁਲਵੰਤ ਸਿੰਘ ਵਿਰਦੀ)**-ਸ੍ਰੀ ਵਰਿਆਮ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਅੰਮ੍ਰਿਤਸਰ ਵਲੋਂ ਦਸਿਆ ਗਿਆ ਕਿ ਇੰਚਾਰਜ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ ਵੇਰਕਾ ਵਿਖੇ ਡੇਅਰੀ ਫਾਰਮਰਾਂ ਨੂੰ ਸਵੈ ਰੋਜਗਾਰ ਦੇ ਲਈ ਦੋ ਹਫਤੇ ਸਵੈ ਰੋਜਗਾਰ ਡੇਅਰੀ ਕੋਰਸ 19 ਅਗਸਤ ਤੋਂ 30 ਅਗਸਤ ਤੱਕ ਡੇਅਰੀ ਸਿਖਲਾਈ ਅਤੇ ਵਿਸਥਾਰ



ਕੇਂਦਰ, ਵੇਰਕਾ ਵਿਖੇ ਚਲਾਇਆ ਜਾ ਰਿਹਾ ਹੈ । ਉਨਾਂ ਦੱਸਿਆ ਕਿ ਡੇਅਰੀ ਸਿਖਲਾਈ ਸਬੰਧੀ ਕੌਂਸਲਿੰਗ 19 ਅਗਸਤ ਨੂੰ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ ਵੇਰਕਾ ਵਿਖੇ ਰੱਖੀ ਗਈ ਹੈ , ਜਿਸ ਵਿੱਚ ਦੁੱਧ ਤੋਂ ਦੁੱਧ ਪਦਾਰਥ ਬਣਾਉਣ, ਡੇਅਰੀ ਫਾਰਮ ਦਾ ਪ੍ਰਬੰਧ ,ਦੁਧਾਰੂ ਪਸ਼ੂਆਂ ਦੀ ਨਸਲ ਸੁਧਾਰ, ਦੁਧਾਰੂ ਪਸ਼ੂਆਂ ਦੇ ਅੰਦਰੂਨੀ ਪ੍ਰਬੰਧਨ ਅਤੇ ਸੰਤੁਲਿਤ ਪਸ਼ੂ ਖੁਰਾਕ ਸਬੰਧੀ ਆਧੁਨਿਕ ਤਕਨੀਕ ਨਾਲ ਟ੍ਰੇਨਿੰਗ ਦਿੱਤੀ ਜਾ ਰਹੀ ਹੈ ।ਇਸ ਸਿਖਲਾਈ ਲਈ ਜਿਲਾ ਅੰਮ੍ਰਿਤਸਰ ਦੇ ਚਾਹਵਾਨ ਡੇਅਰੀ ਫਾਰਮਰ 19 ਅਗਸਤ ਨੂੰ ਪੰਜਵੀ ਦਾ ਸਰਟੀਫਿਕੇਟ, ਅਧਾਰ ਕਾਰਡ ਸਮੇਤ ਪਾਸਪੋਰਟ ਸਾਈਜ ਫੋਟੋ ਲੈ ਕੇ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਵੇਰਕਾ ਵਿਖੇ ਸਵੇਰੇ 9:00 ਵਜੇ ਕਾਉਂਸਲਿੰਗ ਲਈ ਹਾਜਰ ਹੋਣ।ਟ੍ਰੇਨਿੰਗ ਲਈ ਜਨਰਲ ਕੈਟਾਗਰੀ ਦੇ ਫਾਰਮਰਾਂ ਲਈ ਫੀਸ 1000/- ਰੁਪਏ ਹੈ ਅਤੇ ਅਨੁਸੂਚਿਤ ਜਾਤੀ ਦੇ ਫਾਰਮਰਾਂ ਲਈ 750/- ਰੁਪਏ ਹੈ ।ਇਸ ਸਬੰਧੀ ਵਧੇਰੇ ਜਾਣਕਾਰੀ ਲਈ ਚਾਹਵਾਨ ਮੋਬਾਇਲ ਨੰ. 7009761651 ਅਤੇ 8872918300 ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਬਿਅਦਬੀਆਂ 'ਤੇ ਸਿਆਸਤ !

ਵਰ੍ਹੇ ਬੀਤ ਗਏ ਖਬਰਾਂ ਇਹ ਸੁਣਦਿਆਂ ਨੂੰ
ਬਣ ਗਈ 'ਸਿਟ' ਤੇ ਪੇਸ਼ ਚਲਾਣ ਹੋਇਆ।
'ਗੁਨਾਹ ਗਾਰ' ਹਨ ਕੌਣ ਇਹ ਜੱਗ ਜਾਣੇ
ਨਿਆਂ-ਪ੍ਰਬੰਧ ਹੀ ਲੱਗੇ ਅਣਜਾਣ ਹੋਇਆ।
'ਸਿਸਟਮ' ਅਤੇ 'ਸਟੇਟ' ਬਦਨੀਤ ਹੋ ਗਏ
ਜਾਣ ਬੁੱਝ ਕੇ ਪਾਇਆ ਘਸਮਾਣ ਹੋਇਆ।
ਕਿਉਂ ਨਾ ਲੋਕਾਂ ਨੂੰ ਗੁੱਸਾ ਫਿਰ ਚੜ੍ਹੇ ਯਾਰੋ
ਜਦੋਂ ਕੀਤੇ 'ਵਿਸ਼ਵਾਸ਼' ਦਾ ਘਾਣ ਹੋਇਆ।
ਉੱਥੇ 'ਅਰਥ' ਦਾ ਰਹਿਣਾ 'ਅਨਰਥ' ਹੁੰਦਾ
'ਬੌਣੇ' ਬੈਠਣ ਜਦ ਵੱਡੀਆਂ ਪਦਵੀਆਂ 'ਤੇ।
ਹੋਇਆ ਹਸ਼ਰ ਕੀ ਪਹਿਲਿਆਂ ਹਾਕਮਾਂ ਦਾ
ਸਿਆਸਤ ਕਰੀ ਹੈ ਜਿਨ੍ਹਾਂ ਬੇਅਦਬੀਆਂ 'ਤੇ।

-ਤਰਲੋਚਨ ਸਿੰਘ 'ਦੁਪਾਲ ਪੁਰ'
001-408-915-1268

ਨਵੇਂ ਫੌਜਦਾਰੀ ਕਾਨੂੰਨਾਂ ਸਮੇਤ ਹੋਰ ਕਾਲ਼ੇ ਕਾਨੂੰਨਾਂ ਤੇ ਸਾਮਰਾਜੀ ਮੁਲਕਾਂ ਨਾਲ ਕੀਤੀਆਂ ਦੇਸ਼-ਧ੍ਰੋਹੀ ਸੰਧੀਆਂ ਨੂੰ ਰੱਦ ਕਰਨ ਦੀ ਕੀਤੀ ਜਾਵੇਗੀ ਮੰਗ

# 15 ਅਗਸਤ ਨੂੰ ਲੋਕ ਜਥੇਬੰਦੀਆਂ ਕਰਨਗੀਆਂ ਸਾਂਝੇ ਮੁਜ਼ਾਹਰੇ



ਤਲਵੰਡੀ ਸਾਬੋ, 13 ਅਗਸਤ (ਗੁਰਜੰਟ ਸਿੰਘ ਨਥੇਹਾ)- 15 ਅਗਸਤ ਨੂੰ ਜਦੋਂ ਦੇਸ਼ ਭਰ ਅੰਦਰ ਸਰਕਾਰਾਂ ਵੱਲੋਂ ਆਜ਼ਾਦੀ ਤੇ ਜਮਹੂਰੀਅਤ ਦੇ ਦਾਅਵਿਆਂ ਨਾਲ ਖੁਸ਼ੀਆਂ ਮਨਾਈਆਂ ਜਾਣਗੀਆਂ ਤਾਂ ਪੰਜਾਬ ਦੀਆਂ ਲੋਕ ਜਥੇਬੰਦੀਆਂ ਵੱਲੋਂ ਨਵੇਂ ਫੌਜਦਾਰੀ ਕਾਨੂੰਨਾਂ ਸਮੇਤ ਸਭਨਾਂ ਕਾਲੇ ਕਾਨੂੰਨਾਂ ਅਤੇ ਸਾਮਰਾਜੀ ਮੁਲਕਾਂ ਦੀਆਂ ਮੜ੍ਹੀਆਂ ਜਾ ਰਹੀਆਂ ਨੀਤੀਆਂ ਖਿਲਾਫ ਪੰਜਾਬ ਭਰ ਅੰਦਰ ਜਨਤਕ ਰੋਸ ਮੁਜ਼ਾਹਰੇ ਕਰਕੇ ਜਨਤਕ ਸੰਘਰਸ਼ਾਂ ਨੂੰ ਡੱਕਣ ਦੇ ਨਵੇਂ ਹਕੂਮਤੀ ਕਦਮਾਂ ਖ਼ਿਲਾਫ਼ ਸਾਂਝੀ ਆਵਾਜ਼ ਉਠਾਈ ਜਾਵੇਗੀ। ਇਹ ਜਾਣਕਾਰੀ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਦੀ ਅਗਵਾਈ ਵਿੱਚ ਹੋਈ ਬਲਾਕ ਤਲਵੰਡੀ ਸਾਬੋ ਦੀ ਮੀਟਿੰਗ ਦੌਰਾਨ ਸਾਂਝੀ ਕੀਤੀ ਗਈ। ਜ਼ਿਲ੍ਹਾ ਆਗੂ ਨੇ ਕਿਹਾ ਕਿ ਮੋਦੀ ਸਰਕਾਰ ਨੇ ਪਿਛਲੇ ਸਾਲ ਪਾਸ ਕੀਤੇ ਨਵੇਂ ਫੌਜਦਾਰੀ ਕਾਨੂੰਨ ਹੁਣ ਇਕ ਜੁਲਾਈ ਤੋਂ ਲਾਗੂ ਕਰ ਦਿੱਤੇ ਹਨ। ਇਹਨਾਂ ਕਾਨੂੰਨਾਂ ਨੂੰ ਲਿਆਉਣ ਲਈ ਬਸਤੀਵਾਦੀ ਵਿਰਾਸਤ ਤੋਂ ਖਹਿੜਾ ਛਡਾਉਣ ਦਾ ਗੁਮਰਾਹਕੁੰਨ ਦਾਅਵਾ ਕੀਤਾ ਜਾ ਰਿਹਾ ਹੈ ਜਦ ਕਿ ਇਹ ਸਾਮਰਾਜੀ ਮੁਲਕਾਂ ਵੱਲੋਂ ਲਿਆਂਦੀਆਂ ਗਈਆਂ ਨੀਤੀਆਂ ਲਾਗੂ ਕਰਨ ਦਾ ਅਮਲ ਹੋਰ ਅੱਗੇ ਵਧਾਉਣ ਖਾਤਰ ਬਣਾਏ ਗਏ ਹਨ ਅਤੇ ਦੇਸ਼ ਉੱਤੇ ਸਾਮਰਾਜੀ ਲੁੱਟ 'ਤੇ ਦਾਬੇ ਨੂੰ ਹੋਰ ਮਜਬੂਤ ਕਰਨ ਦੇ ਸਾਧਨ ਵਜੋਂ ਲਿਆਂਦੇ ਗਏ ਹਨ। ਅਜੋਕੇ ਸਮੇਂ ਦੇਸ਼ ਦੇ ਹਾਕਮਾਂ ਨੇ ਨਿੱਜੀਕਰਨ ਵਪਾਰੀਕਰਨ ਦੀਆਂ ਨੀਤੀਆਂ ਤਹਿਤ ਦੇਸ਼ ਭਰ ਦੇ ਲੋਕਾਂ ਦੀ ਕਿਰਤ, ਜਲ, ਜੰਗਲ, ਜਮੀਨਾਂ ਤੇ ਹੋਰ ਸੋਮਿਆਂ ਦੀ ਅੰਨ੍ਹੀ ਲੁੱਟ ਮਚਾਈ ਹੋਈ ਹੈ। ਇਸ ਲੁੱਟ ਖਿਲਾਫ ਆਵਾਜ਼ ਉਠਾਉਂਦੇ ਲੋਕਾਂ ਦੀ ਜ਼ੁਬਾਨਬੰਦੀ ਲਈ ਅਤੇ ਲੋਕਾਂ ਦੇ ਹੱਕੀ ਸੰਘਰਸ਼ਾਂ ਨੂੰ ਦਬਾਉਣ ਲਈ ਲਗਾਤਾਰ ਨਵੇਂ ਜਾਬਰ ਕਾਨੂੰਨ ਬਣਾਏ ਜਾ ਰਹੇ ਹਨ ਤੇ ਪਹਿਲਾਂ ਹੀ ਮੌਜੂਦ ਯੂਏਪੀਏ, ਐਨਐਸਏ ਤੇ ਅਫਸਪਾ ਵਰਗੇ ਕਾਲੇ ਕਾਨੂੰਨਾਂ ਦੇ ਦੰਦ ਹੋਰ ਤਿੱਖੇ ਕੀਤੇ ਜਾ ਰਹੇ ਹਨ। ਅਜਿਹੇ ਜਾਬਰ ਕਨੂੰਨਾਂ ਦੀ ਲੰਮੀ ਲੜੀ 'ਚ ਵਾਧਾ ਕਰਦਿਆਂ ਹੁਣ ਫੌਜਦਾਰੀ ਕਾਨੂੰਨ ਬਦਲ ਕੇ ਨਵੇਂ ਕਾਨੂੰਨ ਲਿਆਂਦੇ ਗਏ ਹਨ ਜਿਹੜੇ ਲੋਕਾਂ ਦੇ ਸੰਘਰਸ਼ਾਂ ਨੂੰ ਕੁਚਲਣ ਲਈ ਰਾਜ ਤੇ ਪੁਲਿਸ ਨੂੰ ਅਥਾਹ ਜਾਬਰ ਸ਼ਕਤੀਆਂ ਦਿੰਦੇ ਹਨ। ਇਹ ਕਾਨੂੰਨ ਇਸ ਹਕੂਮਤ ਦੇ ਦੇਸ਼ ਧਰੋਹੀ ਅਮਲ ਦੀ ਗਵਾਹੀ ਹਨ ਜਦ ਕਿ ਇਹ ਹਕੂਮਤ ਹੱਕਾਂ ਲਈ ਲੜਨ ਵਾਲੇ ਲੋਕਾਂ ਨੂੰ ਦੇਸ਼ ਧਰੋਹੀ ਕਰਾਰ ਦੇ ਕੇ ਜਬਰ ਕਰ ਰਹੀ ਹੈ ਤੇ ਸਾਮਰਾਜੀ ਚਾਕਰੀ ਲਈ ਫਿਰਕੂ ਰਾਸ਼ਟਰਵਾਦ ਦੀ ਵਰਤੋਂ ਕਰ ਰਹੀ ਹੈ। ਆਗੂਆਂ ਨੇ ਕਿਹਾ ਕਿ ਸਾਮਰਾਜੀ ਮੁਲਕਾਂ ਵੱਲੋਂ ਆਰਥਿਕ ਸੁਧਾਰ ਕਹਿ ਕੇ ਮੜ੍ਹੀਆਂ ਜਾ ਰਹੀਆਂ ਨੀਤੀਆਂ ਦਾ ਇਹਨਾਂ ਕਾਨੂੰਨਾਂ ਨਾਲ ਰਿਸ਼ਤਾ ਪਛਾਨਣਾ ਸਾਰੇ ਮਿਹਨਤਕਸ਼ ਲੋਕਾਂ ਦੀ ਲੋੜ ਹੈ । ਮੀਟਿੰਗ ਵਿੱਚ ਸ਼ਾਮਲ ਆਗੂਆਂ ਨੇ ਕਿਹਾ ਕਿ 15 ਅਗਸਤ ਨੂੰ ਲੋਕ ਜੱਥੇਬੰਦੀਆ ਵੱਲੋਂ ਬਠਿੰਡਾ ਵਿੱਚ ਸਾਂਝਾ ਰੋਸ ਮੁਜ਼ਾਹਰਾ ਕਰਕੇ ਮੰਗ ਕੀਤੀ ਜਾਵੇਗੀ ਕਿ ਨਵੇਂ ਫੌਜਦਾਰੀ ਕਾਨੂੰਨਾਂ ਸਮੇਤ ਸਾਰੇ ਕਾਲ਼ੇ ਕਾਨੂੰਨ ਰੱਦ ਕੀਤੇ ਜਾਣ, ਇਹਨਾਂ ਕਾਲ਼ੇ ਕਾਨੂੰਨਾਂ ਤਹਿਤ ਗਿਰਫਤਾਰ ਕੀਤੇ ਬੁੱਧੀਜੀਵੀ ਤੇ ਜਮੂਹਰੀ ਹੱਕਾਂ ਦੇ ਕਾਰਕੁੰਨ ਰਿਹਾਅ ਕੀਤੇ ਜਾਣ, ਅਰੁੰਧਤੀ ਰਾਏ ਤੇ ਪ੍ਰੋ. ਸ਼ੌਕਤ ਹੁਸੈਨ ਖਿਲਾਫ ਕੇਸ ਚਲਾਉਣ ਦਾ ਫੈਸਲਾ ਰੱਦ ਕੀਤਾ ਜਾਵੇ, ਸਜ਼ਾਵਾਂ ਪੂਰੀਆਂ ਕਰ ਚੁੱਕੇ ਸਾਰੇ ਕੈਦੀ ਫੌਰੀ ਰਿਹਾਅ ਕੀਤੇ ਜਾਣ,ਸਾਮਰਾਜੀ ਮੁਲਕਾਂ ਨਾਲ ਕੀਤੀਆਂ ਸਾਰੀਆਂ ਦੇਸ਼ ਧ੍ਰੋਹੀ ਸੰਧੀਆਂ ਰੱਦ ਕੀਤੀਆਂ ਜਾਣ, ਸੰਸਾਰ ਵਪਾਰ ਸੰਸਥਾ ਸਮੇਤ ਸਾਰੀਆਂ ਸਾਮਰਾਜੀ ਸੰਸਥਾਵਾਂ ਤੋਂ ਬਾਹਰ ਆਇਆ ਜਾਵੇ ਅਤੇ ਨਵੀਆਂ ਆਰਥਿਕ ਨੀਤੀਆਂ ਰੱਦ ਕੀਤੀਆਂ ਜਾਣ। ਆਗੂਆਂ ਨੇ ਸਭਨਾਂ ਜਮਹੂਰੀ ਹਿੱਸਿਆਂ, ਬੁੱਧੀਜੀਵੀਆਂ ਤੇ ਖਰੀਆਂ ਦੇਸ਼ ਭਗਤ ਤਾਕਤਾਂ ਨੂੰ ਸੱਦਾ ਦਿੱਤਾ ਕਿ ਉਹ 15 ਅਗਸਤ ਨੂੰ ਕੀਤੇ ਜਾ ਰਹੇ ਇਸ ਮੁਜ਼ਾਹਰੇ ਵਿੱਚ ਵਧ ਚੜ੍ਹ ਕੇ ਸ਼ਾਮਿਲ ਹੋਣ। ਇਸ ਸਮੇਂ ਲੇਲੇਵਾਲਾ ਗੈਸ ਪਾਈਪ ਲਾਈਨ ਮੋਰਚੇ ਤੇ ਮੌੜ ਬਲਾਕ ਦੀ ਮੀਟਿੰਗ ਵੀ ਬਲਾਕ ਪ੍ਰਧਾਨ ਰਾਜਵਿੰਦਰ ਸਿੰਘ ਰਾਮਨਗਰ ਦੀ ਅਗਵਾਈ ਹੇਠ ਹੋਈ। ਇਸ ਸਮੇਂ ਜਸਵੀਰ ਸਿੰਘ ਬੁਰਜ ਸੇਮਾ, ਕਾਲਾ ਚੱਠੇਵਾਲਾ, ਗੁਰਦੀਪ ਮਾਈਸਰਖਾਨਾ, ਭੋਲਾ ਸਿੰਘ ਮਾੜੀ, ਅੰਮ੍ਰਿਤ ਮੌੜ, ਜੀਤੀ ਰਾਮਨਗਰ, ਗੁਰਜੀਤ ਸਿੰਘ ਬੰਗੇਹਰ, ਯੋਧਾ ਮਾਹੀਨੰਗਲ ਸ਼ਾਮਲ ਸਨ।

# ਆਜ਼ਾਦੀ ਦਿਵਸ ਤੇ ਇਨਸਾਫ ਲੈਣ ਲਈ ਸਿੱਖ ਕੌਮ ਲਾਏਗੀ ਧਰਨਾ



ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :— ਭਾਰਤ ਦੇਸ਼ ਦੀ ਆਜ਼ਾਦੀ ਵਿਚ 90 ਪ੍ਰਤੀਸ਼ਤ ਤੋਂ ਵੱਧ ਕੁਰਬਾਨੀਆਂ ਦੇਣ ਵਾਲੀ ਸਿੱਖ ਕੌਮ ਨੂੰ ਇਸ ਵਕਤ ਗੁਲਾਮ ਬਣਾ ਰੱਖਿਆ ਹੈ। ਇਹ ਵਿਚਾਰ ਸਾਂਝੇ ਕਰਦਿਆਂ ਲਖਬੀਰ ਸਿੰਘ ਮਹਾਲਮ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਨੇ ਕਿਹਾ ਕਿ ਮੈਂ ਸਮੂਹ ਨਾਨਕ ਨਾਮ ਲੇਵਾ ਸੰਗਤ, ਸਮੂਹ ਸਿੱਖ ਜਥੇਬੰਦੀਆਂ, ਕਿਸਾਨ ਜਥੇਬੰਦੀਆਂ ਅਤੇ ਪਿੰਡਾਂ ਦੇ ਪੰਚਾਂ ਸਰਪੰਚਾਂ ਨੂੰ ਬੇਨਤੀ ਕਰਦਾ ਹਾਂ ਕਿ 15 ਅਗਸਤ 1947 ਨੂੰ ਦੇਸ਼ ਆਜ਼ਾਦ ਹੋਇਆ ਸੀ, ਜਿਸ ਵਿਚ 90 ਫੀਸਦੀ ਤੋਂ ਵੱਧ ਸਿੱਖ ਕੌਮ ਨੇ ਕੁਰਬਾਨੀਆਂ ਕਰਕੇ ਦੇਸ਼ ਨੂੰ ਆਜ਼ਾਦ ਕਰਵਾਇਆ ਸੀ, 1947 ਨੂੰ ਜਦੋਂ ਦੇਸ਼ ਆਜ਼ਾਦ ਹੋ ਗਿਆ ਸੀ ਅਤੇ ਸਿੱਖ ਕੌਮ ਉਸ ਦਿਨ ਗੁਲਾਮ ਹੋ ਗਈ ਸੀ, ਜ਼ੋ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ 1984 ਵਿਚ ਢਾਹੁਣਾ ਅਤੇ ਦਰਬਾਰ ਸਾਹਿਬ ਤੇ ਫੌਜਾਂ ਚਾੜਨੀਆਂ ਅਤੇ ਦਿੱਲੀ ਦੀਆਂ ਗਲੀਆਂ ਵਿਚ ਸਿੱਖਾਂ ਦੇ ਗਲਾਂ ਵਿਚ ਟਾਇਰ ਪਾ ਕੇ ਅੱਗ ਲਗਾ ਕੇ ਸਾੜਿਆ ਗਿਆ, ਧੀਆਂ—ਭੈਣਾਂ ਦੀ ਇੰਜਤ ਲੁੱਟੀ ਗਈ, ਬਲਾਤਕਾਰ ਕੀਤੇ ਗਏ, ਉਸ ਤੋਂ ਬਾਅਦ ਪੰਜਾਬ ਵਿਚ ਝੂਠੇ ਮੁਕਾਬਲੇ ਬਣਾ ਕੇ ਨੌਜਵਾਨਾਂ ਨੂੰ ਸ਼ਹੀਦ ਕੀਤੇ ਗਏ। ਉਸ ਤੋਂ ਬਾਅਦ ਡੇਰਾ ਮੁਖੀ ਗੁਰਮੀਤ ਰਾਮ ਰਹੀਮ ਵੱਲੋਂ ਗੁਰੂ ਗੋਬਿੰਦ ਸਾਹਿਬ ਜੀ ਦਾ ਰੂਪ ਧਾਰਨ ਕਰਨ ਦੇ ਬਾਵਜੂਦ ਕੋਈ ਕਾਰਵਾਈ ਨਾ ਹੋਈ, ਸਾਲ 2015 ਵਿਚ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਨੂੰ ਚੋਰੀ ਕਰਕੇ ਉਸ ਦੇ ਅੰਗ ਗਲੀਆਂ ਵਿਚ ਖਿਲਾਰੇ ਜਾਣੇ, ਸ਼ਾਂਤਮਈ ਢੰਗ ਨਾਲ ਧਰਨੇ ਤੇ ਬੈਠੇ ਸਿੰਘਾਂ ਨੂੰ ਸ਼ਹੀਦ ਕਰਨਾ ਅਤੇ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋਈਆਂ ਬੇਦਬੀਆਂ ਦਾ ਅੱਜ ਤੱਕ ਇਨਸਾਫ ਨਾ ਮਿਲਣਾ ਅਤੇ ਬਾਅਦ ਵਿਚ ਭਾਈ ਅੰਮ੍ਰਿਤਪਾਲ ਸਿੰਘ ਪੰਜਾਬ ਦੀ ਧਰਤੀ ਤੇ ਆ ਕੇ ਅੰਮ੍ਰਿਤਪਾਲ ਕਰਵਾਨਾ ਪਰ ਉਸ ਤੇ ਝੂਠੇ ਕੇਸ ਪਾ ਕੇ ਡਬਰੂਗੜ੍ਹ ਜੇਲ੍ਹ ਵਿਚ ਭੇਜਣਾ ਅਤੇ ਬਾਅਦ ਵਿਚ ਪੰਜਾਬ ਵਿਚ ਸ਼ਾਂਤਮਈ ਢੰਗ ਨਾਲ ਧਰਨੇ ਤੇ ਬੈਠੇ ਸਿੰਘਾਂ ਤੇ ਝੂਠੇ ਕੇਸ ਦਰਜ ਕਰਨੇ, ਬਾਅਦ ਵਿਚ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਸ੍ਰੀ ਖਡੂਰ ਸਾਹਿਬ ਤੋਂ ਲੋਕਾਂ ਵੱਲੋਂ ਜਤਾਉਣ ਦੇ ਬਾਵਜੂਦ ਵੀ ਰਿਹਾਅ ਨਾ ਕਰਨਾ ਨੂੰ ਮੱਦੇਨਜ਼ਰ ਰੱਖਦੇ ਹੋਏ ਭਾਵੇਂ ਸਾਰਾ ਦੇਸ਼ ਆਜ਼ਾਦ ਦਿਵਸ ਮਨਾ ਰਿਹਾ ਹੈ, ਪਰ ਅਸੀਂ ਸਿੱਖਾਂ ਨੂੰ ਅੱਜ ਤੱਕ ਸੈਂਟਰ ਸਰਕਾਰ ਜਾਂ ਪੰਜਾਬ ਸਰਕਾਰ ਵੱਲੋਂ ਇਨਸਾਫ ਨਾ ਮਿਲਣ ਕਰਕੇ ਕਾਲੇ ਦਿਵਸ ਵਜੋਂ ਸ਼ਹੀਦ ਊਧਮ ਸਿੰਘ ਚੌਂਕ ਫ਼ਿਰੋਜ਼ਪੁਰ ਸ਼ਹਿਰ ਵਿਖੇ ਮਨਾ ਰਹੇ ਹਾਂ। ਉਨ੍ਹਾਂ ਕਿਹਾ ਕਿ ਇਸ ਦਿਨ ਅਸੀਂ ਹੱਥਾਂ ਵਿਚ ਕਾਲੇ ਝੰਡੇ ਫੜ ਕੇ ਸਾਰੀ ਕੌਮ ਵੱਲੋਂ ਸਵੇਰੇ 10 ਵਜੇ ਤੋਂ 12 ਵਜੇ ਤੱਕ ਪ੍ਰਦਰਸ਼ਨ ਕਰਾਂਗੇ ਅਤੇ ਜਿਨ੍ਹਾਂ ਚਿਰ ਸਾਨੂੰ ਇਨਸਾਫ ਨਹੀਂ ਮਿਲਦਾ, ਅਸੀਂ ਉਨ੍ਹਾਂ ਚਿਰ ਇਹ ਪ੍ਰਦਰਸ਼ਨ ਕਰਦੇ ਰਹਾਂਗੇ। ਉਨ੍ਹਾਂ ਕਿਹਾ ਕਿ ਇਸ ਲਈ ਸਿੱਖ ਕੌਮ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਗਿਣਤੀ ਵਿਚ ਸ਼ਿਰਕਤ ਕੀਤੀ ਜਾਵੇ। ਇਸ ਮੌਕੇ ਤੇ ਸੁਖਦੇਵ ਸਿੰਘ ਪੱਲਾ ਮੇਘਾ, ਸੰਤੋਖ ਸਿੰਘ ਬੱਗੇ ਪਿੱਪਲ,ਸੁਖਦੇਵ ਸਿੰਘ,ਅਮਰੀਕ ਸਿੰਘ ਛੂਛਕ,ਪਰਮਜੀਤ ਸਿੰਘ ਮਨਸੂਰਦੇਵਾ,ਹਰਜੀਤ ਸਿੰਘ ਹਰਦਾਸਾ,ਸੁਖਮੰਦਰ ਸਿੰਘ ਹੋਲਾਂਵਾਲੀ, ਕੁਲਵੰਤ ਸਿੰਘ ਗਾਦੜੀਵਾਲਾ, ਗੁਰਭੇਜ਼ ਸਿੰਘ ਜੈਮਲਵਾਲਾ, ਬਲਕਾਰ ਸਿੰਘ ਫ਼ਿਰੋਜ਼ਪੁਰ, ਟਹਿਲ ਸਿੰਘ ਸ਼ੇਰਖਾਂ, ਬਲਕਾਰ ਸਿੰਘ ਇਲਮੇਵਾਲਾ, ਸੁੱਖਾਂ ਸਿੰਘ ਮਹਾਲਮ, ਹਰਜੀਤ ਸਿੰਘ ਮਹਾਲਮ, ਹਰਮੇਸ਼ ਸਿੰਘ ਮਹਾਲਮ, ਛਿੰਦਰ ਸਿੰਘ ਮਹਾਲਮ, ਜਗਤਾਰ ਸਿੰਘ ਮਹਾਲਮ ਆਦਿ ਮੀਟਿੰਗ ਵਿਚ ਸ਼ਾਮਲ ਸਨ।

# ਗੰਭੀਰ ਅਪਰਾਧਾਂ ਦੇ ਦੋਸ਼ੀ ਰਾਮ ਰਹੀਮ ਨੂੰ ਮੁੜ ਫਰਲੋ ਦੇਣੀ ਅਤੇ ਬੰਦੀ ਸਿੰਘਾਂ ਦੇ ਮਾਮਲੇ ਅਖੌਂ ਪਰੋਖੇ ਕਰਣਾ ਸਿੱਖ ਪੰਥ ਨਾਲ ਵੱਡਾ ਵਿਸਾਹਘਾਤ : ਬੀਬੀ ਰਣਜੀਤ ਕੌਰ /ਪਰਮਜੀਤ ਸਿੰਘ ਵੀਰ ਜੀ



ਨਵੀਂ ਦਿੱਲੀ 13 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਵਾਰ ਵਾਰ ਜੇਲ੍ਹ 'ਚੋਂ ਪੈਰੋਲ ਮਿਲਣ 'ਤੇ ਇੱਕ ਵਾਰ ਫਿਰ ਵਿਵਾਦ ਛਿੜ ਗਿਆ ਹੈ, ਕਤਲ ਤੇ ਬਲਾਤਕਾਰ ਵਰਗੇ ਸੰਗੀਨ ਦੋਸ਼ਾਂ ਤਹਿਤ ਜੇਲ੍ਹ 'ਚ ਸਜ਼ਾ ਕੱਟ ਰਹੇ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ 10ਵੀਂ ਵਾਰ ਮੁੜ ਪੈਰੋਲ ਮਿਲਣ 'ਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਮਹਿਲਾਂ ਵਿੰਗ ਦੇ ਮੁੱਖੀ ਬੀਬੀ ਰਣਜੀਤ ਕੌਰ ਅਤੇ ਪੰਥਕ ਆਗੂ ਭਾਈ ਪਰਮਜੀਤ ਸਿੰਘ ਵੀਰ ਜੀ ਨੇ ਸਖ਼ਤ ਇਤਰਾਜ਼ ਜਤਾਇਆ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰਾਂ ਦੀ ਇਹ ਦੋਹਰੀ ਨੀਤੀ ਸਿੱਖਾਂ ਅੰਦਰ ਬੇਵਿਸ਼ਵਾਸੀ ਦਾ ਮਾਹੌਲ ਸਿਰਜ ਰਹੀ ਹੈ, ਕਾਤਲ ਅਤੇ ਬਲਾਤਕਾਰ ਦੇ ਸੰਗੀਨ ਜੁਲਮਾਂ ਦੇ ਦੋਸ਼ੀ ਸੌਦਾ ਸਾਧ ਗੁਰਮੀਤ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ ਦਿੱਤੀ ਜਾ ਰਹੀ ਹੈ, ਪਰੰਤੂ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਸੇ ਤੋਂ ਸਿੱਖ ਕੌਮ ਵੱਲੋਂ ਉਠਾਈ ਜਾ ਰਹੀ ਅਵਾਜ਼ ਸਰਕਾਰਾਂ ਨੂੰ ਸੁਣ ਨਹੀਂ ਰਹੀ। ਉਨ੍ਹਾਂ ਨੇ ਕਿਹਾ ਕਿ ਆਪਣੇ ਸਿਆਸੀ ਹਿੱਤਾਂ ਲਈ ਸਰਕਾਰਾਂ ਵੱਲੋਂ ਗੁਰਮੀਤ ਰਾਮ ਰਹੀਮ ਦੇ ਘਿਨੌਣੇ ਅਪਰਾਧਾਂ ਨੂੰ ਅੱਖੋਂ-ਓਹਲੇ ਕਰਕੇ ਉਸ ਨੂੰ ਬਾਰ-ਬਾਰ ਛੱਡਿਆ ਜਾਣਾ ਸਿੱਖਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਉਣ ਵਾਲਾ ਹੈ, ਜੋ ਦੇਸ਼ ਲਈ ਠੀਕ ਨਹੀਂ ਹੈ।

# ਓਲੰਪਿਕ ਵਿੱਚ ਹਾਕੀ ਦੀ ਜਿੱਤ ਨੇ ਪੰਜਾਬੀਆਂ ਦਾ ਮਾਣ ਵਧਾਇਆ : ਚੇਅਰਮੈਨ ਘੁੱਲੀ



ਧੂਰੀ ( ਰਣਜੀਤ ਸਿੰਘ ਪੇਧਨੀ ) ਪੈਰਿਸ ਵਿੱਚ ਹੋਈਆਂ ਓਲੰਪਿਕ ਖੇਡਾਂ ਵਿੱਚ ਭਾਵੇਂ ਅਸੀਂ ਹੋਰ ਵੀ ਖੇਡਾਂ ਵਿੱਚ ਮੈਡਲ ਜਿੱਤੇ ਹਨ । ਪਰ ਜੋ ਖੁਸ਼ੀ ਹਾਕੀ ਵਿੱਚ ਮੈਡਲ ਜਿੱਤ ਕੇ ਹੋਈ ਹੈ ਉਹ ਦੇਸ਼ ਤੋਂ ਖਾਸ ਕਰ ਪੰਜਾਬ ਤੋਂ ਸੰਭਾਲੀ ਨਹੀਂ ਜਾ ਰਹੀ। ਜਿਸ ਕਰਕੇ ਥਾਂ ਥਾਂ ਤੇ ਹਾਕੀ ਖਿਡਾਰੀਆਂ ਦਾ ਸਨਮਾਨ ਕੀਤਾ ਜਾ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ । ਉਨ੍ਹਾਂ ਕਿਹਾ ਕਿ ਅਸੀਂ ਪਹਿਲਾਂ ਤਾਂ ਕਈ ਦੇਸ਼ਾਂ ਦੀਆਂ ਟੀਮਾਂ ਨੂੰ ਹਰਾ ਕੇ ਸੈਮੀ ਫਾਈਨਲ ਤੱਕ ਪਹੁੰਚ ਜਾਂਦੇ ਹਾਂ। ਪਰ ਮੈਡਲ ਤੋਂ ਵਾਂਝੇ ਰਹਿ ਜਾਂਦੇ ਹਾਂ, ਪਰ ਇਸ ਵਾਰ ਸਾਡੀ ਹਾਕੀ ਟੀਮ ਨੇ ਜੀ ਜਾਨ ਨਾਲ ਖੇਡ ਕੇ ਤਗਮਾ ਹਾਸਲ ਕਰਕੇ ਜਿੱਥੇ ਉਨ੍ਹਾਂ ਆਪ ਡਾਢੀ ਖੁਸ਼ੀ ਪ੍ਰਾਪਤ ਕੀਤੀ ਉੱਥੇ ਉਹਨਾਂ ਦੇਸ਼ ਅਤੇ ਪੰਜਾਬ ਦਾ ਵੀ ਨਾ ਚਮਕਾਇਆ ਹੈ । ਜਿਕਰਯੋਗ ਹੈ ਕਿ ਹਾਕੀ ਦੀ ਖੇਡ ਵਿੱਚ ਬਹੁਤੇ ਖਿਡਾਰੀ ਪੰਜਾਬੀ ਹਨ ਜਿਸ ਕਰਕੇ ਪੰਜਾਬ ਦੇ ਕਈ ਸ਼ਹਿਰਾਂ ਵਿੱਚ ਉਹਨਾਂ ਦਾ ਮਾਣ ਸਨਮਾਨ ਹੋ ਰਿਹਾ ਹੈ। ਉਹਨਾਂ ਇਸ ਗੱਲ ਤੇ ਵੀ ਖੁਸ਼ੀ ਜਾਹਰ ਕੀਤੀ ਕਿ ਹਾਕੀ ਟੀਮ ਦੇ ਸਾਰੇ ਪੰਜਾਬੀ ਖਿਡਾਰੀ ਪਹਿਲਾਂ ਗੁਰੂ ਰਾਮਦਾਸ ਸਾਹਿਬ ਦੇ ਦਰ ਤੇ ਪਹੁੰਚ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਹੈ। ਇਸ ਮੌਕੇ ਦਿਲਰਾਜ ਦੋਰਾਹਾ, ਆਪ ਆਗੂ ਕੁਲਦੀਪ ਸਿੰਘ ਬੁੱਟਰ, ਆਪ ਆਗੂ ਨਾਹਰ ਸਿੰਘ ਮੀਮਸਾ,ਆਪ ਆਗੂ ਮਾਣਾ ਗਰੇਵਾਲ, ਆਪ ਆਗੂ ਭਿੰਦਾ ਵਿਰਕ ,ਆਪ ਆਗੂ ਅਰਵਿੰਦ ਸਰਮਾ ਨਾਭਾ, ਆਪ ਆਗੂ ਰਾਜ ਸਿੰਘ ਮਾਨਾ, ਆਪ ਆਗੂ ਬਿੱਲਾ ਸਾਹੀਵਾਲ ਹਾਜ਼ਰ ਸਨ।

# ਵਰਦਾਨ ਸੋਸ਼ਲ ਤੇ ਵੈਲਫੇਅਰ ਸੁਸਾਇਟੀ ਨੇ ਲਾਇਆ ਬੀ.ਪੀ ਤੇ ਸ਼ੂਗਰ ਚੈਕਅਪ ਕੈਂਪ



ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :— ਵਰਦਾਨ ਸੋਸ਼ਲ ਅਤੇ ਵੈਲਫੇਅਰ ਸੋਸਾਇਟੀ ਫ਼ਿਰੋਜ਼ਪੁਰ ਵੱਲੋਂ ਪ੍ਰੀਤ ਨਗਰ ਦੇ ਪਾਰਕ ਵਿਚ ਬੀ.ਪੀ ਅਤੇ ਸ਼ੂਗਰ ਦਾ ਮੁਫਤ ਚੈਕਅਪ ਕੈਂਪ ਲਾਇਆ ਗਿਆ। ਇਸ ਦੌਰਾਨ ਹਾਜ਼ਰੀਨ ਜ਼ੋ ਪਾਰਕ ਵਿਚ ਯੋਗਾ ਅਤੇ ਸੈਰ ਕਰ ਰਹੇ ਸਨ ਦਾ ਬੀ.ਪੀ ਅਤੇ ਸ਼ੂਗਰ ਦਾ ਚੈਕਅਪ ਕਰਨ ਉਪਰੰਤ ਉਨ੍ਹਾਂ ਨਾਲ ਅਜਿਹੀਆਂ ਬਿਮਾਰੀਆਂ ਦੇ ਸਮਾਧਾਨ ਬਾਰੇ ਵਿਸਥਾਰਤ ਵਿਚਾਰ ਚਰਚਾ ਕੀਤੀ ਗਈ। ਇਸ ਕੈਂਪ ਦੌਰਾਨ ਅਠੱਤਰ ਲੋਕਾਂ ਦੀ ਜਾਂਚ ਕੀਤੀ ਗਈ। ਸੁਸਾਇਟੀ ਦੇ ਪ੍ਰਧਾਨ ਅਸ਼ੋਕ ਸੇਤੀਆ, ਤਰਸੇਮ ਗਰੋਵਰ, ਹਰੀ ਓਮ ਚੋਪੜਾ, ਅਜੇ ਚੁੱਘ, ਕੁਲਦੀਪ ਰਾਏ ਬਜਾਜ, ਪ੍ਰਦੀਪ ਚਾਨਣਾ, ਧੀਰਜ ਆਨੰਦ, ਸੁਖਵਿੰਦਰ ਸਿੰਘ, ਮਨੋਜ਼, ਸੁਰਿੰਦਰ ਸਿੰਗਲਾ ਵੀ ਮੌਕੇ ਤੇ ਸ਼ਾਮਲ ਸਨ। ਇਸ ਤੋਂ ਇਲਾਵਾ ਪ੍ਰਮੋਦ ਕਪੂਰ ਅਤੇ ਸ੍ਰੀਮਤੀ ਅੰਜੂ ਸਚਦੇਵਾ ਟਰੇਨਰ ਦਾ ਇਸ ਕੈਂਪ ਵਿਚ ਵਿਸ਼ੇਸ਼ ਯੋਗਦਾਨ ਰਿਹਾ।

# ਪੰਜਾਬ ਫੌਰੈਸਟ ਪੈਨਸ਼ਨਰ ਐਸੋਸੀਏਸ਼ਨ ਦੀ ਹੋਈ ਮੀਟਿੰਗ



ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :— ਪੰਜਾਬ ਫੌਰੈਸਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਅਤੇ ਵਣ ਸੇਵਾਵਾਂ ਸੇਵਾ ਮੁਕਤ ਦੀ ਜਰੂਰੀ ਮੀਟਿੰਗ ਅੱਜ ਵਣ ਮੰਡਲ ਲੁਧਿਆਣਾ ਦੇ ਰੈਸਟ ਹਾਊਸ ਵਿਚ ਹੋਈ ਜਿਸ ਦੀ ਪ੍ਰਧਾਨਗੀ ਬਲਵਿੰਦਰ ਸਿੰਘ ਸੰਧੂ ਅਤੇ ਬਲਬੀਰ ਸਿੰਘ ਢਿੱਲੋਂ ਵੱਲੋਂ ਕੀਤੀ ਗਈ। ਇਸ ਦੌਰਾਨ ਪੰਜਾਬ ਦੇ ਵੱਖ—ਵੱਖ ਜਿਲ੍ਹਿਆਂ ਦੇ ਵਣ ਪੈਨਸ਼ਨਰ ਹਾਜ਼ਰ ਹੋਏ ਅਤੇ ਮੀਟਿੰਗ ਵਿਚ ਵਣ ਪੈਨਸ਼ਨਰ ਦੇ ਬਣਦੇ ਸੇਵਾ ਲਾਭ ਜਿਵੇ ਗਰੇਚਟੀ, ਮ੍ਰਿਤਕ ਮੁਲਾਜ਼ਮਾਂ ਦੇ ਪਰਿਵਾਰਾਂ ਨੂੰ ਨੌਕਰੀਆਂ ਦੇਣ ਸਾਂਝੇ ਮੋਰਚੇ ਵਿੱਚ ਸ਼ਮੂਲੀਅਤ ਆਦਿ ਬਾਰੇ ਵਿਚਾਰਾਂ ਹੋਈਆਂ। ਇਸ ਮੌਕੇ ਦੋਵੇਂ ਪ੍ਰਧਾਨਾਂ ਨੇ ਕਮੇਟੀਆਂ ਭੰਗ ਕਰਕੇ 13 ਮੈਂਬਰੀ ਅਧੋਕ ਕਮੇਟੀ ਬਣਾਈ ਗਈ, ਜਿਸ ਵਿੱਚ ਪ੍ਰਧਾਨ ਜਗਤਾਰ ਸਿੰਘ ਸਰਵਾਨਾ, ਜਨਰਲ ਸਕੱਤਰ ਮੁਹਿੰਦਰ ਸਿੰਘ ਧਾਲੀਵਾਲ ਫਿਰੋਜ਼ਪੁਰ, ਵਿੱਤ ਸਕੱਤਰ ਬਲਬੀਰ ਸਿੰਘ ਢਿੱਲੋਂ, ਮੈਂਬਰ ਅਮਰਜੀਤ ਸਿੰਘ ਪਟਿਆਲਾ, ਬਲਵਿੰਦਰ ਕੁਮਾਰ ਸੈਣੀ ਹੁਸ਼ਿਆਰਪੁਰ, ਸਤਪਾਲ ਸਿੰਘ ਜਲੰਧਰ, ਬਲਜੀਤ ਸਿੰਘ ਕੰਗ, ਬਲਵਿੰਦਰ ਸਿੰਘ ਸੰਧੂ, ਮਲਕੀਤ ਸਿੰਘ ਅਨੰਦਪੁਰ ਸਾਹਿਬ, ਰਸ਼ਪਾਲ ਸਿੰਘ ਬਠਿੰਡਾ, ਜਗਦੀਪ ਸਿੰਘ ਢਿੱਲੋਂ, ਭਜਨ ਸਿੰਘ ਸੰਗਰੂਰ, ਪਵਨ ਕੁਮਾਰ ਪੁਰੀ ਪਟਿਆਲਾ ਦੀ ਚੋਣ ਕੀਤੀ ਗਈ। ਅੰਤ ਵਿੱਚ ਸੂਬਾ ਪ੍ਰਧਾਨ ਜਗਤਾਰ ਸਿੰਘ ਸਰਵਨਾ ਬਠਿੰਡਾ ਨੇ ਹਾਜ਼ਰ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਸਾਂਝੇ ਘੋਲਾਂ ਵਿਚ ਸ਼ਾਮਲ ਹੋਣ ਦਾ ਵਿਸ਼ਵਾਸ ਦਵਾਇਆ। ਗੱਲਬਾਤ ਕਰਦਿਆਂ ਮਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਨੇ ਦੱਸਿਆ ਕਿ ਨਵੀਂ ਐਸੋਸੀਏਸ਼ਨ ਦਾ ਨਾਮ ਪੰਜਾਬ ਫੌਰੈਸਟ ਪੈਨਸ਼ਨਰ ਐਸੋਸੀਏਸ਼ਨ ਰੱਖਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਸਪੱਸ਼ਟ ਦ੍ਰਿਸ਼ਟੀ ਪ੍ਰੋਜੈਕਟ ਤਹਿਤ ਰੋਟਰੀ ਕਲੱਬ ਫਿਰੋਜਪੁਰ ਕੈਂਟ ਨੇ ਕੀਤੀ ਨਿਵੇਕਲੀ ਪਹਿਲ

# ਐਚ.ਐਮ.ਡੀ.ਏ.ਵੀ ਸਕੂਲ 'ਚ ਅੱਖਾਂ ਦਾ ਚੈਕਅਪ ਕੈਂਪ ਲਗਾਇਆ

**ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :—** ਰੋਟਰੀ ਕਲੱਬ ਫਿਰੋਜਪੁਰ ਕੈਂਟ ਨੇ ਸਮਾਜ ਸੇਵੀ ਵਿਪੁਲ ਨਾਰੰਗ ਦੇ ਸਹਿਯੋਗ ਨਾਲ ਐਚ.ਐਮ.ਡੀ.ਏ.ਵੀ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਦੀਆਂ ਅੱਖਾਂ ਦੇ ਚੈਕਅਪ ਤੇ ਐਨਕਾਂ ਲਗਾਉਣ ਦਾ ਵਿਸ਼ੇਸ਼ ਕੈਂਪ ਸਪੱਸ਼ਟ ਦ੍ਰਿਸ਼ਟੀ ਪ੍ਰਾਜੈਕਟ ਤਹਿਤ ਪ੍ਰਧਾਨ ਰਾਹੁਲ ਕੱਕੜ ਦੀ ਅਗਵਾਈ ਹੇਠ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਰਾਹੁਲ ਕੱਕੜ ਨੇ ਦੱਸਿਆ ਕਿ ਕੈਂਪ ਦੌਰਾਨ 400 ਤੋਂ ਵੱਧ ਵਿਦਿਆਰਥੀਆਂ ਦੀਆਂ ਅੱਖਾਂ ਦਾ ਚੈਕਅਪ ਡਿਜੀਟਲ ਅਤੇ ਮੈਨੁਅਲ ਦੋਵੇਂ ਤਰੀਕਿਆਂ ਨਾਲ ਕੀਤਾ ਗਿਆ, ਜਿਸ ਵਿਚ 90 ਤੋਂ ਵੱਧ ਵਿਦਿਆਰਥੀਆਂ ਦੀਆਂ ਨਿਗ੍ਹਾ ਕਮਜ਼ੋਰ ਆਈ, ਜਿਨ੍ਹਾਂ ਨੂੰ ਸੁਤੰਤਰਤਾ ਦਿਵਸ ਮੌਕੇ ਤੇ ਐਨਕਾਂ ਵੰਡੀਆਂ ਜਾਣਗੀਆਂ। ਇਸ ਕੈਂਪ ਵਿਚ ਅਸ਼ੋਕ ਬਹਿਲ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਅਤੇ ਅਸਿਸਟੈਂਟ ਗਵਰਨਰ ਕਮਲ ਸ਼ਰਮਾ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ। ਸਕੂਲ ਪ੍ਰਿੰਸੀਪਲ ਅਨੂਪ ਚੌਹਾਨ ਨੇ ਆਏ ਮਹਿਮਾਨਾਂ ਦਾ ਸੁਆਗਤ ਕਰਦਿਆਂ ਕਿਹਾ ਕਿ ਸਕੂਲ ਦੇ ਬੱਚਿਆਂ ਦੀ ਮੱਦਦ ਲਈ ਰੋਟਰੀ ਕਲੱਬ ਵੱਲੋਂ ਪਾਏ ਜਾ ਰਹੇ ਸਹਿਯੋਗ ਲਈ ਉਹ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਇਸ ਇਲਾਕੇ ਵਿੱਚ ਸਿਹਤ ਸਹੂਲਤਾਂ ਦੀ ਕਮੀ ਹੋਣ ਕਾਰਨ ਆਮ ਲੋਕਾਂ ਨੂੰ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਜਿਸ ਕਾਰਨ ਅਜਿਹੇ ਮੈਡੀਕਲ ਕੈਂਪ ਇਨ੍ਹਾਂ ਲਈ ਵਰਦਾਨ ਸਾਬਿਤ ਹੁੰਦੇ ਹਨ। ਗੱਲਬਾਤ ਕਰਦਿਆਂ ਵਿਪੁਲ ਨਾਰੰਗ ਨੇ ਕਿਹਾ ਕਿ ਉਨ੍ਹਾਂ ਵਲੋਂ ਸਪੱਸ਼ਟ ਦ੍ਰਿਸ਼ਟੀ ਪ੍ਰੋਜੈਕਟ ਤਹਿਤ ਲੋੜਵੰਦ ਵਿਦਿਆਰਥੀਆਂ ਦੀ ਨਿਗ੍ਹਾ ਦੀ ਕਮਜ਼ੋਰੀ ਪੜ੍ਹਾਈ ਵਿਚ ਰੁਕਾਵਟ ਨਾ ਬਣੇ ਇਸ ਉਦੇਸ਼ ਨੂੰ ਲੈ ਕੇ ਇਹ ਪ੍ਰਾਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਵੱਖ—ਵੱਖ ਸਕੂਲਾਂ ਵਿਚ ਜਾ ਕੇ ਅਜਿਹੇ ਅੱਖਾਂ ਦੇ ਚੈਕਅਪ ਕੈਂਪ ਲਗਾਏ ਜਾ ਰਹੇ ਹਨ ਤੇ ਵਿਦਿਆਰਥੀਆਂ ਨੂੰ ਐਨਕਾਂ ਵੰਡੀਆਂ ਜਾ ਰਹੀਆਂ ਹਨ। ਅੱਖਾਂ ਦੀ ਚੈਕਅਪ ਦੇ ਮਾਹਿਰ ਭਰਤ ਅਹੂਜਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਕੂਲਾਂ ਵਿਚ ਲਾਏ ਕੈਂਪ ਦੌਰਾਨ ਵੱਡੀ ਗਿਣਤੀ ਕਮਜ਼ੋਰ ਨਿਗ੍ਹਾ ਵਾਲੇ ਵਿਦਿਆਰਥੀਆਂ ਦਾ ਮਿਲਣਾ ਚਿੰਤਾਜਨਕ ਵਿਸ਼ਾ ਹੈ, ਜਿਸ ਪਰ ਪਰਿਵਾਰਕ ਮੈਂਬਰਾਂ ਨੂੰ ਗੰਭੀਰਤਾ ਨਾਲ ਸੋਚਣਾ ਚਾਹੀਦਾ ਹੈ। ਇਸ ਸਬੰਧੀ ਵਿਦਿਆਰਥੀਆਂ ਦੀ ਜੀਵਨ ਸ਼ੈਲੀ ਅਤੇ ਖੁਰਾਕ ਸਬੰਧੀ ਆਏ ਬਦਲਾਅ ਪ੍ਰਤੀ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਦੀ ਵੱਡੀ ਜ਼ਰੂਰਤ ਹੈ। ਇਸ ਮੌਕੇ ਵਿਦਿਆਰਥੀਆਂ ਨੂੰ ਮੋਬਾਇਲ ਫੋਨ ਅਤੇ ਟੀ.ਵੀ ਦੀ ਸਕਰੀਨ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕੀਤਾ। ਕੈਂਪ ਦੇ ਅੰਤ ਵਿਚ ਸਕੂਲ ਪ੍ਰਿੰਸੀਪਲ ਅਤੇ ਸਟਾਫ ਵੱਲੋਂ ਰੋਟਰੀ ਕਲੱਬ ਫਿਰੋਜਪੁਰ ਕੈਂਟ ਦੇ ਪ੍ਰਧਾਨ ਰਾਹੁਲ ਕੱਕੜ ਅਤੇ ਵਿਪੁਲ ਨਾਰੰਗ ਦਾ ਸਹਿਯੋਗ ਲਈ ਧੰਨਵਾਦ ਕਰਦਿਆਂ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਸੀਨੀਅਰ ਰੋਟੇਰੀਅਨ ਅਸ਼ੋਕ ਬਹਿਲ, ਪ੍ਰਧਾਨ ਰਾਹੁਲ ਕੱਕੜ, ਡਾ: ਕੋਹਲੀ, ਡਾ: ਅਨਿਲ ਚੋਪੜਾ, ਰੋਟੇਰੀਅਨ ਦਸ਼ਮੇਸ਼ ਸੇਠੀ, ਰੋਟੇਰੀਅਨ ਬੀ.ਐਸ.ਸੰਧੂ, ਹਰਵਿੰਦਰ ਘਈ, ਗੁਲਸ਼ਨ ਸਚਦੇਵਾ, ਕਪਿਲ ਟੰਡਨ, ਅਸ਼ਵਨੀ ਗਰੋਵਰ, ਵਿਪੁਲ ਨਾਰੰਗ, ਸ਼ਿਵਮ ਬਜਾਜ, ਸੁਖਦੇਵ ਸ਼ਰਮਾ, ਰਾਜੇਸ਼ ਮਲਿਕ, ਬੋਹੜ ਸਿੰਘ, ਸੰਜੀਵ ਅਰੋੜਾ, ਭਗਵੰਤ ਸਿੰਘ, ਸੋਮਿਲ ਉਪਲ, ਸਕੱਤਰ ਸੁਬੋਧ ਮੈਣੀ ਹਾਜ਼ਰ ਸਨ।



### ਰੰਗ ਬਰੰਗੀਆਂ ਪੋਸ਼ਾਕਾਂ ਚ ਸਜੀਆਂ ਮੁਟਿਆਰਾਂ, ਭਰਾਵਾਂ ਵੱਲੋਂ ਭੈਣਾਂ ਲਈ ਸੁਧਾਰਾਂ ਲੈ ਕੇ ਆਉਣਾ ਬਣੇ ਮੇਲੇ ਵਿਚ ਖਿੱਚ ਦਾ ਕੇਂਦਰ

# ਵਿਰਸੇ ਅਤੇ ਸੱਭਿਆਚਾਰ ਦੀ ਬਾਤ ਪਾਉਂਦਾ ਵਿਲੱਖਣ ਪੈੜਾਂ ਛੱਡ ਗਿਆ ਤੀਆਂ ਦਾ ਮੇਲਾ

**ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :—** ਧੀਆਂ ਦਾ ਸਤਿਕਾਰ ਵੈਲਫੇਅਰ ਸੁਸਾਇਟੀ ਵੱਲੋਂ ਹਰ ਸਾਲ ਦੀ ਤਰਾਂ ਇਸ ਸਾਲ ਵੀ ਕਰਮਜੀਤ ਕੌਰ ਬਰਾੜ ਅਤੇ ਭਿੰਦਰ ਭੁੱਲਰ ਦੀ ਅਗਵਾਈ ਹੇਠ ਵੱਡੀ ਗਿਣਤੀ ਚ ਇਕੱਤਰ ਮੁਟਿਆਰਾਂ ਅਤੇ ਔਰਤਾਂ ਨੇ ਹੋਟਲ ਐਚ 3 ਫਿਰੋਜ਼ਪੁਰ ਸ਼ਹਿਰ ਅੰਦਰ ਪੂਰੀ ਧੂਮ ਧਾਮ ਅਤੇ ਚਾਵਾਂ ਨਾਲ ਤੀਆਂ ਦਾ ਮੇਲਾ ਮਨਾਇਅਹ। ਮੇਲੇ ਚ ਪਹੁੰਚੀਆਂ ਮੁਟਿਆਰਾਂ ਜਿੱਥੇ ਲਾਲ ਪੀਲੇ ਹਰੇ ਰੰਗ ਬਿਰੰਗੇ ਪੰਜਾਬੀ ਪਹਿਰਾਵਿਆਂ ਵਾਲੇ ਸੂਟਾਂ ਚ ਸਜੀਆਂ ਹੋਈਆਂ ਸਨ ਉਥੇ ਉਨ੍ਹਾਂ ਵੱਲੋਂ ਪਾਈਆਂ ਪਰਾਂਦੀਆਂ, ਲਾਈਆਂ ਸੱਗੀਆਂ, ਕਾਂਟੇ, ਜੁਗਨੀ, ਹਾਰਾਂ ਵਾਲੇ ਗਹਿਣੇ ਸਭ ਦੇ ਮਨ ਨੂੰ ਭਾ ਰਹੇ ਸਨ ਤੇ ਪੁਰਾਣੇ ਪੰਜਾਬ ਦੀਆਂ ਯਾਦਾਂ ਤਾਜ਼ਾ ਕਰ ਰਹੇ ਸਨ। ਮੇਲੇ ਚ ਗਾਉਣ, ਨੱਚਣ, ਕੋਰੀਓਗ੍ਰਾਫੀ, ਖੁੱਲਾ ਗਿੱਧਾ, ਡਾਂਸ, ਸਕਿਟਾਂ ਜਿੱਥੇ ਕਰਵਾ ਗਈਆਂ ਉਥੇ ਤੀਆਂ ਦੀ ਰਾਣੀ ਖਿਤਾਬ ਲਈ ਜਿਲਾ ਪਧਰੀ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਮੁਟਿਆਰਾਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਜਿੱਤਾਂ ਦਰਜ ਕੀਤੀਆਂ ਜੋ ਮੇਲੇ ਦੀ ਵੱਖਰੀ ਦਿਖ ਦਾ ਸਬੂਤ ਹੋ ਨਿਬੜਿਆ। ਮੇਲੇ ਨੂੰ ਵਿਰਸੇ ਅਤੇ ਸੱਭਿਆਚਾਰ ਦੇ ਰੰਗ ਵਿੱਚ ਰੰਗਣ ਲਈ ਉੱਘੀ ਪੰਜਾਬੀ ਗਾਇਕਾ ਐਸ ਕੌਰ ਘੋਲੀਆ ਪਹੁੰਚੇ ਹੋਏ ਸਨ ਜਿੰਨਾਂ ਨੇ ਆਪਣੀ ਬੁਲੰਦ ਆਵਾਜ਼ ਵਿੱਚ ਟੱਪੇ, ਸਿੱਠਣੀਆਂ, ਘੋੜੀਆਂ, ਸੁਹਾਗ, ਲੰਮੀ ਹੇਕ ਵਾਲੇ ਗੀਤਾਂ ਤੋਂ ਇਲਾਵਾ ਆਧੁਨਿਕਤਾ ਸਮੇਂ ਚ ਚਲਦੇ ਗੀਤਾਂ ਨੂੰ ਵੀ ਆਪਣੀ ਆਵਾਜ਼ ਦੇ ਕੇ ਹਰੇਕ ਮੇਲੀ ਦੇ ਦਿਲ ਨੂੰ ਟੁੰਬਿਆ ਅਤੇ ਮੇਲੇ ਨੂੰ ਲੁੱਟਿਆ।

ਮੇਲੇ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਦੀ ਧਰਮ ਪਤਨੀ ਬੀਬੀ ਇੰਦਰਜੀਤ ਕੌਰ ਖੋਸਾ ਅਤੇ ਫਿਰੋਜਪੁਰ ਦਿਹਾਤੀ ਵਿਧਾਨ ਸਭਾ ਹਲਕੇ ਤੋਂ ਕਾਂਗਰਸ ਦੇ ਇੰਚਾਰਜ ਆਸੂ ਬੰਗੜ ਦੇ ਧਰਮ ਪਤਨੀ ਸ਼੍ਰੀਮਤੀ ਬਲਜੀਤ ਕੌਰ ਬੰਗੜ ਪਹੁੰਚੇ। ਵਿਸ਼ੇਸ਼ ਮਹਿਮਾਨ ਵਜੋਂ ਵਿਦਿਆ ਦੇ ਖੇਤਰ ਚ ਵੱਡੀਆਂ ਮੱਲਾਂ ਮਾਰ ਰਹੇ ਸ਼੍ਰੀਮਤੀ ਦਵਿੰਦਰ ਕੌਰ ਸੰਘਾ, ਸ਼੍ਰੀਮਤੀ ਪਰਮਜੀਤ ਕੌਰ ਸੰਘਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਾਉਣ ਦੇ ਮਹੀਨੇ ਭੈਣਾਂ ਨੂੰ ਸੁਧਾਰਾਂ ਦੇਣ ਦੀ ਰਵਾਇਤ ਨੂੰ ਕਾਇਮ ਰੱਖਦਿਆ ਜਸਵੰਤ ਸਿੰਘ ਵੜੈਚ ਡੀ.ਡੀ.ਪੀ.ਓ ਫਿਰੋਜ਼ਪੁਰ, ਜਸਵਿੰਦਰ ਸਿੰਘ ਸੰਧੂ ਸੀਨੀਅਰ ਪੱਤਰਕਾਰ ਅਤੇ ਵਰਿੰਦਰ ਸਿੰਘ (ਸਤਨਾਮ ਜਿਊਲਰਜ਼) ਭੈਣਾਂ ਲਈ ਸੁਧਾਰਾਂ ਲੈ ਕੇ ਆਏ ਤਾਂ ਮੇਲੇ ਵਿੱਚ ਉਨ੍ਹਾਂ ਦਾ ਢੋਲ ਢਮੱਕਿਆਂ ਨਾਲ ਜੋਰਦਾਰ ਸਵਾਗਤ ਕੀਤਾ ਗਿਆ। ਇਸ ਮੇਲੇ ਦੀ ਇਕ ਖਾਸ ਵਿਲੱਖਣਤਾ ਇਹ ਸੀ ਕਿ ਇਸ ਵਿਚ ਬੱਚੀਆ, ਅੱਲੜ ਮੁਟਿਆਰਾਂ ਅਤੇ ਵਿਅਹੁਤਾ ਔਰਤਾਂ ਵੀ ਸਰਗਰਮੀ ਨਾਲ ਭਾਗ ਲੈ ਰਹੀਆਂ ਸਨ ਅਤੇ ਨੱਚ ਟੱਪ ਆਪਣੇ ਮਨ ਦਾ ਚਾਉ ਪੂਰਾ ਕਰ ਰਹੀਆ ਸਨ। ਤੀਆਂ ਦੇ ਇਸ ਮੇਲੇ ਵਿਚ ਮੁਟਿਆਰਾਂ ਦੇ ਵੱਖ ਵੱਖ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਤੀਆਂ ਦੀ ਰਾਣੀ ਦਾ ਐਵਾਰਡ ਗੁਰਲੀਨ ਕੌਰ ਉੱਪਲ ਨੇ ਜਿੱਤਿਆ, ਲੰਮੀ ਗੁੱਤ ਦੇ ਮੁਕਾਬਲੇ ਵਿਚ ਕੁਲਦੀਪ ਕੌਰ ਅਤੇ ਡਾਕਟਰ ਪਾਹਲਪ੍ਰੀਤ ਕੌਰ ਜੇਤੂ ਰਹੀਆਂ, ਜਦੋਂ ਕਿ ਸੋਹਣੀ ਤੌਰ ਮੁਕਾਬਲੇ ਵਿਚ ਗੁਰਮੀਤ ਕੌਰ ਜੇਤੂ ਰਹੀ, ਮੋਤੀਆ ਵਰਗੇ ਦੰਦ ਮੁਕਾਬਲੇ ਵਿਚ ਪ੍ਰਨੀਤ ਕੌਰ, ਮੋਟੀ ਅੱਖ ਮੁਕਾਬਲੇ ਵਿਚ ਰੂਬੀ ਅਤੇ ਸੁਰੀਲੀ ਆਵਾਜ਼ ਮੁਕਾਬਲੇ ਵਿਚ ਗਗਨਦੀਪ ਕੌਰ ਨੇ ਜਿੱਤਾਂ ਦਰਜ ਕੀਤੀਆਂ।

### ਗੁਰਲੀਨ ਕੌਰ ਉੱਪਲ ਨੇ ਤੀਆਂ ਦੀ ਰਾਣੀ ਤੇ ਗਗਨਦੀਪ ਕੌਰ ਸੁਰੀਲੀ ਆਵਾਜ਼ ਦੀ ਮਲਿਕਾ ਦੇ ਜਿੱਤੇ ਐਵਾਰਡ

ਮੇਲੇ ਦੇ ਪ੍ਰਬੰਧਕਾਂ ਵੱਲੋਂ ਵੱਖ—ਵੱਖ ਮੁਕਾਬਲੇ ਦੇ ਜੇਤੂਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਮੇਲੇ ਦੇ ਮੁੱਖ ਮਹਿਮਾਨ ਸ੍ਰੀਮਤੀ ਇੰਦਰਜੀਤ ਕੌਰ ਖੋਸਾ ਤੇ ਬਲਜੀਤ ਕੌਰ ਨੇ ਆਪੋ ਆਪਣੇ ਸੰਬੋਧਨ ਚ ਕਿਹਾ ਕਿ ਇਸ ਤਰ੍ਹਾਂ ਦੇ ਮੇਲਿਆਂ ਦਾ ਲੱਗਣਾ ਬਹੁਤ ਜ਼ਰੂਰੀ ਹੈ ਜੋ ਸਾਨੂੰ ਅਤੇ ਬੱਚਿਆਂ ਨੂੰ ਆਪਣੇ ਵਿਰਸੇ ਅਤੇ ਸੱਭਿਆਚਾਰ ਨਾਲ ਜੋੜਦੇ ਹਨ। ਉਨ੍ਹਾਂ ਮੇਲੇ ਦੇ ਪ੍ਰਬੰਧਾਂ ਦੀ ਤਾਰੀਫ ਕਰਦਿਆਂ ਕਿਹਾ ਕੇ ਅੱਜ ਸਾਡੇ ਪੰਜਾਬ ਅਤੇ ਪੰਜਾਬੀਅਤ ਨੂੰ ਇਸ ਤਰ੍ਹਾਂ ਦੇ ਮੇਲਿਆਂ ਨਾਲ ਮੁੜ ਸੁਰਜੀਤ ਕੀਤਾ ਜਾ ਸਕਦਾ ਹੈ। ਅੱਜ ਸਾਡੀ ਨੌਜਵਾਨ ਪੀੜ੍ਹੀ ਦੇ ਬਚਾਅ ਲਈ ਅਗਾਂਹ ਵਧੂ ਔਰਤਾ ਨੂੰ ਅੱਗੇ ਆ ਕੇ ਚੰਗੇ ਸਮਾਜ ਦੀ ਅਗਵਾਈ ਕਰਨੀ ਚਾਹੀਦੀ ਹੈ। ਮੇਲੇ ਦੀ ਸਫਲਤਾ ਲਈ ਵੱਡੇ ਵਿੱਤੀ ਸਹਿਯੋਗ ਦੇਣ ਵਾਲੇ ਐਚ 3 ਹੋਟਲ, ਅੰਮ੍ਰਿਤ ਟੈਕਸਟਾਇਲ, ਰੰਜੂ ਕਰੋਕਰੀ, ਗੀਤ ਸਟੂਡੀਓ, ਸ਼ਿਹਨਾਜ ਢਿਲੋਂ, ਡਾ: ਅਮਨ, ਪ੍ਰੀਤੀ ਕਾਮਰਾ, ਰਾਖੀ ਨਰੂਲਾ, ਮਾਨਵੀ ਮਹਿਤਾ, ਗੁਨਮੀਤ ਕੌਰ, ਨੇਹਾ ਸ਼ਰਮਾ, ਸ਼ਾਈਨ ਇਵੈਂਟਸ ਆਦਿ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਮੇਲਾ ਪ੍ਰਬੰਧਕ ਕਰਮਜੀਤ ਕੌਰ ਬਰਾੜ ਅਤੇ ਭਿੰਦਰ ਭੁੱਲਰ ਨੇ ਸਭਨਾਂ ਨੂੰ ਸਨਮਾਨ ਚਿੰਨ ਨਾਲ ਸਨਮਾਨਿਤ ਕੀਤਾ। ਇਸ ਮੌਕੇ ਮੇਲੇ ਚ ਵਿਸ਼ੇਸ਼ ਤੌਰ ਤੇ ਪਹੁੰਚੀਆਂ ਜਿਲੇ ਦੀਆਂ ਨਾਮਵਰ ਸ਼ਖਸ਼ੀਅਤਾਂ ਜਿਨਾਂ ਵਿਚ ਸਤਲੁਜ ਪ੍ਰੈਸ ਕਲੱਬ ਦੇ ਪ੍ਰਧਾਨ ਗੁਰਨਾਮ ਸਿੱਧੂ, ਪ੍ਰਿੰਸੀਪਲ ਨਰਿੰਦਰ ਸਿੰਘ ਕੇਸਰ (ਜ਼ਿਲ੍ਹਾ ਪ੍ਰਧਾਨ ਪ੍ਰਾਈਵੇਟ ਸਕੂਲ ਐਸੋਸੀਏਸ਼ਨ), ਕੰਵਰਜੀਤ ਸੰਧੂ, ਗੁਰਦਰਸ਼ਨ ਸਿੰਘ ਸੰਧੂ, ਜਤਿੰਦਰ ਪਿੰਕਲ, ਸਤਬੀਰ ਬਰਾੜ, ਸੁੱਖ ਸਾਂਦੇ ਹਾਸ਼ਮ ਆਦਿ ਨਾਮ ਵਰ ਸ਼ਖਸੀਅਤਾਂ ਨੂੰ ਉਨ੍ਹਾਂ ਵੱਲੋਂ ਸਮਾਜ ਸੁਧਾਰਾਂ ਲਈ ਪਾਏ ਜਾ ਰਹੇ ਵਡਮੁੱਲੇ ਯੋਗਦਾਨ ਕਰਕੇ ਸਨਮਾਨ ਚਿੰਨਾ ਨਾਲ ਸਨਮਾਨਿਤ ਕੀਤਾ ਗਿਆ। ਮੇਲੇ ਦੌਰਾਨ ਸਟੇਜ ਦਾ ਸੰਚਾਲਨ ਹਰਜਿੰਦਰ ਕੌਰ ਨੇ ਬਾਖੂਬੀ ਨਿਭਾਇਆ ਤੇ ਮੇਲਣਾ ਨੂੰ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨਾਲ ਜੋੜਨ ਦੀ ਹਰ ਵਾਰ ਆਈ ਜੋ ਅਤਿ ਸਲਾਂਘਾਯੋਗ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਧਾਰਮਿਕ ਸੈਮੀਨਾਰ ਕਰਾਇਆ ਗਿਆ



ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :— ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਿੱਖ ਇਤਿਹਾਸ ਨਾਲ ਸੰਬੰਧਿਤ ਸੈਮੀਨਾਰ ਕਰਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਸੈਮੀਨਾਰ ਦੌਰਾਨ ਵਿਦਿਆਰਥੀਆਂ ਵੱਲੋਂ ਵੱਡੀ ਗਿਣਤੀ ਵਿਚ ਸ਼ਿਰਕਤ ਕੀਤੀ ਗਈ, ਜਿਨ੍ਹਾਂ ਨੂੰ ਵੱਧ ਤੋਂ ਵੱਧ ਗੁਰਬਾਣੀ ਪੜ੍ਹਨ ਅਤੇ ਸਿੱਖ ਇਤਿਹਾਸ ਤੋਂ ਜਾਣੂ ਹੋਣ ਲਈ ਪ੍ਰੇਰਿਤ ਕੀਤਾ ਗਿਆ। ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਗੁਰੂ ਸਾਹਿਬਾਨਾਂ ਅਤੇ ਮਹਾਨ ਸਿੱਖ ਸ਼ਖ਼ਸੀਅਤਾਂ ਦੇ ਜੀਵਨ ਦੇ ਇਤਿਹਾਸ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ, ਗਿਆਨੀ ਇੰਦਰਜੀਤ ਸਿੰਘ, ਮਾਸਟਰ ਬਲਰਾਜ ਸਿੰਘ, ਮੈਡਮ ਰਜਨੀ ਬਾਲਾ, ਮੈਡਮ ਸਿਮਰਨਜੀਤ ਕੌਰ ਅਤੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦ ਬਾਬਾ ਸੁੱਧਾ ਸਿੰਘ ਅਕੈਡਮੀ ਦੇ ਵਿਦਿਆਰਥੀਆਂ ਵੱਲੋਂ ਗੁਰਮਤਿ ਸਮਾਗਮ ਵਿੱਚ ਹਾਜ਼ਰੀਆਂ ਭਰੀਆਂ ਗਈਆਂ

### ਮਾਪੇ ਆਪਣੇ ਬੱਚਿਆਂ ਨੂੰ ਸੰਸਾਰੀ ਪੜ੍ਹਾਈ ਦੇ ਨਾਲ ਨਾਲ ਗੁਰਮਤਿ ਦੇ ਧਾਰਨੀ ਬਣਾਉਣ ਭਾਈ ਹਰਦੇਵ ਸਿੰਘ



**ਜੰਡਿਆਲਾ ਗੁਰੂ, 13 ਅਗਸਤ ( ਕੁਲਵੰਤ ਸਿੰਘ ਵਿਰਦੀ)**-ਅੱਜ ਸ਼ਹੀਦ ਬਾਬਾ ਸੁੱਧਾ ਸਿੰਘ ਅਕੈਡਮੀ ਦਕੋਹਾ ਦੇ ਸੰਚਾਲਕ ਭਾਈ ਹਰਦੇਵ ਸਿੰਘ ਜੀ ਨੇ ਜਾਣਕਾਰੀ ਦਿੰਦਿਆਂ ਹੋਇਆਂ ਦੱਸਿਆ ਕਿ ਬੀਤੇ ਦਿਨ ਪਿੰਡ ਮੀਕੇ ਜਿਲਾ ਗੁਰਦਾਸਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਸ਼ਹੀਦ ਬਾਬਾ ਸੁੱਧਾ ਸਿੰਘ ਅਕੈਡਮੀ ਦੇ ਬੱਚਿਆ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਕੀਰਤਨ, ਦੀਆਂ ਹਾਜਰੀਆਂ ਭਰੀਆਂ ਗਈਆਂ ਅਤੇ ਅਕੈਡਮੀ ਦੇ ਬੱਚਿਆਂ ਵੱਲੋਂ ਗੁਰਮਤਿ ਦੇ ਅਧੀਨ ਕਵਿਤਾ, ਕਵੀਸ਼ਰੀ, ਲੈਕਚਰ ਦੁਆਰਾ ਸੰਗਤਾਂ ਨੂੰ ਗੁਰੂ ਗ੍ਰੰਥ ਸਹਿਬ ਜੀ ਦੀ ਬਾਣੀ ਨਾਲ ਜੋੜਿਆ ਗਿਆ ਅੱਗੇ ਭਾਈ ਹਰਦੇਵ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਜੀ ਦੀ ਅਪਾਰ ਬਖਸ਼ਿਸ਼ ਸਦਕਾ ਇਹ ਵਿਸ਼ੇਸ਼ ਉਪਰਾਲਾ ਭਾਈ ਰੇਸ਼ਮ ਸਿੰਘ ਮੀਕੇ ਵਲੋਂ ਕੀਤਾ ਗਿਆ ਅੱਗੇ ਉਨ੍ਹਾ ਕਿਹਾ ਕਿ ਅਸੀਂ ਗੁਰੂ ਸਾਹਿਬ ਜੀ ਦਾ ਕੋਟਨਿ ਕੋਟਿ ਸ਼ੁਕਰਾਨਾ ਕਰਦੇ ਹਾਂ ਜਿਨ੍ਹਾਂ ਨੇ ਇਹ ਸੇਵਾ ਲਈ ਹੈ ਅਤੇ ਬੱਚੇ ਗੁਰਮਤਿ ਦੇ ਧਾਰਨੀ ਹੋਏ ਹਨ ਅਸੀਂ ਬਾਕੀ ਸੰਗਤਾਂ ਨੂੰ ਬੇਨਤੀ ਕਰਦੇ ਹਾਂ ਕਿ ਆਪਣੇ ਬੱਚਿਆਂ ਨੂੰ ਗੁਰਮਤਿ ਦੇ ਧਾਰਨੀ ਬਣਾਉਣ ਅਤੇ ਸੰਸਾਰੀ ਵਿਦਿਆ ਦੇ ਨਾਲ ਨਾਲ ਗੁਰਮਤਿ ਦੀ ਵਿਦਿਆ ਹਾਸਲ ਕਰਵਾਓ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਤੁਹਾਡੇ ਬੱਚੇ ਆਪਣਾ ਸੁਚੱਜਾ ਜੀਵਨ ਬਤੀਤ ਕਰ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਰਾਜੌਰੀ ਗਾਰਡਨ ਵਿਖੇ ਲਗਾਇਆ ਗਿਆ ਹੈਲਥ ਚੈਕਅਪ ਕੈਂਪ

ਨਵੀਂ ਦਿੱਲੀ 13 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਸ੍ਰੀ ਬਾਲਾਜੀ ਐਕਸ਼ਨ ਮੈਡੀਕਲ ਇੰਸਟੀਚਿਊਟ ਦੇ ਸਹਿਯੋਗ ਨਾਲ ਰੋਟਰੀ ਕਲੱਬ ਅਤੇ ਸਪਾਈਨ ਹੈਲਥ ਚੈਕਅੱਪ ਕੈਂਪ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ ਵਿਖੇ ਅੱਖਾਂ ਦਾ ਚੈਕਅੱਪ ਕੈਂਪ ਲਗਾਇਆ ਗਿਆ। ਜਿਸ ਵਿੱਚ ਉੱਘੇ ਡਾਕਟਰਾਂ ਦੀ ਟੀਮ ਨੇ ਆ ਕੇ ਮਰੀਜਾਂ ਦਾ ਮੁਆਇਨਾ ਕੀਤਾ ਅਤੇ ਬਿਨਾਂ ਕਿਸੇ ਫੀਸ ਦੇ ਉਨ੍ਹਾਂ ਨੂੰ ਸਲਾਹ ਵੀ ਦਿੱਤੀ। ਰਾਜੌਰੀ ਗਾਰਡਨ ਵਿਚ ਸੰਗਤ ਦੀ ਸਿਹਤ ਦਾ ਖਿਆਲ ਰੱਖਣਾ ਜ਼ਰੂਰੀ ਹੈ, ਜਿਸ ਲਈ ਗੁਰਦੁਆਰਾ ਸਾਹਿਬ ਵਿਚ ਚੱਲ ਰਹੀ ਡਿਸਪੈਂਸਰੀ ਵਿਚ ਸੰਗਤ ਨੂੰ ਵਧੀਆ ਇਲਾਜ ਮੁਹੱਈਆ ਕਰਵਾਇਆ ਜਾਂਦਾ ਹੈ ਅਤੇ ਡਾਕਟਰਾਂ ਦੀ ਸਲਾਹ 'ਤੇ ਸੰਗਤ ਨੂੰ ਦਵਾਈਆਂ ਵੀ ਦਿੱਤੀਆਂ ਜਾਂਦੀਆਂ ਹਨ। ਡਿਸਪੈਂਸਰੀ ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਰੋਟਰੀ ਕਲੱਬ ਅਤੇ ਹੋਰ ਵੱਡੇ ਹਸਪਤਾਲਾਂ ਦੇ ਸਹਿਯੋਗ ਨਾਲ ਸਮੇਂ-ਸਮੇਂ 'ਤੇ ਸਿਹਤ ਜਾਂਚ ਕੈਂਪ ਵੀ ਲਗਾਏ ਜਾਂਦੇ ਹਨ, ਇਸੇ ਲੜੀ ਤਹਿਤ ਗੁਰਦੁਆਰਾ ਸਾਹਿਬ ਵਿਖੇ ਰੀੜ੍ਹ ਦੀ ਹੱਡੀ ਦੀ ਜਾਂਚ ਅਤੇ ਅੱਖਾਂ ਦੀ ਜਾਂਚ ਲਈ ਕੈਂਪ ਲਗਾਇਆ ਗਿਆ ਜਿਸ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਪਹੁੰਚ ਕੇ ਆਪਣੀ ਸਿਹਤ ਦੀ ਜਾਂਚ ਕਰਵਾਈ। ਕੈਂਪ ਲਗਾਉਣ ਵਿੱਚ ਡਿਸਪੈਂਸਰੀ ਦੇ ਚੇਅਰਮੈਨ ਹਰਜੀਤ ਸਿੰਘ ਰਾਜਾ ਬਖਸ਼ੀ, ਪ੍ਰੀਤ ਪ੍ਰਤਾਪ ਸਿੰਘ ਅਤੇ ਸੁਪਰ ਸਪੈਸ਼ਿਲਸਟ ਕਲੀਨਿਕ ਦੇ ਚੇਅਰਮੈਨ ਅਜੀਤ ਸਿੰਘ ਮਾਂਗੇ ਦਾ ਵੀ ਪੂਰਾ ਸਹਿਯੋਗ ਰਿਹਾ।



ਸਾਨੂੰ ਦੇਸ਼ ਲਈ ਕੁਰਬਾਨੀਆਂ ਕਰਨ ਵਾਲੇ ਸ਼ਹੀਦਾਂ ਨੂੰ ਹਮੇਸ਼ਾਂ ਯਾਦ ਰੱਖਣਾ ਚਾਹੀਦਾ ਹੈ : ਗੁਰਜੰਟ ਸਿੰਘ ਹਠੂਰ

# ਇਤਿਹਾਸਕ ਕਸਬਾ ਹਠੂਰ ਵਿੱਚ ਅਜ਼ਾਦੀ ਦਿਵਸ ਨੂੰ ਮੁੱਖ ਰੱਖਦਿਆਂ ਕੱਢੀ ਤਿਰੰਗਾ ਯਾਤਰਾ



ਜਗਰਾਉਂ -(ਵਰਿਆਮ ਹਠੂਰ) ਬੀ ਜੇ ਪੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਨਗਰ ਦੇ ਹੋਰ ਨੌਜਵਾਨਾਂ ਨੂੰ ਨਾਲ ਲੈਕੇ ਇਤਿਹਾਸਕ ਕਸਬਾ ਹਠੂਰ ਵਿੱਚ ਪੈਦਲ ਤਿਰੰਗਾ ਯਾਤਰਾ ਕੱਢੀ ਗਈ, ਵਾਟਰ ਬਾਕਸ ਦੇ ਨਾਲ ਬਣੀ ਧਰਮਸ਼ਾਲਾ ਵਿੱਚ ਭਾਜਪਾ ਦੇ ਮੰਡਲ ਹਠੂਰ ਤੋਂ ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ, ਜ਼ਿਲ੍ਹਾ ਸੈਕਟਰੀ ਕੇਵਲ ਸਿੰਘ ਹਠੂਰ, ਹਠੂਰ ਮੰਡਲ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ, ਮੰਡਲ ਹਠੂਰ ਦੇ ਜਨਰਲ ਸਕੱਤਰ ਹਰਪਾਲ ਸਿੰਘ ਪਾਲਾ ਹਠੂਰ, ਚੌਧਰੀ ਬੂੜਾ ਸਿੰਘ ਗਿੱਲ ਸਾਬਕਾ ਮੰਡਲ ਪ੍ਰਧਾਨ ਰਣਜੋਧ ਸਿੰਘ ਹਠੂਰ ਸਮੇਤ ਇਕੱਤਰ ਹੋਏ ਆਗੂਆਂ, ਵਰਕਰਾਂ, ਅਤੇ ਹੋਰ ਨੌਜਵਾਨਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਸੂਰਬੀਰ ਯੋਧਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ, ਤੇ ਨਗਰ ਦੀਆਂ ਵੱਖ ਵੱਖ ਥਾਵਾਂ ਤੇ ਤਿਰੰਗਾ ਯਾਤਰਾ ਪਹੁੰਚੀ, ਤਿਰੰਗਾ ਯਾਤਰਾ ਦਾ ਸਵਾਗਤ ਕਰਦਿਆਂ ਪ੍ਰੇਮ ਕੁਮਾਰ ਕੱਪੜੇ ਵਾਲਿਆਂ ਦੇ ਸ਼ੋਅ ਰੂਮ ਤੇ ਤਿਰੰਗਾ ਯਾਤਰਾ ਵਿੱਚ ਸ਼ਾਮਲ ਹੋਣ ਵਾਲਿਆਂ ਨੌਜਵਾਨਾਂ ਲਈ ਕੋਲਡ ਡਰਿੰਕ ਦੀ ਸੇਵਾ ਕੀਤੀ ਗਈ, ਵੱਖ ਵੱਖ ਥਾਵਾਂ ਤੇ ਨੌਜਵਾਨਾਂ ਵੱਲੋਂ ਤਿਰੰਗੇ ਝੰਡੇ ਵੀ ਵੰਡੇ ਗਏ, ਇਸ ਮੌਕੇ ਗੱਲਬਾਤ ਕਰਦਿਆਂ ਬੀ ਜੇ ਪੀ ਮੰਡਲ ਹਠੂਰ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਕੀਤੀ ਗਈ ਅਪੀਲ ਤੇ ਅੱਜ ਕਸਬਾ ਹਠੂਰ ਵਿੱਚ ਤਿਰੰਗਾ ਯਾਤਰਾ ਕੱਢੀ ਗਈ ਤੇ ਨਗਰ ਅਤੇ ਪੁਲਿਸ ਪ੍ਰਸ਼ਾਸਨ ਦਾ ਵੀ ਪੂਰਾ ਪੂਰਾ ਸਹਿਯੋਗ ਰਿਹਾ, ਉਨ੍ਹਾਂ ਕਿਹਾ ਕਿ ਸਾਨੂੰ ਦੇਸ਼ ਲਈ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰਨ ਵਾਲੇ ਸਮੂਹ ਮਹਾਨ ਸੂਰਬੀਰ ਯੋਧਿਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਤੇ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਰਲ ਮਿਲ ਕੇ ਅਜ਼ਾਦੀ ਦਿਵਸ ਮਨਾਉਣਾ ਚਾਹੀਦਾ ਹੈ। ਤੇ ਅਜ਼ਾਦੀ ਦਿਵਸ ਮੌਕੇ ਘਰ ਘਰ ਤੇ ਤਿਰੰਗਾ ਝੰਡਾ ਲਹਿਰਾ ਕੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨੀ ਚਾਹੀਦੀ ਹੈ। ਇਸ ਮੌਕੇ ਗੱਲਬਾਤ ਕਰਦਿਆਂ ਹਠੂਰ ਮੰਡਲ ਦੇ ਜਨਰਲ ਸਕੱਤਰ ਹਰਪਾਲ ਸਿੰਘ ਪਾਲਾ ਹਠੂਰ ਨੇ ਕਿਹਾ ਕਿ ਤਿਰੰਗਾ ਯਾਤਰਾ ਵਿੱਚ ਵਧ ਚੜ੍ਹ ਕੇ ਨੌਜਵਾਨ ਸ਼ਾਮਿਲ ਹੋਏ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਅੰਤ ਵਿੱਚ ਬੀ ਜੇ ਪੀ ਮੰਡਲ ਹਠੂਰ ਦੇ ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ ਅਤੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਪੈਦਲ ਤਿਰੰਗਾ ਯਾਤਰਾ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਇਸ ਮੌਕੇ ਮੁਨੀਸ਼ ਕੁਮਾਰ ਸਿੰਗਲਾ, ਪ੍ਰਧਾਨ ਰਾਜਾ ਸਿੰਘ (ਐੱਫ ਸੀ ਆਈ), ਕਲਵੰਤ ਸਿੰਘ ਹਠੂਰ, ਬਲਵਿੰਦਰ ਸਿੰਘ ਤੋਤੀ, ਕੁਲਦੀਪ ਸਿੰਘ ਹਠੂਰ, ਸਮੇਤ ਅਨੇਕਾਂ ਨੌਜਵਾਨ ਹਾਜ਼ਰ ਸਨ।



ਹਰਿਆਣਾ ਦੇ ਮੁੱਖ ਮੰਤਰੀ ਵਲੋਂ ਦਿੱਤੇ ਫਾਰਮੂਲੇ ਅਤੇ ਕਾਨੂੰਨੀ ਖਰੀਦ ਗਰੰਟੀ ਤੋਂ ਬਿਨਾਂ

# 24 ਫਸਲਾਂ ਦੀ ਖਰੀਦ ਦਾ ਐਲਾਨ ਮੰਜੂਰ ਨਹੀਂ: ਸੰਯੁਕਤ ਕਿਸਾਨ ਮੋਰਚਾ



ਨਵੀਂ ਦਿੱਲੀ 13 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸੰਯੁਕਤ ਕਿਸਾਨ ਮੋਰਚਾ ਨੇ ਹਰਿਆਣਾ ਦੇ ਮੁੱਖ ਮੰਤਰੀ ਸੀ 2+50% ਦੇ ਫਾਰਮੂਲੇ ਅਤੇ ਕਾਨੂੰਨੀ ਖਰੀਦ ਗਰੰਟੀ ਤੋਂ ਬਿਨਾਂ 24 ਫਸਲਾਂ ਦੀ ਖਰੀਦ ਦੇ ਐਲਾਨ ਨੂੰ ਰੱਦ ਕਰ ਦਿੱਤਾ ਹੈ ਤੇ ਕਿਹਾ ਕਿ ਸੀ 2+50% ਅਤੇ ਖਰੀਦ ਦੀ ਕਾਨੂੰਨੀ ਗਰੰਟੀ ਤੋਂ ਘੱਟ ਕਿਸਾਨਾਂ ਨੂੰ ਮਨਜ਼ੂਰ ਨਹੀਂ ਕਿਉਂਕਿ ਸਿਰਫ਼ ਝੋਨੇ ਦੀ ਫਸਲ 'ਤੇ ਹੀ ਹਰਿਆਣੇ ਦੇ ਕਿਸਾਨਾਂ ਨੂੰ 3851.90 ਕਰੋੜ ਦਾ ਘਾਟਾ ਹੈ। ਐਸ. ਕੇ. ਐਮ. ਦੀ 20 ਅਗਸਤ ਦੀ ਮੀਟਿੰਗ ਵਿਚ 'ਬੀ.ਜੇ.ਪੀ ਨੂੰ ਸਜ਼ਾ, ਵਿਰੋਧ ਅਤੇ ਬੇਨਕਾਬ' ਕਰਨ ਲਈ ਵੱਡੇ ਜਨਤਕ ਐਕਸ਼ਨ ਕਰਨ ਦੀ ਯੋਜਨਾ ਦਾ ਵੀ ਐਲਾਨ ਕੀਤਾ ਹੈ।ਐਸ.ਕੇ.ਐਮ. ਹਰਿਆਣੇ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸੀ 2+50% ਫਾਰਮੂਲੇ ਸਮੇਤ ਕਾਨੂੰਨੀ ਖਰੀਦ ਗਰੰਟੀ ਤੋਂ ਬਿਨਾਂ 24 ਫਸਲਾਂ ਅਤੇ 9 ਹੋਰ ਫਸਲਾਂ ਦੀ ਖਰੀਦ ਦੇ ਬਿਆਨ ਨੂੰ ਰੱਦ ਕੀਤਾ ਹੈ। ਬੀ.ਜੇ.ਪੀ. ਦੀ ਇਕ ਚੋਣ ਰੈਲੀ ਵਿਚ ਦਿੱਤਾ ਇਹ ਬਿਆਨ ਕਿਸਾਨਾਂ ਦੀਆਂ ਵੋਟਾਂ ਬਟੋਰਨ ਲਈ ਮਹਿਜ਼ ਇਕ ਚੋਣ ਸਟੰਟ ਹੈ। ਹਰਿਆਣਾ ਦੇ ਕਿਸਾਨਾਂ ਨੂੰ ਇਹ ਕਤਈ ਮਨਜ਼ੂਰ ਨਹੀਂ ਅਤੇ ਉਹ ਜਿਨ੍ਹਾਂ ਨੇ ਕਾਰਪੋਰੇਟ ਪੱਖੀ ਤਿੰਨ ਖੇਤੀ ਕਾਨੂੰਨਾਂ ਵਿਰੁੱਧ ਵੱਡੀ ਲੜਾਈ ਦਿੱਤੀ, ਇਸ ਵਿਸ਼ਵਾਸਘਾਤ ਲਈ ਬੀ.ਜੇ.ਪੀ. ਨੂੰ ਸਬਕ ਸਿਖਾਉਣਗੇ। ਮੋਦੀ ਸਰਕਾਰ ਵਲੋਂ ਸਾਲ 2024-25 ਲਈ ਝੋਨੇ ਲਈ ਐਲਾਨੀ 2300 ਰੁਪਿਆ ਪ੍ਰਤੀ ਕੁਇੰਟਲ ਐਮ.ਐਸ.ਪੀ. ਏ 2+ਐਫ ਐਲ ਫਾਰਮੂਲੇ ਭਾਵ ਕਿਸਾਨ ਦੀ ਲਾਗਤ ਅਤੇ ਪ੍ਰੀਵਾਰਕ ਮਿਹਨਤ ਉਤੇ ਆਧਾਰਤ ਹੈ।

ਕੌਮੀ ਕਿਸਾਨ ਕਮਿਸ਼ਨ ਦੇ ਚੇਅਰਮੈਨ ਡਾ. ਐਮ.ਐਸ. ਸਵਾਮੀ ਨਾਥਨ ਦੀ ਪ੍ਰਘਾਨਗੀ ਹੇਠ 2006 ਦੀਆਂ ਸਿਫਾਰਸ਼ ਤਹਿਤ ਸੀ 2 ਤੋਂ ਭਾਵ ਸਮੁੱਚੀ ਲਾਗਤ ਮਤਲਬ ਏ 2+ਐਫ ਐਲ ਅਤੇ ਕਿਸਾਨ ਦੀ ਜ਼ਮੀਨ ਦਾ ਠੇਕਾ, ਕੁੱਲ ਹੋਏ ਖਰਚਾ ਤੇ ਵਿਆਜ, ਠੇਕੇ 'ਤੇ ਲਈ ਜ਼ਮੀਨ ਦਾ ਕਿਰਾਇਆ ਸਾਰਾ ਕੁਝ ਮਿਲਾਉਣ ਉਪਰੰਤ ਸਾਲ 2024-25 ਲਈ ਝੋਨੇ ਦੀ ਕੀਮਤ 2012 ਰੁਪਏ ਪ੍ਰਤੀ ਕੁਇੰਟਲ ਬਣਦੀ ਹੈ। ਇਸ ਫਾਰਮੂਲੇ ਤਹਿਤ ਮੌਜੂਦਾ ਐਲਾਨ ਕੀਮਤ 712 ਰੁਪਏ ਪ੍ਰਤੀ ਕੁਇੰਟਲ ਘੱਟ ਹੈ।

ਜੇ ਸਾਲ 2024-25 ਦੀ ਹਰਿਆਣੇ ਵਿਚ ਝੋਨੇ ਦੀ ਕੁੱਲ ਪੈਦਾਵਾਰ ਨੂੰ ਸਾਲ 2023-24 ਦੇ ਬਰਾਬਰ ਵੀ ਮੰਨੀਏ ਜਿਹੜੀ ਕਿ 54.1 ਲੱਖ ਟਨ ਸੀ, ਸੂਬੇ ਦੇ ਕਿਸਾਨਾਂ ਨੂੰ ਕੁੱਲ 3815.90 ਕਰੋੜ ਦਾ ਘਾਟਾ ਸਹਿਣਾ ਪੈਂਦਾ ਹੈ।

ਇਸੇ ਤਰ੍ਹਾਂ ਹੀ ਸੂਬੇ ਵਿਚ ਬਾਕੀ 24 ਫਸਲਾਂ ਦੇ ਭਾਅ ਦੇ ਅਨੁਮਾਨ ਨਾਲ ਬੀ.ਜੇ.ਪੀ. ਅਤੇ ਨਾਇਬ ਸੈਣੀ ਦਾ ਕਿਸਾਨ ਵਿਰੋਧੀ ਚਿਹਰਾ ਸਾਹਮਣੇ ਆਉਂਦਾ ਹੈ।

ਮੁੱਖ ਮੰਤਰੀ ਦੇ ਐਲਾਨ ਵਿਚ ਫਸਲ ਦੀ ਖਰੀਦ ਦੀ ਕਾਨੂੰਨੀ ਗਰੰਟੀ ਗਾਇਬ ਹੈ। ਕਾਨੂੰਨੀ ਖਰੀਦ ਗਰੰਟੀ ਤੋਂ ਬਿਨਾਂ ਏ 2+ਐਫ ਐਲ+50% ਫਾਰਮੂਲੇ ਤਹਿਤ ਦਿੱਤੀ ਜਾਣ ਵਾਲੀ ਐਮ.ਐਸ.ਪੀ. ਵੀ ਮਹਿਜ ਕਿਸਾਨਾਂ ਨਾਲ ਧੋਖੇ ਤੋਂ ਸਿਵਾਏ ਕੁਝ ਨਹੀਂ। ਖਰੀਦ ਦੀ ਕਾਨੂੰਨੀ ਗਰੰਟੀ ਤੋਂ ਬਿਨਾਂ ਕਿਸਾਨ ਆਪਣੀਆਂ ਫਸਲਾਂ ਵੱਡੇ ਕਾਰਪੋਰੇਟ ਵਪਾਰੀਆਂ, ਉਨ੍ਹਾਂ ਦੇ ਵਿਚੋਲਿਆਂ ਅਤੇ ਖੇਤੀ ਆਧਾਰਤ ਬਿਜਨਿਸ ਕੰਪਨੀਆਂ ਨੂੰ ਵੇਚਣ ਲਈ ਮਜ਼ਬੂਰ ਹੋਣਗੇ ਅਤੇ ਵੱਡੀ ਲੁੱਟ ਅਤੇ ਘਾਟਾ ਸਹਿਣਗੇ।

ਹਰਿਆਣਾ ਸਟੇਟ ਐਸ.ਕੇ.ਐਮ. 20 ਅਗਸਤ 2024 ਦੀ ਆਪਣੀ ਮੀਟਿੰਗ ਵਿਚ ਕਿਸਾਨਾਂ ਨੂੰ ਸੀ 2+50% ਫਾਰਮੂਲੇ ਤਹਿਤ, ਐਮ.ਐਸ.ਪੀ. ਖਰੀਦ ਦੀ ਕਾਨੂੰਨੀ ਗਰੰਟੀ, ਸਮੁੱਚੀ ਕਰਜ਼ਾ ਮੁਕਤੀ, ਬਿਜਲੀ ਦੇ ਨਿੱਜੀਕਰਨ ਦਾ ਵਿਰੋਧ, ਪ੍ਰੀਪੇਡ ਸਮਾਰਟ ਮੀਟਰਾਂ ਦਾ ਵਿਰੋਧ ਅਤੇ ਹੋਰ ਮੰਗਾਂ ਜਿਵੇਂ ਕਿ ਸਿੰਘੂ ਅਤੇ ਟਿੱਕਰੀ ਬਾਰਡਰ ਉਤੇ ਦਿੱਲੀ ਘੋਲ ਸਮੇਂ ਸ਼ਹੀਦ ਹੋਏ 736 ਕਿਸਾਨਾਂ ਦੀ ਯਾਦਗਾਰ, ਬਣਾਉਣ ਲਈ ਵੱਡੇ ਸੰਘਰਸ਼ ਕਰਨ ਲਈ ਲਾਮਬੰਦੀ ਕਰਨ ਦੀ ਯੋਜਨਾ ਤਿਆਰ ਕਰੇਗਾ।

ਐਸ.ਕੇ.ਐਮ. ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਬੀ.ਜੇ.ਪੀ. ਨੂੰ ਬੇਨਕਾਬ ਕਰਨ, ਸਜ਼ਾ ਦੇਣ ਅਤੇ ਵਿਰੋਧ ਕਰਨ ਲਈ ਕਿਸਾਨਾਂ ਦੀ ਇਸ ਮੁਹਿੰਮ ਨੂੰ ਹੇਠਾਂ ਪਿੰਡ ਪੱਧਰ 'ਤੇ ਲਿਆਂਦਾ ਜਾਵੇਗਾ।

# ਪਰਮਜੀਤ ਸਿੰਘ ਖ਼ਾਲਸਾ ਜੀ ਦੇ ਅਕਾਲ ਚਲਾਣੇ ਤੇ ਦੁੱਖ ਦਾ ਪ੍ਰਗਟਾਵਾ



ਨਵੀਂ ਦਿੱਲੀ 13 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਭਾਈ ਪਰਮਜੀਤ ਸਿੰਘ ਖ਼ਾਲਸਾ ਜੀ ਦੇ ਅਕਾਲ ਚਲਾਣੇ ਤੇ ਫੈਡਰੇਸ਼ਨ ਪ੍ਰਧਾਨ ਅਵਤਾਰ ਸਿੰਘ ਮਾਕਨ ਅਤੇ 13 ਆਸਾ ਵੈਲਫੇਅਰ ਟਰੱਸਟ ਦੇ ਪ੍ਰਧਾਨ ਇੰਦਰਜੀਤ ਸਿੰਘ ਵਿਕਾਸ ਪੁਰੀ ਵੱਲੋਂ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪਰਮਜੀਤ ਸਿੰਘ ਖਾਲਸਾ ਜੀ ਬੜੇ ਹੀ ਧਾਰਮਿਕ ਪ੍ਰਵਿਰਤੀ ਦੇ ਗੁਰਸਿੱਖ ਸਨ, ਉਨ੍ਹਾਂ ਨੇ ਅਪਣਾ ਜੀਵਨ ਪੰਥਕ ਮਸਲਿਆਂ ਨੂੰ ਹੱਲ ਕਰਨ ਲਈ ਲਾਇਆ। ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਜਿੰਨ੍ਹਾ ਦਾ ਕਦੀ ਨਾ ਪੂਰਾ ਹੋਣ ਵਾਲਾ ਘਾਟਾ ਪੰਥ ਨੂੰ ਕਾਫੀ ਸਮੇਂ ਤੱਕ ਮਹਿਸੂਸ ਰਹੇਗਾ। ਪਰਮਜੀਤ ਸਿੰਘ ਖਾਲਸਾ ਹਮੇਸ਼ਾ ਪੰਥ ਦਾ ਦਰਦ ਰੱਖਣ ਵਾਲੇ ਬਹੁਤ ਹੀ ਸਤਿਕਾਰਯੋਗ ਸਖਸ਼ੀਅਤ ਸਨ ਵਾਹਿਗੁਰੂ ਜੀ ਉਨ੍ਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ। ਫੈਡਰੇਸ਼ਨ ਪ੍ਰਧਾਨ ਅਵਤਾਰ ਸਿੰਘ ਮਾਕਨ ਨੇ ਕਿਹਾ ਭਾਈ ਸਾਹਿਬ ਵਰਗੀ ਪੰਥਪ੍ਰਸਤ ਸ਼ਖ਼ਸੀਅਤ ਦਾ ਅਚਾਨਕ ਸਰੀਰਕ ਵਿਛੋੜਾ ਨਾ-ਸਿਰਫ ਪਰਿਵਾਰ ਸਗੋਂ ਪੰਥ ਲਈ ਵੱਡਾ ਘਾਟਾ ਹੈ।

# ਵਾਲਮੀਕਿ ਮਜ਼ਬੀ ਸਿੱਖ ਸਮਾਜ ਵੱਲੋਂ ਦਿੱਤੇ ਗਏ ਧੰਨਵਾਦ ਪੱਤਰ



**ਚੌਕ ਮਹਿਤਾ, 13 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨਿਜਾਤ ਸ਼ਕਤੀ ਫੈਡਰੇਸ਼ਨ ਦੇ ਆਗੂ ਅਤੇ ਭਗਵਾਨ ਵਾਲਮੀਕੀ ਤੀਰਥ ਸਰਾਇਨ ਬੋਰਡ ਦੇ ਜਨਰਲ ਮੈਨੇਜਰ ਕੁੱਸ਼ਰਾਜ ਨੇ ਰਾਖਵਾਂਕਰਨ ਉਪ ਵਰਗੀਕਰਨ ਦੇ ਸੰਬੰਧ ਵਿੱਚ ਜੋ ਸੁਪਰੀਮ ਕੋਰਟ ਨੇ ਫੈਸਲਾ ਦਿੱਤਾ ਹੈ ਉਸਦੀ ਉਨ੍ਹਾਂ ਸ਼ਲਾਘਾ ਕਰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਧੰਨਵਾਦ ਪੱਤਰ ਸੌਂਪਿਆ ਗਿਆ ਮੰਗ ਪੱਤਰ ਦੇਣ ਤੋਂ ਬਾਅਦ ਖੁਸ਼ਰਾਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਦੀਆਂ ਤੋਂ ਸਮਾਜਿਕ ਸ਼ੋਸ਼ਣ ਦਾ ਸ਼ਿਕਾਰ ਹੋਏ ਅਤਿ ਦਲਿਤ ਵਾਲਮੀਕੀ/ ਮਜ਼੍ਹਬੀ ਸਿੱਖ ਸਮਾਜ ਦੇ ਬੱਚਿਆਂ ਦੇ ਭਵਿੱਖ ਦਾ ਸਵਾਲ ਹੈ। ਉਨ੍ਹਾਂ ਸਮਾਜ ਦੀਆ ਵੱਖ-ਵੱਖ ਮੁਲਾਜ਼ਮ ,ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸੁਪਰੀਮ ਕੋਰਟ ਦਾ ਧੰਨਵਾਦ ਕਰਨ ਕਿਉਂਕਿ ਸੁਪਰੀਮ ਕੋਰਟ ਨੇ ਵਾਲਮੀਕਿ/ ਮਜ਼੍ਹਬੀ ਸਿੱਖ ਸਮਾਜ ਦੇ ਹੱਕ ਵਿੱਚ ਫੈਸਲਾ ਦੇ ਕੇ ਬਹੁਤ ਵੱਡਾ ਇਹਨਾਂ ਲੋਕਾਂ ਨਾਲ ਇਨਸਾਫ ਕੀਤਾ ਹੈ। ਕੁਸ਼ਰਾਜ ਨੇ ਅੱਗੇ ਕਿਹਾ ਕਿ ਉਹਨਾਂ ਇਸ ਸਬੰਧ ਵਿੱਚ ਇੱਕ ਸਮੂਹ ਵਾਲਮੀਕੀ ਮਜਬੀ ਸਿੱਖ ਸਮਾਜ ਦੇ ਜਥੇਬੰਦੀਆਂ ਦੀ ਮੀਟਿੰਗ ਬੀਤੇ ਦਿਨੀ ਸਰਕਟ ਹਾਊਸ ਜਲੰਧਰ ਵਿੱਚ ਹੋਈ ਸੀ ਜਿਸ ਵਿੱਚ ਇਸ ਫੈਸਲੇ ਨੂੰ ਲਾਗੂ ਕਰਵਾਉਣ ਲਈ ਧੰਨਵਾਦ ਪੱਤਰ ਜਿਲਾ ਪੱਧਰ ਤੇ ਦੇਣ ਤੇ ਫੈਸਲਾ ਕੀਤਾ ਗਿਆ ਸੀ

# ਕੈਬਨਿਟ ਮੰਤਰੀ ਈ ਟੀ ਓ ਵੱਲੋਂ ਕਿਸਾਨ ਯੂਨੀਅਨ ਪ੍ਰਧਾਨ ਹਰਜੀਤ ਸਿੰਘ ਖੱਬੇਰਾਜਪੂਤਾਂ ਦੀ ਧਰਮ ਪਤਨੀ ਦੇ ਅਕਾਲ ਚਲਾਣੇ ਤੇ ਕੀਤਾ ਅਫਸੋਸ



**ਚੌਕ ਮਹਿਤਾ, 13 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਬੀਤੇ ਦਿਨੀਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਖੱਬੇਰਾਜਪੂਤਾਂ ਦੀ ਧਰਮ ਪਤਨੀ ਅਧਿਆਪਕਾ ਸ੍ਰੀਮਤੀ ਰੁਪਿੰਦਰਬੀਰ ਕੌਰ ਸੰਖੇਪ ਬਿਮਾਰੀ ਨਾਲ ਅਕਾਲ ਚਲਾਣਾ ਕਰ ਗਏ ਸਨ, ਇਸ ਦੁੱਖ ਦੀ ਘੜੀ ਵਿੱਚ ਕੈਬਨਿਟ ਮੰਤਰੀ ਈ ਟੀ ਓ ਵੱਲੋਂ ਉਹਨਾਂ ਦੇ ਗ੍ਰਹਿ ਵਿਖੇ ਜਾ ਕੇ ਅਫਸੋਸ ਪ੍ਰਗਟ ਕੀਤਾ ਗਿਆ, ਇਸ ਮੌਕੇ ਚੇਅਰਮੈਨ ਗੁਰਵਿੰਦਰ ਸਿੰਘ, ਪ੍ਰਧਾਨ ਅਜੇ ਗਾਂਧੀ, ਬਲਾਕ ਪ੍ਰਧਾਨ ਜਰਮਨ ਓਦੋਨੰਗਲ, ਪ੍ਰਧਾਨ ਸਵਰਨ ਸਿੰਘ ਓਦੋਨੰਗਲ, ਜਥੇਦਾਰ ਹਰਜੀਤ ਸਿੰਘ, ਪ੍ਰਧਾਨ ਪ੍ਰਗਟ ਸਿੰਘ ਬੱਲ, ਹਰਜੀਤ ਸਿੰਘ ਰੱਖੇਸ਼ਾਹ, ਹਰਮੀਤ ਸਿੰਘ ਫੌਜ਼ੀ, ਸ਼ਮਸ਼ੇਰ ਸਿੰਘ, ਹਰਮਨ ਸਿੰਘ ਅਤੇ ਹੋਰ ਵੀ ਧਾਰਮਿਕ ਤੇ ਸਮਾਜਿਕ ਆਗੂ ਹਾਜ਼ਿਰ ਸਨ।

### ਪ੍ਰਵਾਸੀ ਸਿੱਖ ਦਾ

# ਪ੍ਰਵਾਸੀ ਸਿੱਖਾਂ ਪ੍ਰਤੀ ਸ਼ਿਕਵਾ !



**ਗੈਰਾਂ** ਨਾਲ਼ ਨਹੀਂ ਸਗੋਂ ਗਿਲੇ ਸ਼ਿਕਵੇ ਹਮੇਸ਼ਾਂ ਆਪਣਿਆਂ ਨਾਲ਼ ਹੀ ਹੁੰਦੇ ਨੇ ਜੀ ।ਗੱਲ ਕਰਨ ਜਾ ਰਿਹਾ ਹਾਂ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਵਿਦੇਸ਼ੀ ਦੌਰਿਆਂ ਬਾਰੇ ।ਜਦੋਂ ਤੋਂ ਪੰਥਕ ਕੇਂਦਰ(ਸ੍ਰੀ ਅਕਾਲ ਤਖਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਉੱਤੇ ਬਾਦਲ ਪ੍ਰਵਾਰ(ਪਹਿਲਾਂ ਮਰਹੂਮ ਵੱਡੇ ਬਾਦਲ ਤੇ ਹੁਣ ਸੁਖਬੀਰ ਬਾਦਲ)ਦਾ ਕਬਜਾ ਹੋਇਆ ਹੋਇਆ ਹੈ,ਉਦੋਂ ਦਾ ਹੀ ਸਾਰਾ ਸਿੱਖ ਜਗਤ ਇਸ ਕਬਜੇ ਦੇ ਵਿਰੋਧ ਵਿੱਚ ਤੜਪਦਾ ਤੇ ਕਲ਼ਪਦਾ ਆ ਰਿਹਾ ਹੈ ।ਉਸੇ ਟੱਬਰ ਵਲੋਂ ਹੀ ਆਪਣੀਆਂ ਸਿਆਸੀ ਗਿਣਤੀਆਂ-ਮਿਣਤੀਆਂ ਜਾਂ ਲੋੜਾਂ ਕਹਿ ਲਉ,ਨੂੰ ਮੁੱਖ ਰੱਖ ਕੇ ਕਈ ਦਹਾਕਿਆਂ ਤੋਂ ਹੀ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰਾਂ ਦੀ ਅਦਲਾ-ਬਦਲੀ ਕੀਤੀ ਜਾ ਰਹੀ ਹੈ ।ਜਿਸ ਨੂੰ ਪੰਥ ਬੇਬਸੀ ਨਾਲ਼ ਦੇਖਦਾ ਆ ਰਿਹਾ ਹੈ।

ਸੰਨ 1999 ਵਿਚ ਜਥੇਦਾਰ ਭਾਈ ਰਣਜੀਤ ਸਿੰਘ ਨੂੰ ਜਬਰੀ ਬਰਖਾਸਤ ਕਰਨ ਤੋਂ ਲੈ ਕੇ ਮੌਜੂਦਾ ਜਥੇਦਾਰ ਭਾਈ ਰਘਬੀਰ ਸਿੰਘ ਤੋਂ ਪਹਿਲੇ ਗਿਆਨੀ ਹਰਪ੍ਰੀਤ ਸਿੰਘ ਤੱਕ ਹਰੇਕ ਜਥੇਦਾਰ ਦੀ ਚੁੱਪ ਚੁਪੀਤੇ ਬਰਖਾਸਤਗੀ ਕਰਨ ਵੇਲੇ ਕਦੇ ਸਿੱਖ ਪੰਥ ਨੂੰ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਕਿ ਜਥੇਦਾਰ ਨੂੰ ਕਿਹੜੇ ਕਾਰਨਾਂ ਕਰਕੇ ਅਹੁਦਾ-ਮੁਕਤ ਕੀਤਾ ਗਿਆ ਹੈ ।ਇਸੇ ਤਰਾਂ ਨਵਾਂ ਜਥੇਦਾਰ ਥਾਪਣ ਵੇਲੇ ਕੁੱਝ ਨਹੀਂ ਦੱਸਿਆ ਜਾਂਦਾ ਕਿ ਉਸਨੂੰ ਕਿਹੜੀ ਕਿਹੜੀ ਸਿੱਖ ਜਥੇਬੰਦੀ ਨੇ ਨਿਯੁਕਤ ਕਰਨ ਲਈ ਸਹਿਮਤੀ ਦਿੱਤੀ ਹੈ !ਜਾਂ ਉਸਦੀ ਕਿਸ ਪ੍ਰਕਿਰਿਆ ਰਾਹੀਂ ਚੋਣ ਕੀਤੀ ਗਈ ਹੈ ? ਜਾਣੀ ਕਿ ਕੁੱਲ ਮਿਲ਼ਾ ਕੇ ਖਾਲਸਾ ਪੰਥ ਦੀ ਇਸ ਸਰਬੋਤਮ ਪਦਵੀ ਲਈ ਇੱਕੋ ਟੱਬਰ ਹੀ 'ਬੁੱਕਲ਼ ਵਿਚ ਗੁੜ ਭੋਰਦਾ' ਆ ਰਿਹਾ ਹੈ !

ਇੱਥੇ ਇਹ ਵੀ ਜੱਗ ਜਾਹਰ ਸੱਚ ਹੈ ਕਿ ਅਜਿਹੀ ਅਦਲਾ-ਬਦਲੀ ਵੇਲੇ ਦੇਸ ਵਿਦੇਸ਼ ਦੇ ਸਿੱਖਾਂ ਵਲੋਂ ਇਸ ਗੁਪਤੋ-ਗੁਪਤੀ ਦੀ ਕਾਰਵਾਈ ਵਿਰੁੱਧ ਤਕੜਾ ਵਿਰੋਧ ਪ੍ਰਗਟਾਇਆ ਜਾਂਦਾ ਹੈ ।ਖਾਸ ਕਰਕੇ ਵਿਦੇਸ਼ਾਂ ਦੀਆਂ ਅਜ਼ਾਦ ਫਿਜ਼ਾਵਾਂ ਵਿਚ ਵਸਦੇ ਜਾਗਰੂਕ ਪ੍ਰਵਾਸੀ ਸਿੱਖਾਂ ਵਲੋਂ ਪੰਥਕ ਕੇਂਦਰ ਦੀ ਗੁਲਾਮੀ ਵਿਰੁੱਧ ਡਟ ਕੇ ਅਵਾਜ਼ ਬੁਲੰਦ ਕੀਤੀ ਜਾਂਦੀ ਹੈ !ਪਰ ਉਦੋਂ ਬਹੁਤ ਹੈਰਾਨੀ ਹੁੰਦੀ ਹੈ ਜਦ ਏਹੀ ਪ੍ਰਵਾਸੀ ਸਿੱਖ ਭਰਾ ਬਾਦਲੀ-ਗੁਲਾਮੀ ਵਾਲ਼ੀ ਪ੍ਰਕਿਰਿਆ 'ਚੋਂ ਨਿਕਲ਼ੇ ਹੋਏ 'ਜਥੇਦਾਰਾਂ' ਨੂੰ ਇੰਗਲੈਂਡ,ਕੈਨੇਡਾ ਅਤੇ ਅਮਰੀਕਾ ਆਦਿ ਬਾਹਰਲੇ ਦੇਸਾਂ ਵਿਖੇ ਹੋਣ ਵਾਲ਼ੇ ਧਾਰਮਿਕ ਸਮਾਗਮਾਂ ਵਿਚ ਸੱਦ ਸੱਦ ਕੇ 'ਲਫਾਫੇ' ਅਤੇ ਸਿਰੋਪੇ ਭੇਂਟ ਕਰਦੇ ਹਨ !

ਸਵਾਲ ਪੈਦਾ ਹੁੰਦਾ ਹੈ ਕਿ ਕੀ ਪ੍ਰਵਾਸੀ ਸਿੱਖ ਅਜਿਹਾ ਕਰਦਿਆਂ ਬਾਦਲੀ ਪ੍ਰਕਿਰਿਆ ਨੂੰ ਮਾਨਤਾ ਨਹੀਂ ਦੇ ਰਹੇ ਹੁੰਦੇ ?

ਇਕ ਪਾਸੇ 'ਹਾਏ ਪੰਥਕ ਕੇਂਦਰ ਗੁਲਾਮ !' ਦੀ ਦਰਦ ਭਰੀ ਪੁਕਾਰ ਪਰ ਨਾਲ਼ ਹੀ ਬਾਦਲਾਂ ਦੁਆਰਾ ਥਾਪਿਆ(ਅਸਲ ਵਿਚ ਥੋਪਿਆ) ਹੋਇਆ ਹਰੇਕ ਜਥੇਦਾਰ ਸਾਡਾ 'ਵਿਸ਼ੇਸ਼ ਮਹਿਮਾਨ' ਬਣਿਆਂ ਹੁੰਦਾ ਐ ! ਜਿਸਨੂੰ ਸਮਾਗਮਾਂ ਦੀਆਂ ਖਬਰਾਂ/ਇਸ਼ਿਤਹਾਰਾਂ ਆਦਿ ਵਿਚ ਜਥੇਦਾਰ ਫਲਾਣਾ ਸਿੰਘ ਜੀ 'ਉਚੇਚੇ ਤੌਰ 'ਤੇ ਸ਼ਾਮਲ' ਹੋਇਆ ਲਿਖਿਆ ਹੁੰਦਾ ਹੈ !ਪਤਾ ਨਹੀਂ ਕਿਹੜੇ ਹੀਰੇ ਮੋਤੀਆਂ ਨਾਲ਼ ਸ਼ਿੰਗਾਰੇ ਹੋਏ ਹਾਥੀ ਦੀ ਸਵਾਰੀ ਕਰਕੇ ਉਹ ਵਿਦੇਸ਼ੀ ਇਕੱਠਾਂ ਵਿੱਚ 'ਉਚੇਚਾ' ਸ਼ਾਮਲ ਹੋਇਆ ਹੁੰਦਾ ਐ !।ਕੀ ਅਜਿਹੇ ਦੋਹਰੇ ਕਿਰਦਾਰ ਕਾਰਨ ਅਸੀਂ ਪ੍ਰਵਾਸੀ ਸਿੱਖ ਖੁਦ ਉੱਤੇ 'ਦੋਗਲੇ' ਹੋਣ ਦਾ ਠੱਪਾ ਨਹੀਂ ਲਗਵਾ ਰਹੇ ਹੁੰਦੇ ?

ਮਿਸਾਲ ਵਜੋਂ ਇੰਗਲੈਂਡ (ਡਰਬੀ) ਵਿਚ ਛਪਦੀ ਪੰਥਕ ਮੰਨੀ ਜਾਂਦੀ ਅਖਬਾਰ 'ਪੰਜਾਬ ਟਾਈਮਜ਼' (25 ਜੁਲਾਈ-1ਅਗਸਤ 2024 ਸਫਾ 10)ਵਿਚ ਇਕ ਫੋਟੋ ਸਮੇਤ ਖਬਰ ਛਪੀ ਹੋਈ ਹੈ ਅਖੇ ਗਿਆਨੀ ਰਘਬੀਰ ਸਿੰਘ ਨੇ ਸਾਊਥਾਲ ਦੇ ਗੁਰਮਤਿ ਸਮਾਗਮ ਵਿਚ ਕੀਤੀ ਸ਼ਮੂਲੀਅਤ !ਇਸ ਖਬਰ ਵਿਚ ਵੀ 'ਉਚੇਚੇ ਤੌਰ ਤੇ ਪਹੁੰਚੇ' ਲਿਖਿਆ ਹੋਇਆ ਹੈ ! ਵਾਹ !! ਇਸ ਤੱਥ ਵਿਚ ਕੋਈ ਦੋ ਰਾਵਾਂ ਨਹੀਂ ਕਿ ਪੰਥ ਵਿੱਚ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੀ ਪਦ-ਪਦਵੀ ਸਰਬੋਤਮ ਹੈ ਪਰ ਜਦੋਂ ਤੱਕ ਪੰਥਕ ਕੇਂਦਰ ਅਜ਼ਾਦ ਨਹੀਂ ਹੋ ਜਾਂਦਾ ਤਦ ਤੱਕ ਵਿਦੇਸ਼ੀ(ਦੇਸ ਵਿਚ ਵੀ)ਧਰਤੀ 'ਤੇ ਆਯੋਜਤ ਕੀਤੇ ਜਾਣ ਵਾਲ਼ੇ ਧਾਰਮਿਕ ਸਮਾਗਮਾਂ ਦੇ ਮੁੱਖ ਬੁਲਾਰੇ ਵਾਸਤੇ,ਸਿੱਖੀ ਰਹੁਰੀਤਾਂ ਅਨੁਸਾਰ ਜੀਵਨ ਬਿਤਾ ਰਹੇ ਕਿਸੇ ਸਥਾਨਕ ਕਿਰਤੀ ਸਿੱਖ ਦੀ ਚੋਣ ਕਰ ਲੈਣੀ ਚਾਹੀਦੀ ਹੈ ।ਜਾਂ ਫਿਰ ਵਿਦੇਸ਼ ਦੇ ਗੁਰਦੁਆਰਿਆਂ ਵਿਚ ਪੰਜਾਬ ਤੋਂ ਆਏ ਹੋਏ ਰਾਗੀਆਂ,ਕਥਾਵਾਚਕਾਂ ਜਾਂ ਪਾਠੀ ਸਿੰਘਾਂ ਵਿੱਚੋਂ ਹੀ ਕਿਸੇ ਇਕ ਤੋਂ ਇਹ ਸੇਵਾ ਲਈ ਜਾ ਸਕਦੀ ਹੈ।

ਮੱਤ ਕੋਈ ਸਮਝੇ ਕਿ ਇਨ੍ਹਾਂ ਸਤਰਾਂ ਦੇ ਲੇਖਕ ਨੂੰ ਕਿਸੇ ਖਾਸ ਸਿੱਖ ਸਖਸ਼ੀਅਤ ਜਾਂ ਕਿਸੇ ਜਥੇਦਾਰ ਨਾਲ਼ ਕੋਈ ਨਿੱਜੀ ਰੰਜਿਸ਼ ਹੈ! ਅਜਿਹਾ ਬਿਲਕੁਲ ਨਹੀਂ ਹੈ ।ਸਿਰਫ ਤੇ ਸਿਰਫ ਪੰਥਕ ਕੇਂਦਰ ਖਾਸ ਕਰ ਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਰੁਤਬੇ ਦੀ ਨਿਰਾਲੀ ਸ਼ਾਨ ਅਤੇ ਪ੍ਰਭਤਾ ਦਾ ਮੁਤਲਾਸ਼ੀ ਹੋਣ ਸਦਕਾ ਇਹ ਵਿਚਾਰ ਪ੍ਰਗਟਾਏ ਹਨ !!

**-ਤਰਲੋਚਨ ਸਿੰਘ 'ਦੁਪਾਲ ਪੁਰ'**
**ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ**
001-408-915-1268

### 15 ਅਗਸਤ ਆਜ਼ਾਦੀ ਦਿਹਾੜੇ ਟਰੈਕਟਰ ਮਾਰਚ ਕਰਨਗੇ ਕਿਸਾਨ

# ਮੰਗਾਂ ਮੰਨੇ ਜਾਣ ਤੱਕ ਸੰਘਰਸ਼ ਰਹੇਗਾ ਜਾਰੀ- ਕਿਸਾਨ ਆਗੂ



**ਚੌਂਕ ਮਹਿਤਾ, 13 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਗੁਰਦੁਆਰਾ ਕਲਗੀਧਰ ਸਾਹਿਬ ਮਹਿਤਾ ਚੌਂਕ ਵਿਖੇ ਜ਼ਿਲ੍ਹਾ ਆਗੂ ਡਾਕਟਰ ਕਵਰਦੀਪ ਸਿੰਘ ਸੈਦੋਲੇਲ ਦੀ ਅਗਵਾਈ ਹੇਠ ਮੀਟਿੰਗ ਹੋਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 15 ਅਗਸਤ ਨੂੰ ਆਜ਼ਾਦੀ ਦਿਹਾੜੇ ਵਾਲੇ ਦਿਨ ਕਿਸਾਨਾਂ ਵੱਲੋਂ ਟਰੈਕਟਰ ਮਾਰਚ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਮੌਕੇ ਜਥੇਬੰਦੀ ਦੇ ਆਗੂਆਂ ਬੋਲਦਿਆਂ ਕਿਹਾ ਕਿ 15 ਅਗਸਤ ਨੂੰ ਮੋਦੀ ਸਰਕਾਰ ਆਪਣੀਆਂ ਪ੍ਰਾਪਤੀਆਂ ਗਿਣਾ ਰਹੀ ਹੋਵੇਗੀ ਉਥੇ ਪੂਰੇ ਭਾਰਤ ਵਿੱਚ ਕਿਸਾਨ ਟਰੈਕਟਰ ਮਾਰਚ ਕਰਕੇ ਮੋਦੀ ਸਰਕਾਰ ਦਾ ਵਿਰੋਧ ਕਰਕੇ ਲੋਕ ਮਾਰੂ ਨੀਤੀਆਂ ਤੋਂ ਜਾਣੂ ਕਰਵਾਇਆ ਜਾਵੇਗਾ ।ਜਿਸ ਦੇ ਤਹਿਤ ਹੋਣ ਵਾਲਾ ਟਰੈਕਟਰ ਮਾਰਚ ਮਹਿਤਾ ਚੌਂਕ ਤੋਂ ਸਵੇਰੇ 9 ਵਜੇ ਰਵਨਾ ਕਰਕੇ ਵੱਖ ਵੱਖ ਪਿੰਡਾਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਮਹਿਤਾ ਚੌਂਕ ਵਿਖੇ ਸਮਾਪਤ ਹੋਵੇਗਾ। ਜਥੇਬੰਦੀ ਦੇ ਆਗੂਆਂ ਬੋਲਦਿਆਂ ਕਿਹਾ ਟਰੈਕਟਰ ਮਾਰਚ ਦੌਰਾਨ ਜਿੱਥੇ ਮੋਦੀ ਸਰਕਾਰ ਦਾ ਵਿਰੋਧ ਕੀਤਾ ਜਾਵੇਗਾ ਉਥੇ ਉਹਨਾਂ ਕਾਰਪੋਰੇਟ ਘਰਾਣਿਆਂ ਦਾ ਦੱਬ ਕੇ ਵਿਰੋਧ ਕੀਤਾ ਜਾਵੇਗਾ ਜਿਹੜੇ ਦੇਸ਼ ਨੂੰ ਹੜੱਪਣ ਵਿੱਚ ਪੂਰੀ ਵਾਹ ਲਾ ਰਹੇ ਹਨ ਕਿਸਾਨ ਆਗੂਆਂ ਬੋਲਦਿਆਂ ਕਿਹਾ ਕਿ ਵੱਖ-ਵੱਖ ਬਾਰਡਰਾਂ ਤੇ ਕਿਸਾਨ ਅੰਦੋਲਨ ਕਰ ਰਹੇ ਹਨ ਇਹ ਅੰਦੋਲਨ ਉਨਾ ਚਿਰ ਜਾਰੀ ਰਹੇਗਾ ਜਿੰਨਾ ਚਿਰ ਐਮ ਐਸ ਪੀ ਦੀ ਗਰੰਟੀ ਸਵਆਮੀਨਾਥਨ ਦੀ ਰਿਪੋਰਟ,ਬੀ.ਐਨ.ਐਸ,ਬੀ.ਐਨ.ਐਸ.ਐਸ,ਬੀ.ਐੱਸ.ਏ,ਸਮੁੱਚੇ ਕਿਸਾਨਾਂ ਦਾ ਕਰਜ਼ਾ ਮਾਫ ਅਤੇ ਨਾਲ ਰਹਿੰਦੀਆਂ ਦੂਸਰੀਆਂ ਮੰਗਾਂ ਸਰਕਾਰ ਮੰਨ ਨਹੀਂ ਲੈਂਦੀ ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਸਵਰਨ ਸਿੰਘ ਉਦੋਂ ਨੰਗਲ, ਰਣਧੀਰ ਸਿੰਘ ਬੁੱਟਰ, ਸ਼ਿਵਚਰਨ ਸਿੰਘ, ਹਰਮੀਤ ਸਿੰਘ ਫੌਜੀ ਆਦਿ ਹਾਜ਼ਰ ਸਨ

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

# ਕੁਲਦੀਪ ਸਿੰਘ ਕਾਲਾ ਢਿੱਲੋਂ ਬਣ ਸਕਦੇ ਹਨ ਬਰਨਾਲਾ ਹਲਕੇ ਦੇ ਲੋਕਾਂ ਦੀ ਪਹਿਲੀ ਪਸੰਦ



**ਬਰਨਾਲਾ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵਿੱਚ ਕੈਬਨਿਟ ਮੰਤਰੀ ਸ, ਗੁਰਮੀਤ ਸਿੰਘ ਮੀਤ ਹੇਅਰ ਦੇ ਸੰਗਰੂਰ ਤੋਂ ਲੋਕ ਸਭਾ ਮੈਂਬਰ ਚੁਣੇ ਜਾਣ ਨਾਲ ਬਰਨਾਲਾ ਵਿਧਾਨ ਸਭਾ ਹਲਕੇ ਦੀ ਸੀਟ ਖਾਲੀ ਹੋ ਚੁੱਕੀ ਹੈ ।ਸਰਕਾਰ ਵੱਲੋਂ ਜਿਸ ਦੀ ਜ਼ਿਮਨੀ ਚੋਣ ਆਉਣ ਵਾਲੇ ਸਮੇਂ ਵਿੱਚ ਕਰਵਾਉਣ ਦੇ ਚਰਚੇ ਚੱਲ ਰਹੇ ਹਨ। ਜਿਸ ਵਿੱਚ ਵੱਖ-ਵੱਖ ਪਾਰਟੀਆਂ ਦੇ ਉਮੀਦਵਾਰਾਂ ਵੱਲੋਂ ਆਪਣੀਆਂ ਸਰਗਰਮੀਆਂ ਤੇਜ਼ ਕੀਤੀਆਂ ਹੋਈਆਂ ਹਨ। ਇਸੇ ਹੀ ਤਹਿਤ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸਰਦਾਰ ਕੁਲਦੀਪ ਸਿੰਘ ਕਾਲਾ ਢਿੱਲੋ ਕਾਂਗਰਸ ਪਾਰਟੀ ਦੇ ਮਜਬੂਤ ਦਾਅਵੇਦਾਰ ਹਨ। ਉਹ ਪਿਛਲੇ ਲੰਮੇ ਸਮੇਂ ਤੋਂ ਪਾਰਟੀ ਦੇ ਗਰਾਊਂਡ ਲੈਵਲ ਤੋਂ ਲੈ ਕੇ ਜ਼ਿਲਾ ਪ੍ਰਧਾਨਗੀ ਤੱਕ ਲੋਕਾਂ ਦੇ ਦੁੱਖਾਂ, ਸੁੱਖਾਂ ਵਿੱਚ ਜਾਣਾ ਉਹਨਾਂ ਦੇ ਹਿੱਸੇ ਆਇਆ ਹੈ। ਜੇਕਰ ਬਰਨਾਲਾ ਜਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ, ਕਾਂਗਰਸ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਮੁਕਾਬਲਾ ਹੁੰਦਾ ਹੈ ਤਾਂ ਇਹਨਾਂ ਸਾਰਿਆਂ ਵਿੱਚੋਂ ਕੁਲਦੀਪ ਸਿੰਘ ਕਾਲਾ ਢਿੱਲੋ ਦੇ ਜਿੱਤਣ ਦੇ ਚਾਂਣਸ ਵੱਧ ਬਣਦੇ ਹਨ ਕਿਉਂਕਿ ਕਾਲਾ ਢਿੱਲੋਂ ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਦੇ ਵਿੱਚ ਵੀ ਆਪਣਾ ਵਡਮੁੱਲਾ ਯੋਗਦਾਨ ਪਾ ਰਹੇ ਹਨ। ਇਸ ਕਰਕੇ ਕਾਲਾ ਢਿੱਲੋਂ ਬਰਨਾਲਾ ਹਲਕੇ ਦੇ ਲੋਕਾਂ ਦੀ ਪਹਿਲੀ ਪਸੰਦ ਬਣ ਸਕਦੇ ਹਨ ।

## ਰੱਬ ਰੁਸਿਆ ਅਕਾਲੀਆਂ ਨਾਲ



ਰੱਬ ਰੁਸਿਆ ਨਾਲ ਅਕਾਲੀਆਂ ਦੇ, ਹਵਾ ਇਨ੍ਹਾਂ ਦੇ ਉਲਟ ਖਿਲਾਫ ਚੱਲੇ ।
ਹਰ ਹਾਰ ਤੋਂ ਬਾਅਦ ਹੈ ਹਾਰ ਹੁੰਦੀ, ਪੰਚੀ ਜਿੰਨੀ ਵੋਟ ਨਾ ਰਹੀ ਪੱਲੇ ।
ਸੌਦਾ ਸਾਧ ਨੂੰ ਇਨ੍ਹਾਂ ਨੇ ਮਾਫ਼ ਕੀਤਾ, ਜਥੇਦਾਰਾਂ ਨੂੰ ਉਪਰੋਂ ਫੁਰਮਾਨ ਘੱਲੇ ।
ਜਵਾਹਰਕੇ ਵਾਲੀ ਬੇਅਦਬੀ ਭੁੱਲਦੀ ਨਾ, ਕੋਟਕਪੂਰਾ ਬਰਗਾੜੀ ਦੇ ਜੱਖਮ ਅੱਲੇ ।
ਕਰੀ ਬੇਅਦਬੀ ਉਹਦਾ ਨਾਂ ਕੱਖ ਰਹੇ, ਬੀਬਾ ਕਰੀ ਅਰਦਾਸ ਸੀ ਅੱਡ ਪੱਲੇ ।
ਸਾਥ ਛੱਡ ਗਏ ਜਿਨ੍ਹਾਂ ਮਲਾਈ ਖਾਧੀ, ਹੋ ਗਏ ਬਾਗੀ ਸੁਖਬੀਰ ਨੂੰ ਛੱਡ ਕੱਲੇ ।
ਸੁਖਬੀਰ ਬਾਦਲਾ ਹੱਥੀਂ ਤੂੰ ਬੀਜ਼ ਕੰਡੇ, ਮੇਵੇ, ਬਦਾਮ, ਦਾਖਾਂ ਤੂੰ ਟੋਲਦਾ ਏ।
ਗਲੀਆਂ ਵਿਚ ਗੁਰੂ ਦੇ ਅੰਗ ਰੋਲੇ, ਗੁਰੂ ਅੱਜ ਤੁਹਾਨੂੰ ਵੀ ਰੋਲਦਾ ਏ।
ਉੜਾਪੜ ਵਾਲਿਆ ਪੰਥ ਦੇ ਲਾਏ ਨਾਅਰੇ, ਨੀਵਾਂ ਪੰਥ ਦਾ ਝੰਡਾ ਹੈ ਕਰ ਦਿੱਤਾ।
ਤੱਕੜੀ ਛੱਡਕੇ ਹਾਥੀ ਦੇ ਮਗਰ ਦੌੜੇ, ਤੁਸੀਂ ਹਾਥੀ ਵੀ ਲੰਡਾ ਕਰ ਦਿੱਤਾ।

**ਕਾਵਿ ਰਚਨਾ:- ਢਾਡੀ ਗੁਰਦੀਪ ਸਿੰਘ ਉੜਾਪੜ**
**ਮੋਬਾਈਲ ਨੰ:** 94631-78288

# ਸਰਕਾਰਾਂ ਦੀ ਤਾਨਾਸ਼ਾਹੀ ਖਿਲਾਫ 15 ਅਗਸਤ ਨੂੰ ਕੱਢੇ ਜਾਣ ਵਾਲੇ ਟਰੈਕਟਰ ਮਾਰਚ ਵਿੱਚ ਸੈਂਕੜੇ ਟਰੈਕਟਰਾਂ ਦੇ ਕਾਫਲੇ ਅੰਮ੍ਰਿਤਸਰ ਦੀਆਂ ਸੜਕਾਂ ਤੇ ਗੂਜਣਗੇ

## ☛ ਜੇਕਰ ਡੇਅਰੀ ਫਾਰਮ ਕਿਸਾਨਾਂ ਨੂੰ ਤੰਗ ਪਰੇਸ਼ਾਨ ਕੀਤਾ ਤਾਂ ਬਿਜਲੀ ਵਿਭਾਗ ਅਤੇ ਸਰਕਾਰ ਖਿਲਾਫ ਵੱਡਾ ਸੰਘਰਸ਼ ਵਿੱਢਿਆ ਜਾਵੇਗਾ: ਪ੍ਰਧਾਨ ਨੰਗਲੀ



**ਚੰਡੀਗੜ੍ਹ, 13 ਅਗਸਤ (ਆਵਾਜਿ ਕੌਮ ਬਿਊਰੋ ਰਿਪੋਰਟ)**- ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਨੰਗਲੀ ਦੀ ਅਗਵਾਈ ਹੇਠ ਡੇਅਰੀ ਕੰਪਲੈਕਸ 65 ਕਿੱਲੇ ਪਿੰਡ ਫਤਾਹਪੁਰ ਵਿਖੇ ਡੇਅਰੀ ਫਾਰਮ ਕਿਸਾਨਾਂ ਨਾਲ ਮੀਟਿੰਗ ਕੀਤੀ ਗਈ ।ਜਿਸ ਵਿੱਚ ਡੇਅਰੀ ਫਾਰਮ ਸਬੰਧੀ ਆ ਰਹੀਆਂ ਮੁਸ਼ਿਕਲਾਂ ਦਾ ਸਾਹਮਣਾ ਕਰ ਰਹੇ ਕਿਸਾਨਾਂ ਨੇ ਦੱਸਿਆ ਕਿ ਜਿੱਥੇ ਸਰਕਾਰ ਸਾਡੇ ਕਾਰੋਬਾਰ ਡੇਅਰੀ ਫਾਰਮ ਨੂੰ ਖਤਮ ਕਰ ਸ਼ਹਿਰਾਂ ਚੋਂ ਬਾਹਰ ਕੱਢਣਾ ਚਾਹੁੰਦੀ ਹੈ ।ਉੱਥੇ ਹੀ ਕਨੈਕਸ਼ਨ ਨਾ ਦੇ ਕੇ ਬਿਜਲੀ ਵਿਭਾਗ ਦੇ ਮੁਲਾਜ਼ਮਾਂ ਵੱਲੋਂ ਕਿਸਾਨਾਂ ਨੂੰ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ। ਡੇਅਰੀ ਫਾਰਮ ਕਿਸਾਨਾਂ ਦੀਆਂ ਮੁਸ਼ਿਕਲਾਂ ਸੁਣਦੇ ਹੋਏ ਸਿੱਧੂਪੁਰ ਜਥੇਬੰਦੀ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਕਰਮਜੀਤ ਸਿੰਘ ਨੰਗਲੀ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਖਿਲਾਫ ਉਹ ਸੰਘਰਸ਼ ਕਰ ਰਹੇ ਹਨ ।ਉੱਥੇ ਹੀ ਡੇਅਰੀ ਕਿਸਾਨ ਵੀਰਾਂ ਦੇ ਹੱਕ 'ਚ ਵੀ ਉਤਰਿਆ ਜਾਵੇਗਾ ।ਪ੍ਰਧਾਨ ਨੰਗਲੀ ਨੇ ਕਿਹਾ ਕਿ ਕਿਸਾਨਾਂ ਦੇ ਹੱਕ 'ਚ ਡੀਂਗਾਂ ਮਾਰਨ ਵਾਲੀ ਭਗਵੰਤ ਮਾਨ ਸਰਕਾਰ ਦਾ ਪਸ਼ੂ ਪਾਲਨ ਵਿਭਾਗ ਵੀ ਫੇਲ ਹੋ ਚੁੱਕਾ ਹੈ ।ਜਦੋਂ ਕਿਸੇ ਕਿਸਾਨ ਦੀ ਮੱਝ 'ਗਾਂ ਬਿਮਾਰ ਹੋ ਜਾਂਦੀ ਹੈ ਤਾਂ ਇੱਥੇ ਸਮੇਂ ਸਿਰ ਸਰਕਾਰੀ ਡਾਕਟਰ ਵੀ ਨਹੀਂ ਪਹੁੰਚਦੇ। ਉਨ੍ਹਾਂ ਪੰਜਾਬ ਸਰਕਾਰ ਅਤੇ ਬਿਜਲੀ ਮਹਿਕਮੇ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਡੇਅਰੀ ਫਾਰਮ ਕਿਸਾਨਾਂ ਨੂੰ ਤੰਗ ਪਰੇਸ਼ਾਨ ਕੀਤਾ ਤਾਂ ਉਹਨਾਂ ਦੇ ਖਿਲਾਫ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।

ਉੱਥੇ ਹੀ ਪ੍ਰਸ਼ਾਸਨ ਤੋਂ ਦੁਖੀ ਹੋ ਕੇ ਡੇਅਰੀ ਫਾਰਮ ਕਿਸਾਨਾਂ ਨੇ ਜਥੇਬੰਦੀ ਦਾ ਪੱਲਾ ਫੜਿਆ ਤੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਨੰਗਲੀ ਦੀ ਅਗਵਾਈ ਹੇਠ ਡੇਅਰੀ ਫਾਰਮ ਕੰਪਲੈਕਸ 65 ਕਿੱਲੇ ਪਤਾਹਪੁਰ ਵਿਖੇ ਕਿਸਾਨ ਕਮੇਟੀ ਦਾ ਗਠਨ ਕੀਤਾ ਗਿਆ। ਜਿਸ ਵਿੱਚ ਚੁਣੇ ਗਏ ਪ੍ਰਧਾਨ ਬਲਜਿੰਦਰ ਸਿੰਘ ਨੇ ਕਿਹਾ ਕਿ ਇਸ ਮੁਸ਼ਿਕਲ ਲਈ ਅਸੀਂ ਬਹੁਤ ਵਾਰ ਹਲਕਾ ਵਿਧਾਇਕ ਅਤੇ ਸਬੰਧਿਤ ਮੈਂਬਰ ਪਾਰਲੀਮੈਂਟ ਨੂੰ ਵੀ ਦੱਸ ਚੁੱਕੇ ਹਾਂ ਪਰ ਕੋਈ ਹਲ ਨਹੀਂ ਨਿਕਲ਼ਿਆ। ਜਿਸ ਕਰਕੇ ਸਾਨੂੰ ਕਿਸਾਨ ਜਥੇਬੰਦੀ ਦਾ ਪੱਲਾ ਫੜਨਾ ਪਿਆ ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਨੰਗਲੀ ਨੇ ਕਿਹਾ ਕਿ ਸਰਕਾਰਾਂ ਦੀ ਤਾਨਾਸ਼ਾਹੀ ਖਿਲਾਫ 15 ਅਗਸਤ ਨੂੰ ਕੱਢੇ ਜਾਣ ਵਾਲੇ ਟਰੈਕਟਰ ਮਾਰਚ ਵਿੱਚ ਸੈਂਕੜੇ ਟਰੈਕਟਰਾਂ ਦੇ ਕਾਫਲੇ ਅੰਮ੍ਰਿਤਸਰ ਦੀਆਂ ਸੜਕਾਂ ਤੇ ਗੂਜਣਗੇ ।ਇਸ ਮੌਕੇ ਕਮੇਟੀ ਦੇ ਚੁਣੇ ਗਏ ਮੀਤ ਪ੍ਰਧਾਨ ਰਸਾਲ ਸਿੰਘ,ਜਰਨਲ ਸਕੱਤਰ ਅਮਰੀਕ ਸਿੰਘ,ਗੁਰਜੀਤ ਸਿੰਘ ਖਜ਼ਾਨਚੀ,ਜਸਬੀਰ ਸਿੰਘ ਜਥੇਬੰਦਕ ਸਕੱਤਰ, ਸੁਖਵਿੰਦਰ ਸਿੰਘ ਸੇਠੀ ਫਤਾਹਪੁਰ, ਰਵਿੰਦਰ ਸਿੰਘ ਸਮਰਾ, ਦਵਿੰਦਰ ਸਿੰਘ ਹੁੰਦਲ,ਲਾਲੀ ਸ਼ਾਹ,ਜਗਦੀਪ ਸਿੰਘ ਪੰਨੂ,ਜ਼ਿਲ੍ਹਾ ਆਗੂ ਬਲਰਾਮ ਸਿੰਘ ਝੰਜੋਟੀ,ਡਾ ਬਚਿੱਤਰ ਸਿੰਘ ਕੋਟਲਾ,ਗੋਰਾ ਨੰਗਲੀ,ਡਾ ਗੁਰਮੇਲ ਸਿੰਘ ਆਦਿ ਹਾਜ਼ਰ ਸਨ ।

## 'ਵਿਦਿਆ ਵੀਚਾਰੀ ਤਾ ਪਰਉਪਕਾਰੀ'

# ਦੇ ਰਸਤੇ ਤੁਰਦੀ ਪੰਜਾਬੀ ਯੂਨੀਵਰਸਿਟੀ

**ਪੰਜਾਬੀ** ਯੂਨੀਵਰਸਿਟੀ ਲਈ ਚੰਗੀ ਖ਼ਬਰ ਹੈ ਕਿ 2024 ਵਿੱਚ ਯੂਨੀਵਰਸਿਟੀ ਦੇ ਅੰਡਰਗਰੈਜੂਏਟ ਕੋਰਸਾਂ ਵਿੱਚ 40 ਫੀਸਦੀ ਵਾਧਾ ਹੋਇਆ ਹੈ। ਇਸ ਬਹਾਨੇ ਪੰਜਾਬੀ ਯੂਨੀਵਰਸਿਟੀ ਦੀਆਂ ਵਿਲੱਖਣਤਾਵਾਂ ਬਾਰੇ ਗੱਲ ਕੀਤੀ ਜਾ ਸਕਦੀ ਹੈ। ਪੰਜਾਬੀ ਯੂਨੀਵਰਸਿਟੀ ਦਾ ਨਾਮ ਜਦੋਂ ਜ਼ੁਬਾਨ ਤੇ ਆਉਂਦਾ ਹੈ, ਤਾਂ ਮਨ ਵਿੱਚ ਪੰਜਾਬੀ ਮਾਂ ਬੋਲੀ ਲਈ ਇੱਜਤ-ਮਾਣ ਹੋਰ ਵੀ ਜਿਆਦਾ ਵੱਧ ਜਾਂਦਾ ਹੈ। ਪੰਜਾਬੀ ਯੂਨੀਵਰਸਿਟੀ ਸੱਚਮੁਚ 'ਵਿਦਿਆ ਵੀਚਾਰੀ ਤਾ ਪਰਉਪਕਾਰੀ' ਦੇ ਰਸਤੇ ਤੁਰਨ ਵਾਲਾ ਅਦਾਰਾ ਹੈ।



ਪੰਜਾਬੀ ਯੂਨੀਵਰਸਟੀ ਭਾਰਤ ਦੀ ਪਹਿਲੀ ਅਤੇ ਇਜ਼ਰਾਈਲ ਦੀ ਹੀਬਰਿਊ ਯੂਨੀਵਰਸਿਟੀ ਤੋਂ ਬਾਅਦ ਦੁਨੀਆ ਦੀ ਦੂਜੀ ਯੂਨੀਵਰਸਿਟੀ ਹੈ, ਜੋ ਭਾਸ਼ਾ ਦੇ ਨਾਮ ਤੇ ਸਥਾਪਿਤ ਕੀਤੀ ਗਈ ਹੈ।

ਇਤਿਹਾਸ ਉੱਤੇ ਝਾਤੀ ਮਾਰੀਏ ਤਾਂ ਪੰਜਾਬ ਵਿਧਾਨ ਸਭਾ ਨੇ 1961 ਦੇ ਐਕਟ ਨੰਬਰ 35 ਅਧੀਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਸਥਾਪਨਾ 30 ਅਪ੍ਰੈਲ 1962 ਵਿਚ ਕੀਤੀ ਗਈ। ਇਸ ਉਪਰੰਤ ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਐਸ. ਰਾਧਾ. ਕ੍ਰਿਸ਼ਨਨ ਵਲੋਂ 24 ਜੂਨ 1962 ਈ. ਵਿਚ ਇਸਦਾ ਨੀਂਹ ਪੱਥਰ ਰੱਖਿਆ ਗਿਆ। ਉਹਨਾਂ ਆਪਣੇ ਭਾਸ਼ਣ ਵਿਚ ਕਿਹਾ ਕਿ ਉੱਚ ਸਿੱਖਿਆ ਦੇਣ ਵਾਲੀਆ ਸੰਸਥਾਵਾਂ ਦੇਸ਼/ਕੌਮ ਦੀ ਉਸਾਰੀ ਵਿਚ ਅਹਿਮ ਯੋਗਦਾਨ ਨਿਭਾਉਂਦੀਆਂ ਹਨ। ਸਾਡਾ ਟੀਚਾ ਲੋਕਤੰਤਰ ਭਾਰਤ ਵਿਚ ਸ਼ਕਤੀਸ਼ਾਲੀ ਅਤੇ ਆਜ਼ਾਦ ਨਾਗਰਿਕ ਬਣਾਉਣਾ ਹੈ, ਜਿਹਨਾਂ ਵਿਚ ਵਧਣ-ਫੁੱਲਣ ਦੀ ਬਰਾਬਰ ਸੰਭਾਵਨਾ ਹੋਵੇ। ਇਸ ਕੰਮ ਲਈ ਅਹਿਮ ਜ਼ਿੰਮੇਵਾਰੀ ਯੂਨੀਵਰਸਿਟੀਆਂ ਦੀ ਹੁੰਦੀ ਹੈ। ਪੰਜਾਬੀ ਯੂਨੀਵਰਸਿਟੀ ਨੇ ਦੇਸ਼ ਅਤੇ ਸਮਾਜ ਨੂੰ ਪ੍ਰਮੁੱਖ ਸਖਸ਼ੀਅਤਾਂ ਦਿੱਤੀਆਂ ਹਨ। ਜਿਨ੍ਹਾਂ ਨੇ ਰਾਜਨੀਤੀ, ਖੇਡ ਜਗਤ, ਫਿਲਮ ਖੇਤਰ, ਸੰਗੀਤ ਖੇਤਰ ਅਤੇ ਮੈਡੀਕਲ ਖੇਤਰ ਵਿੱਚ ਉੱਚ ਦਰਜੇ ਤੇ ਜਾ ਕੇ ਸਮਾਜ ਦਾ ਭਲਾ ਕੀਤਾ। ਪੰਜਾਬੀ ਕਵੀ ਵਜੋਂ ਉਭਰੇ ਮਹਿਰੂਮ ਕਵੀ ਸੁਰਜੀਤ ਪਾਤਰ ਵੀ ਪੰਜਾਬੀ ਯੂਨੀਵਰਸਿਟੀ ਦੀ ਉਪਜ ਹਨ। ਪ੍ਰਸਿੱਧ ਅਦਾਕਾਰ ਬਿੰਨੂ ਢਿੱਲੋਂ ਤੋਂ ਲੈ ਕੇ ਫ਼ਿਲਮ ਲੇਖਕ ਅਦਾਕਾਰ ਅੰਬਰਦੀਪ ਅਤੇ ਨਰੇਸ਼ ਕਥੂਰੀਆ ਤੱਕ ਇਸੇ ਯੂਨੀਵਰਸਿਟੀ ਵਿੱਚ ਕਿਸੇ ਸਮੇ ਵਿਦਿਆਰਥੀ ਰਹੇ ਹਨ। ਰਾਜਨੀਤੀ ਦੇ ਖੇਤਰ ਵਿੱਚ ਕਾਂਗਰਸ ਦੇ ਸੀਨੀਅਰ ਲੀਡਰ ਅਤੇ ਅਦਾਕਾਰਾ ਰਾਜ ਬੱਬਰ ਪੰਜਾਬੀ ਯੂਨੀਵਰਸਿਟੀ ਦੇ ਵਿਦਿਆਰਥੀ ਰਹੇ ਹਨ। ਪੰਜਾਬੀ ਯੂਨੀਵਰਸਟੀ ਨੇ ਬਹੁਤ ਹੀ ਉੱਚ ਕੋਟੀ ਦੇ ਪੱਤਰਕਾਰ ਦਿੱਤੇ ਹਨ। ਜਿਨ੍ਹਾਂ ਵਿੱਚੋ ਸੁਰਿੰਦਰ ਸਿੰਘ 'ਟਾਕਿੰਗ ਪੰਜਾਬ' ਦਾ ਨਾਮ ਲਿਆ ਜਾ ਸਕਦਾ ਹੈ। ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਬਹੁਤ ਸਾਰੇ ਵਿਦਵਾਨ ਅਤੇ ਸਾਹਿਤਕਾਰ ਦਿੱਤੇ ਹਨ। ਜਿਨ੍ਹਾਂ ਵਿੱਚੋਂ ਦਲੀਪ ਕੌਰ ਟਿਵਾਣਾ ਜੋ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵਿੱਚ ਮੁਖੀ ਵਜੋਂ ਸੇਵਾਵਾਂ ਨਿਭਾਅ ਚੁੱਕੇ ਹਨ। ਇਸ ਤੋਂ ਇਲਾਵਾ ਡਾ. ਬਲਵਿੰਦਰ ਕੌਰ ਬਰਾੜ ਪੰਜਾਬੀ ਵਿਭਾਗ ਦੇ ਮੁਖੀ ਰਹਿ ਚੁੱਕੇ ਹਨ। ਗਾਇਕੀ ਦੇ ਖੇਤਰ ਵਿਚ ਪੰਜਾਬੀ ਯੂਨੀਵਰਸਿਟੀ ਨੇ ਬਹੁਤ ਸਾਰੇ ਨਾਮੀ ਕਲਾਕਾਰ ਦਿੱਤੇ ਹਨ, ਜਿਨ੍ਹਾਂ ਵਿਚੋਂ ਲੋਕ ਗਾਇਕ ਪੰਮੀ ਬਾਈ ਤੋਂ ਲੈ ਕੇ ਗੁਰਦਾਸ ਮਾਨ ਤੱਕ ਦਾ ਨਾਮ ਸਾਹਮਣੇ ਆਉਦਾ ਹੈ।

ਪੰਜਾਬੀ ਯੂਨੀਵਰਸਿਟੀ ਅਗਵਾਈ ਸ਼ੁਰੂ ਤੋਂ ਹੀ ਉੱਚ ਕੋਟੀ ਦੇ ਦਾਨਿਸ਼ਵਰਾਂ ਨੇ ਕੀਤੀ ਹੈ। ਯੂਨੀਵਰਸਿਟੀ ਦੇ ਪਹਿਲੇ ਉਪ-ਕੁਲਪਤੀ ਪ੍ਰਿੰਸੀਪਲ ਜੋਧ ਸਿੰਘ ਸਨ। ਉਹਨਾਂ ਨੇ ਆਪਣੀਆਂ ਸੇਵਾਵਾਂ 1962 ਤੋਂ 1966 ਤੱਕ ਨਿਭਾਈਆਂ। ਸਰਦਾਰ ਜੋਧ ਸਿੰਘ ਵੀਹਵੀਂ ਸਦੀ ਦੇ ਪ੍ਰਮੁੱਖ ਸਿੱਖ ਵਿਦਵਾਨ, ਧਰਮ-ਸ਼ਾਸਤਰੀ, ਦਾਰਸ਼ਿਨਕ, ਪ੍ਰਬੰਧਕ ਤੇ ਵਿਆਖਿਆਕਾਰ ਵਜੋਂ ਉਭਰ ਕੇ ਸਾਹਮਣੇ ਆਏ। ਉਹਨਾਂ ਦਾ ਜਨਮ ਉਸ ਸਮੇਂ ਹੋਇਆ ਜਦੋਂ ਸਿੰਘ ਸਭਾ ਲਹਿਰ ਚੱਲ ਰਹੀ ਸੀ। ਉਹਨਾਂ ਨੇ ਨਾ ਕੇਵਲ ਇਸ ਲਹਿਰ ਦਾ ਅਸਰ ਕਬੂਲਿਆ ਸਗੋਂ ਲੋੜ ਪੈਣ 'ਤੇ ਯੋਗ ਅਗਵਾਈ ਵੀ ਦਿੱਤੀ।

ਭਾਈ ਸਾਹਿਬ ਦੀ ਵਿੱਦਿਅਕ ਯੋਗਤਾ ਦੀ ਸਫਲ ਸਥਾਪਨਾ ਦੇਖ ਦੇ ਹੋਏ ਭਾਈ ਸਾਹਿਬ ਨੂੰ ਅੱਸੀ ਸਾਲ ਦੀ ਉਮਰ ਵਿੱਚ (1962- 66) ਤੱਕ ਨੂੰ ਪੰਜਾਬੀ ਯੂਨੀਵਰਸਿਟੀ ਦਾ ਵਾਈਸ-ਚਾਂਸਲਰ ਥਾਪਿਆ ਗਿਆ। ਭਾਈ ਸਾਹਿਬ ਨੂੰ ਪੰਜਾਬੀ ਯੂਨੀਵਰਸਿਟੀ ਦੇ ਪਹਿਲੇ ਵਾਈਸ-ਚਾਂਸਲਰ ਹੋਣ ਦਾ ਮਾਣ ਪ੍ਰਾਪਤ ਹੈ। ਤਿੰਨ ਤੋਂ ਚਾਰ ਸਾਲ ਭਾਈ ਸਾਹਿਬ ਨੇ ਇਹ ਸੇਵਾ ਤਨ-ਮਨ ਨਾਲ ਨਿਭਾਈ।

ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਦੂਜੇ ਵਾਈਸ ਚਾਂਸਲਰ ਦਾ ਨਾਮ ਕਿਰਪਾਲ ਸਿੰਘ ਨਾਰੰਗ ਵਜੋਂ ਸਾਹਮਣੇ ਆਉਦਾ ਹੈ। ਇਹਨਾਂ ਦਾ ਕਾਰਜਕਾਲ 1966 ਤੋਂ 1975 ਤੱਕ ਰਿਹਾ, ਉਹ ਇਕ ਇਤਿਹਾਸਕਾਰ ਸਨ। ਪੰਜਾਬੀ ਯੂਨੀਵਰਸਿਟੀ ਦਾ ਮੁੱਖ ਮੰਤਵ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦਾ ਬਹੁ-ਪੱਖੀ ਵਿਕਾਸ ਕਰਨਾ ਅਤੇ ਪੰਜਾਬੀ ਭਾਸ਼ਾ ਨੂੰ ਉਚੇਰੀ ਸਿੱਖਿਆ ਵਿੱਚ ਮਾਧਿਅਮ ਵਜੋਂ ਵਿਕਸਤ ਕਰਨਾ, ਵੱਖ-ਵੱਖ ਵਿਸ਼ਿਆਂ ਦੇ ਇਮਤਿਹਾਨ ਪੰਜਾਬੀ ਭਾਸ਼ਾ ਵਿੱਚ ਲੈਣਾ ਖਾਸ ਕਰਕੇ ਇਸ ਵਿੱਚ ਉੱਚ ਸਿੱਖਿਆ ਤੇ ਖੋਜ ਦੀ ਤਰੱਕੀ ਕਰਨਾ ਸ਼ਾਮਲ ਹੈ।

ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਹਵਾਲੇ ਨਾਲ ਸਾਡੀ ਮਾਂ ਬੋਲੀ ਦੇ ਪ੍ਰਚਾਰ ਅਤੇ ਪਸਾਰ ਵਿੱਚ ਪੰਜਾਬੀ ਯੂਨੀਵਰਸਿਟੀ ਦਾ ਬਹੁਤ ਵੱਡਾ ਯੋਗਦਾਨ ਰਿਹਾ ਹੈ। ਦੁਨੀਆ ਦੇ ਵੱਡੇ ਵਿਦਵਾਨ ਅਤੇ ਸਾਹਿਤਕਾਰਾ ਨੂੰ ਪੰਜਾਬੀ ਭਾਸ਼ਾ ਵਿੱਚ ਅਨੁਵਾਦ ਕਰਕੇ ਗਿਆਨ ਦੇ ਵੱਡੇ ਦਰਿਆ ਪਾਰ ਕਰਕੇ ਪੰਜਾਬੀ ਪਾਠਕਾਂ ਤੱਕ ਪਹੁੰਚਾਇਆ ਹੈ। ਮਾਨਵੀ ਵਿਕਾਸ ਅਤੇ ਕੌਮੀ ਨਿਰਮਾਣ ਵਿੱਚ ਲਾਇਬ੍ਰੇਰੀਆਂ ਇਕ ਮੀਲ ਪੱਥਰ ਸਾਬਤ ਹੁੰਦੀਆਂ ਹਨ। ਪੰਜਾਬੀ ਯੂਨੀਵਰਸਿਟੀ ਨੂੰ ਇਸ ਗੱਲ ਤੇ ਵਧੇਰੇ ਮਾਣ ਹੈ ਕਿ ਇਸ ਗਿਆਨ ਦਾ ਅਥਾਹ ਅਤੇ ਵਿਸ਼ਾਲ ਸਾਗਰ ਆਪਣੀਆਂ ਲਾਇਬ੍ਰੇਰੀਆਂ ਰਾਹੀ ਸਾਂਭਿਆ ਹੋਇਆ ਹੈ। ਪੰਜਾਬੀ ਯੂਨੀਵਰਸਟੀ ਵਿਚ ਮਹਾਨ ਕੋਸ਼ ਭਾਈ ਕਾਨ੍ਹ ਸਿੰਘ ਨਾਭਾ ਦੇ ਨਾਮ ਬਣੀ ਲਾਇਬ੍ਰੇਰੀ ਹੈ। ਜਿਸ ਵਿਚ ਵਿਸ਼ਾਲ ਆਧੁਨਿਕ ਅਤੇ ਤਕਨੀਕੀ , ਵਾਈ-ਫਾਈ ਸਮਰਥਿਤ ਬਿਲਡਿੰਗ ਸਟਾਕ ਵਿੱਚ 5,20,000 ਤੋਂ ਵੱਧ ਕਿਤਾਬਾਂ ਦਾ ਭੰਡਾਰ ਹੈ । ਨਵੀਨਤਮ ਕਿਤਾਬਾਂ ਹਰ ਸਾਲ ਨਿਯਮਿਤ ਤੌਰ 'ਤੇ ਸ਼ਾਮਲ ਕੀਤੀਆਂ ਜਾਂਦੀਆਂ ਹਨ। ਲਾਇਬ੍ਰੇਰੀ ਨੂੰ ਸਾਲ ਦੇ 365 ਦਿਨ ਹਰ ਰੋਜ਼ ਸਵੇਰੇ 8.15 ਵਜੇ ਤੋਂ ਰਾਤ 8.15 ਵਜੇ ਤੱਕ ਖੁੱਲ੍ਹਾ ਰੱਖਿਆ ਜਾਂਦਾ ਹੈ। ਲਾਇਬ੍ਰੇਰੀ ਵਿੱਚ ਇੱਕ ਸ਼ਾਨਦਾਰ ਰੀਡਿੰਗ ਹਾਲ ਹੈ, ਜਿਸ ਵਿੱਚ 500 ਤੋਂ ਵੱਧ ਪਾਠਕਾਂ ਦੇ ਬੈਠਣ ਦੀ ਸਮਰੱਥਾ ਹੈ ਜਿੱਥੇ ਉਹ ਬੈਠ ਕੇ ਹਵਾਲਾ ਪੁਸਤਕਾਂ ਅਤੇ ਹੋਰ ਸੰਬੰਧਿਤ ਸਾਹਿਤ ਦੀ ਸਲਾਹ ਲੈ ਸਕਦੇ ਹਨ। ਪਾਠਕਾਂ ਲਈ 365⊘24⊘7 ਏਸੀ, ਬਾਥਰੂਮ ਅਤੇ ਵਾਈ-ਫਾਈ ਦੀਆਂ ਸਹੂਲਤਾਂ ਵਾਲਾ ਇੱਕ ਵੱਖਰਾ ਨਾਈਟ ਰੀਡਿੰਗ ਹਾਲ ਉਪਲਬਧ ਹੈ। ਲਾਇਬ੍ਰੇਰੀ 9©6*92©5" ਪ੍ਰੋਗਰਾਮ ਵਿੱਚ ਸਰਗਰਮੀ ਨਾਲ ਹਿੱਸਾ ਲੈ ਰਹੀ ਹੈ। ਇਹ ਸਾਰੇ ਅਧਿਆਪਨ ਅਤੇ ਖੋਜ ਵਿਭਾਗਾਂ ਦੀਆਂ ਲੋੜਾਂ ਨੂੰ ਪੂਰਾ ਕਰਦਾ ਹੈ।

**ਡਾ. ਗੰਡਾ ਸਿੰਘ ਪੰਜਾਬੀ ਰੈਫਰੈਂਸ ਲਾਇਬ੍ਰੇਰੀ:** ਡਾ ਗੰਡਾ ਸਿੰਘ ਦੇ ਨਾਮ ਤੇ ਬਣੀ ਪੰਜਾਬੀ ਰੈਫਰੈਂਸ ਲਾਇਬ੍ਰੇਰੀ ਨਾਂ ਦਾ ਇੱਕ ਨਵਾਂ ਵਿਸ਼ੇਸ਼ ਵਿੰਗ ਜੋੜਿਆ ਗਿਆ ਹੈ। ਇਸ ਲਾਇਬ੍ਰੇਰੀ ਦਾ ਉਦੇਸ਼ ਪੰਜਾਬ ਦੇ ਇਤਿਹਾਸ, ਸੱਭਿਆਚਾਰ, ਸਿੱਖ ਧਰਮ, ਪੰਜਾਬੀ ਭਾਸ਼ਾ ਅਤੇ ਸਾਹਿਤ ਬਾਰੇ ਇੱਕ ਮਜ਼ਬੂਤ ਸੰਗ੍ਰਹਿ ਤਿਆਰ ਕਰਨਾ ਹੈ। ਇਸ ਲਾਇਬ੍ਰੇਰੀ ਦੇ ਅਮੀਰ ਸੰਗ੍ਰਹਿ ਵਿੱਚ 1.5 ਲੱਖ ਤੋਂ ਵੱਧ ਦਸਤਾਵੇਜ਼ ਸ਼ਾਮਲ ਹਨ। ਇਸ ਲਾਇਬ੍ਰੇਰੀ ਵਿੱਚ ਦੁਨੀਆ ਭਰ ਵਿੱਚ ਕਿਤੇ ਵੀ ਪ੍ਰਕਾਸ਼ਿਤ ਹੋਣ ਵਾਲੇ ਲਗਭਗ 125 ਮਹੱਤਵਪੂਰਨ ਰੋਜ਼ਾਨਾ, ਹਫਤਾਵਾਰੀ, ਅਖਬਾਰ ਅਤੇ ਮੈਗਜ਼ੀਨ ਨਿਯਮਿਤ ਰੂਪ ਵਿੱਚ ਪ੍ਰਾਪਤ ਹੁੰਦੇ ਹਨ। ਉੱਘੇ ਇਤਿਹਾਸਕਾਰਾਂ ਅਤੇ ਸਾਹਿਤਕਾਰਾਂ ਤੋਂ ਤਕਰੀਬਨ 70,000 ਦਸਤਾਵੇਜ਼ ਇਕੱਠੇ ਕੀਤੇ ਗਏ ਹਨ। ਇਨ੍ਹਾਂ ਵਿੱਚ 19ਵੀਂ ਅਤੇ 20ਵੀਂ ਸਦੀ ਨਾਲ ਸਬੰਧਤ ਅਖ਼ਬਾਰ, ਰਸਾਲੇ, ਕਿਤਾਬਾਂ, ਡਾਇਰੀਆਂ ਅਤੇ ਹੱਥ-ਲਿਖਤਾਂ ਸ਼ਾਮਲ ਹਨ। ਇਨ੍ਹਾਂ ਦਸਤਾਵੇਜ਼ਾਂ ਵਿੱਚ ਜਾਣਕਾਰੀ ਦੀਆਂ ਖਾਣਾਂ ਹਨ, ਜੋ ਵਿਦਵਾਨਾਂ ਲਈ ਬਹੁਤ ਮਹੱਤਵ ਰੱਖਦੀਆਂ ਹਨ। ਪੰਜਾਬੀ ਯੂਨੀਵਰਸਿਟੀ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਭਵਨ ਕੋਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 62 ਹੱਥ ਲਿਖਤ ਪਵਿੱਤਰ ਸਰੂਪ ਮੋਜੂਦ ਹਨ, ਜੋ ਕਿ ਬਹੁਤ ਦੁਰਲੱਭ ਅਤੇ ਕੀਮਤੀ ਖ਼ਜ਼ਾਨਾ ਹਨ।

ਪੰਜਾਬੀ ਯੂਨੀਵਰਸਿਟੀ 316 ਏਕੜ ਦੇ ਹਰੇ-ਭਰੇ ਪ੍ਰਦੂਸ਼ਣ ਮੁਕਤ ਕੈਂਪਸ ਵਿੱਚ 1965 ਤੋਂ ਵਿਦਿਆ ਦਾ ਚਾਨਣ ਵੰਡ ਰਹੀ ਹੈ। ਪੰਜਾਬੀ ਯੂਨੀਵਰਸਟੀ ਇਸ ਸਮੇਂ 70 ਤੋਂ ਵੱਧ ਅਧਿਆਪਨ ਅਤੇ ਖੋਜ ਵਿਭਾਗ ਹਨ। ਇਸ ਤੋ ਇਲਾਵਾ 9 ਵਿਸ਼ੇਸ਼ ਚੇਅਰਾਂ, 8 ਨੇਬਰਹੁੱਡ ਕੈਂਪਸ, 6 ਰਿਜਨਲ ਸੈਂਟਰ ਅਤੇ 13 ਕਾਂਸਟੀਚੂਐਂਟ ਕਾਲਜ ਹਨ। ਯੂਨੀਵਰਸਿਟੀ ਇਹਨਾਂ ਸਾਰੇ ਵਿਭਾਗਾਂ ਅਤੇ ਸੈਂਟਰ ਫਾਰ ਡਿਸਟੈਂਸ ਅਤੇ ਆਨਲਾਈਨ ਐਜੂਕੇਸ਼ਨ ਵਿਭਾਗ ਵੱਲੋ ਪੰਜਾਬ ਅਤੇ ਦੇਸ਼ ਵਿਦੇਸ਼ ਲੱਗਪਗ 5 ਲੱਖ ਤੋਂ ਵੱਧ ਵਿਦਿਆਰਥੀਆਂ ਦੀਆਂ ਵਿਦਿਅਕ ਜਰੂਰਤਾਂ ਨੂੰ ਪੂਰਾ ਕਰਨ ਦਾ ਦਮ ਰੱਖਦੀ ਹੈ।

ਕੰਪਿਊਟਰ ਅਤੇ ਤਕਨੀਕੀ ਸ੍ਰੋਤ ਪ੍ਰਦਾਨ ਵਿਚ ਪੰਜਾਬੀ ਯੂਨੀਵਰਸਿਟੀ ਨੇ ਬਹੁਤ ਸਾਰੀਆਂ ਮੱਲਾਂ ਮਾਰੀਆਂ ਹਨ। ਇਸ ਮਾਮਲੇ ਵਿੱਚ ਬਹੁਤ ਸਾਰੇ ਕਾਰਜਾਂ ਦੇ ਨਾਮ ਲਏ ਜਾਂ ਸਕਦੇ ਹਨ। ਜੋ ਸਮਾਜ ਲਈ ਬਹੁਤ ਲਾਹੇਵੰਦ ਹੋ ਨਿੱਬੜੇ ਹਨ। ਉਦਾਹਰਣ ਦੇ ਤੌਰ ਅੰਗਰੇਜ਼ੀ ਭਾਸ਼ਾ ਤੋਂ ਭਾਰਤੀ ਭਾਸ਼ਾ ਵਿਚ ਅਨੁਵਾਦ ਕਰਨ ਵਾਲੇ ਆਟੋਮੈਟਿਕ ਮਸ਼ੀਨ ਟਰਾਂਲੇਸ਼ਨ ਸਿਸਟਮ, ਪੰਜਾਬੀ ਪੀਡੀਆ ਅਤੇ ਪੰਜਾਬੀ ਅਤੇ ਹਿੰਦੀ ਦੇ ਵਿਸ਼ੇਸ਼ ਪ੍ਰਸੰਗ ਵਿਚ ਭਾਰਤੀ ਭਾਸ਼ਾਵਾਂ ਦੇ ਦਸਤਾਵੇਜ਼ਾਂ ਦੇ ਲਈ ਸਾਹਿਤਕ ਪਤਾ ਲਗਾਉਣ ਵਾਲੇ ਉਪਕਰਨ ਇਸ ਤੋਂ ਇਲਾਵਾਂ ਯੂਨੀਵਰਸਿਟੀ ਦੀਆਂ ਬਹੁਤ ਸਾਰੀਆਂ ਪ੍ਰਾਪਤੀਆਂ ਹਨ। ਜਿਨ੍ਹਾਂ ਦੀ ਸੂਚੀ ਬਹੁਤ ਲੰਮੀ ਹੈ।

2023 ਦੇ ਮੁਕਾਬਲੇ 2024 ਵਿੱਚ ਪੰਜਾਬੀ ਯੂਨੀਵਰਸਿਟੀ ਦੇ ਅੰਡਰਗਰੈਜੂਏਟ ਕੋਰਸਾਂ ਵਿੱਚ 40 ਫੀਸਦੀ ਵਾਧਾ ਹੋਇਆ ਹੈ। ਡੀਨ ਅਕਾਦਮਿਕ ਮਾਮਲੇ ਅਤੇ ਕਾਰਜਕਾਰੀ ਰਜਿਸਟਰਾਰ ਡਾ. ਅਸ਼ੋਕ ਕੁਮਾਰ ਤਿਵਾੜੀ ਵੱਲੋਂ ਕੈਂਪਸ ਵਿੱਚ ਵੱਖ-ਵੱਖ ਥਾਵਾਂ ਉੱਤੇ ਚਲਦੀ ਕਾਊਂਸਲਿੰਗ ਦਾ ਮੁਆਇਨਾ ਕਰਨ ਉਪਰੰਤ ਇਹ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਹੈ ਕਿ ਪੰਜਾਬੀ ਯੂਨੀਵਰਸਿਟੀ ਨੂੰ ਪਿਛਲੇ ਸਾਲ ਦੇ ਮੁਕਾਬਲੇ ਪ੍ਰਾਪਤ ਹੋਈਆਂ ਦਾਖ਼ਲਾ ਅਰਜ਼ੀਆਂ ਦੀ ਗਿਣਤੀ ਵਿੱਚ ਲਗਭਗ 40 ਫ਼ੀਸਦੀ ਵਾਧਾ ਵੇਖਣ ਨੂੰ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਕੁਝ ਵਿਭਾਗਾਂ ਵਿੱਚ ਬਿਨੈਕਾਰਾਂ ਦੀ ਗਿਣਤੀ ਲਗਭਗ ਦੁੱਗਣੀ ਹੋ ਗਈ ਹੈ। ਉਨ੍ਹਾਂ ਜਾਣਕਾਰੀ ਦਿੱਤੀ ਕਿ ਯੂਨੀਵਰਸਿਟੀ ਦੇ ਰੀਜਨਲ ਸੈਂਟਰ, ਮੋਹਾਲੀ ਵਿਖੇ ਕੰਪਿਊਟਰ ਸਾਇੰਸ ਵਿੱਚ ਬੀ.ਟੈਕ (ਸੀ.ਐੱਸ.ਈ) ਵਿੱਚ 50 ਅਤੇ ਪੰਜ ਸਾਲਾ ਯੂ.ਜੀ.-ਪੀ.ਜੀ. ਪ੍ਰੋਗਰਾਮ (ਆਨਰਜ਼ ਵਿਦ ਰਿਸਰਚ) ਲਈ ਵੀ ਕਾਫ਼ੀ ਦਾਖ਼ਲਾ ਅਰਜ਼ੀਆਂ ਪ੍ਰਾਪਤ ਹੋਈਆਂ ਹਨ। ਉਨ੍ਹਾਂ ਕਿਹਾ ਕਿ ਪੰਜ ਸਾਲਾ ਏਕੀਕ੍ਰਿਤ ਕੋਰਸਾਂ ਨਾਲ਼ ਸੰਬੰਧਤ ਪ੍ਰਣਾਲੀ ਵਿੱਚ ਕੀਤੇ ਗਏ ਕੁੱਝ ਬਦਲਾਅ, ਜਿਵੇਂ ਕਿ ਦਾਖ਼ਲੇ ਦੇ ਸਮੇਂ ਮੇਜਰ ਵਿਸ਼ਿਆਂ ਦੀ ਵੰਡ ਵਰਗੇ ਮਹੱਤਵਪੂਰਨ ਕਦਮਾਂ ਨੇ ਦਾਖ਼ਲਾ ਲੈਣ ਦੇ ਚਾਹਵਾਨ ਵਿਦਿਆਰਥੀਆਂ ਦੇ ਮਨ ਵਿੱਚ ਇਨ੍ਹਾਂ ਕੋਰਸਾਂ ਸੰਬੰਧੀ ਅਨਿਸ਼ਚਿਤਤਾ ਨੂੰ ਦੂਰ ਕੀਤਾ ਹੈ ਅਤੇ ਸੰਤੁਸ਼ਟੀ ਦੀ ਭਾਵਨਾ ਪੈਦਾ ਕੀਤੀ ਹੈ।

ਪੰਜਾਬੀ ਯੂਨੀਵਰਸਿਟੀ ਨੂੰ ਮੁਲਾਂਕਣ ਅਤੇ ਮਾਨਤਾ ਪ੍ਰਾਪਤ ਕਰਨ ਵਾਲੀ ਰਾਸ਼ਟਰੀ ਸੰਸਥਾ ਨੈਕ ਵੱਲੋ ਏ ਗਰੇਡ ਪ੍ਰਮਾਣਿਤ ਇਸ ਯੂਨੀਵਰਸਿਟੀ ਨੂੰ ਪੰਜਾਬ ਸੂਬੇ ਦੀ ਸਭ ਤੋਂ ਵੱਡੀ ਯੂਨੀਵਰਸਿਟੀ ਹੋਣ ਮਾਣ ਪ੍ਰਾਪਤ ਹੈ। ਖੇਡਾਂ ਦੇ ਖੇਤਰ ਵਿੱਚ ਪੰਜਾਬ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਬਹੁਤ ਹੀ ਮਾਣ ਵਾਲੀਆਂ ਹਨ, ਬਹੁਤ ਵਾਰ ਮਾਕਾ ਟਰਾਫੀ ਹਾਸਲ ਕਰਨ ਵਾਲੀ ਪੰਜਾਬੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਕੌਮੀ ਅਤੇ ਕੌਮਾਂਤਰੀ ਪੱਧਰ ਮੱਲਾਂ ਮਾਰੀਆਂ ਗਈਆਂ ਹਨ।

ਪੰਜਾਬੀ ਯੂਨੀਵਰਸਿਟੀ ਇਕ ਲੰਬਾ ਸਫਰ ਤੈਅ ਕਰ ਚੁੱਕੀ ਹੈ ਇਹ ਪੈਂਡਾ ਸਤਲੁਜ ਦਰਿਆ ਵਾਂਗ ਨਿਰੰਤਰ ਜਾਰੀ ਹੈ। ਆਉਣ ਵਾਲੀਆਂ ਪੀੜ੍ਹੀਆਂ ਲਈ ਇਹ ਯੂਨੀਵਰਸਿਟੀ ਹਮੇਸ਼ਾਂ ਚਾਨਣ ਮੁਨਾਰਾ ਬਣੀ ਰਹੇਗੀ ਇਹ ਦਰਪੇਸ਼ ਚੁਣੌਤੀਆਂ ਦੇ ਬਾਵਜੂਦ ਲਗਾਤਾਰ ਅੱਗੇ ਵਧਦੀ ਗਈ ਹੈ ਅਤੇ ਵੱਧ ਰਹੇਗੀ।

***ਪੰਜਾਬੀ ਯੂਨੀਵਰਸਿਟੀ ਦੇ ਮੌਜੂਦਾ ਕੁਲਪਤੀ ਕਮਲ ਕਿਸ਼ੋਰ ਯਾਦਵ ਹਨ, ਜਿਨ੍ਹਾਂ ਦੀ ਮਿਹਨਤ ਸਦਕਾ ਯੂਨੀਵਰਸਿਟੀ ਤਰੱਕੀ ਦੇ ਰਾਹ ਉੱਤੇ ਹੈ।**

---

**-ਲਵਪ੍ਰੀਤ ਸਿੰਘ**

**(ਪੱਤਰਕਾਰੀ ਅਤੇ ਜਨ ਸੰਚਾਰ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ),**
**ਫੋਨ ਨੰਬਰ** 7087785589

# ਹਲਕਾ ਰਾਜਾ ਸਾਂਸੀ ਦੇ ਬਲਾਕ ਹਰਸ਼ਾ ਛੀਨਾ 'ਚ ਵੀ ਕੱਢਿਆ ਜਾਵੇਗਾ ਸਿੱਧੂਪੁਰ ਜਥੇਬੰਦੀ ਵੱਲੋਂ ਟਰੈਕਟਰ ਮਾਰਚ

## 15 ਅਗਸਤ ਨੂੰ ਕੱਢੇ ਜਾਣ ਵਾਲੇ ਟਰੈਕਟਰ ਮਾਰਚ ਨਾਲ ਗੁਰੂਨਗਰੀ ਅੰਮ੍ਰਿਤਸਰ ਦੀ ਸੰਗਤ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ:ਨੰਗਲੀ



**ਚੰਡੀਗੜ੍ਹ, 13 ਅਗਸਤ (ਆਵਾਜਿ ਕੌਮ ਬਿਊਰੋ ਰਿਪੋਰਟ)** -15 ਅਗਸਤ ਨੂੰ ਕੱਢੇ ਜਾਣ ਵਾਲੇ ਟਰੈਕਟਰ ਮਾਰਚ ਦੀਆਂ ਫੁੱਲ ਤਿਆਰੀਆਂ ਕਰਦੇ ਹੋਏ ਅੱਜ ਭਾਰਤੀ ਕਿਸਾਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਨੰਗਲੀ ਅਤੇ ਜ਼ਿਲ੍ਹਾ ਆਗੂ ਬਲਰਾਮ ਸਿੰਘ, ਬਚਿੱਤਰ ਸਿੰਘ ਕੋਟਲਾ ਵੱਲੋ ਬਲਾਕ ਹਰਸ਼ਾ ਛੀਨਾ ਦੇ ਪਿੰਡ ਝੰਜੋਟੀ ਵਿਖੇ ਕਿਸਾਨ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਨੰਗਲੀ ਨੇ ਦੱਸਿਆ ਕਿ ਜਿੱਥੇ ਉਹਨਾਂ ਵੱਲੋਂ ਪੂਰੇ ਅੰਮ੍ਰਿਤਸਰ ਵਿੱਚ ਟਰੈਕਟਰ ਮਾਰਚ ਕੱਢੇ ਜਾ ਰਹੇ ਹਨ। ਉੱਥੇ ਹੀ ਦਿਹਾਤੀ ਦੇ ਸਾਰੇ ਬਲਾਕਾਂ ਦੀ ਤਰ੍ਹਾਂ ਬਲਾਕ ਹਰਸ਼ਾ ਛੀਨਾ ਦੇ ਪਿੰਡ ਝੰਜੋਟੀ ਤੋਂ ਸੈਂਕੜੇ ਟਰੈਕਟਰਾਂ ਨਾਲ ਰਾਜਾਸਾਂਸੀ ਅੱਡੇ ਤੱਕ ਵਿਸ਼ਾਲ ਮਾਰਚ ਕੱਢਿਆ ਜਾਵੇਗਾ। ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਨੰਗਲੀ ਨੇ ਸ਼ੰਭੂ ਅਤੇ ਖਨੌਰੀ ਤੇ ਚੱਲ ਰਹੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਕਿਸਾਨਾਂ ਨੂੰ ਇਹਨਾਂ ਧਰਨਿਆਂ ਚ ਜਾਣ ਲਈ ਅਪੀਲ ਕੀਤੀ। ਉਨ੍ਹਾ ਇਹ ਵੀ ਕਿਹਾ ਕਿ ਇਸ ਟਰੈਕਟਰ ਮਾਰਚ ਨਾਲ ਗੁਰੂ ਨਗਰੀ ਅੰਮ੍ਰਿਤਸਰ ਦੀ ਸੰਗਤ ਨੂੰ ਕੋਈ ਵੀ ਮੁਸ਼ਕਿਲ ਆਉਣ ਨਹੀਂ ਦਿੱਤੀ ਜਾਵੇਗੀ। ਹਰਮਨਜੀਤ ਸਿੰਘ ਕੰਦੋਵਾਲੀ,ਬਾਬਾ ਬਸੰਤ ਸਿੰਘ,ਮਨਜੀਤ ਸਿੰਘ ਬੱਗਾ,ਰਾਜਵਿੰਦਰ ਸਿੰਘ,ਸੰਦੀਪ ਸਿੰਘ ਰਾਜਾਸਾਂਸੀ,ਜੁਗਰਾਜ ਸਿੰਘ, ਪਵਨਦੀਪ ਸਿੰਘ ਭਿੱਟੇਵੱਡ,ਸ਼ਮਸ਼ੇਰ ਸਿੰਘ ਭਿੱਟੇਵੱਡ,ਮਹਾਂਵੀਰ ਸਿੰਘ ਸੰਗਤਪੁਰਾ,ਰਵੇਲ ਸਿੰਘ ਸੋਢੀ ਭਿੱਟੇਵੱਡ,ਕਰਨ ਸਿੰਘ ਬੱਗਾ, ਕੁਲਬੀਰ ਮਿੰਟੂ ਝੰਜੋਟੀ,ਭਗਤ ਸਿੰਘ ਸਰਪੰਚ,ਸਹਿਲ ਝੰਜੋਟੀ,ਪਰਮਜੀਤ ਸਿੰਘ ਮਾਛੀਨੰਗਲ,ਮਨਜਿੰਦਰ ਸਿੰਘ ਮਾਛੀਨੰਗਲ ਆਦਿ ਹਾਜ਼ਰ ਸਨ।

# ਅਜ਼ਾਦੀ ਮਾਰਚ ਤੋਂ ਪਹਿਲਾਂ ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਤੇ ਭੁਪਿੰਦਰ ਸਿੰਘ ਦੇ ਘਰ ਪੁਲਿਸ ਨੇ ਦਿੱਤੀ ਦਸਤਕ




**ਅੰਮ੍ਰਿਤਸਰ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਦਲ ਖ਼ਾਲਸਾ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ 13 ਅਗਸਤ ਨੂੰ ਹੁਸ਼ਿਆਰਪੁਰ ਵਿੱਚ ਕੀਤੇ ਜਾ ਰਹੇ ਅਜ਼ਾਦੀ ਮਾਰਚ ਕਾਰਨ ਅੱਜ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਦੇ ਘਰ ਪੁਲਿਸ ਨੇ ਦਸਤਕ ਦਿੱਤੀ। ਉਸ ਸਮੇਂ ਭਾਈ ਰਣਜੀਤ ਸਿੰਘ ਘਰ ਹੀ ਸਨ। ਪੁਲਿਸ ਨੇ ਉਹਨਾਂ ਨੂੰ ਕਿਹਾ ਕਿ ਤੁਸੀਂ ਮਾਰਚ ਵਿੱਚ ਜਾ ਰਹੇ ਹੋ ? ਅੱਗੋਂ ਭਾਈ ਰਣਜੀਤ ਸਿੰਘ ਨੇ ਕਿਹਾ ਕਿ ਸਾਡੀ ਜਥੇਬੰਦੀ ਇਸ ਅਜ਼ਾਦੀ ਮਾਰਚ ਵਿਚ ਹਿੱਸਾ ਲਵੇਗੀ, ਮੈਂ ਓਥੇ ਹੀ ਜਾ ਰਿਹਾ ਹਾਂ। ਪੁਲਿਸ ਨੇ ਕੁਝ ਹੋਰ ਸਵਾਲ ਕੀਤੇ। ਫਿਰ ਜਦ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਡਿਪਟੀ ਕਮਿਸ਼ਨਰ ਵੱਲੋਂ ਦਲ ਖਾਲਸਾ ਨੂੰ ਦਿੱਤਾ ਮਾਰਚ ਦਾ ਮਨਜੂਰੀ ਪੱਤਰ ਵਿਖਾਇਆ ਤਾਂ ਪੁਲਿਸ ਕੁਝ ਹੋਰ ਕਾਗਜ਼ੀ ਕਾਰਵਾਈ ਕਰਕੇ ਵਾਪਸ ਚਲੇ ਗਈ। ਜ਼ਿਕਰਯੋਗ ਹੈ ਕਿ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਦੇ ਘਰ ਅਤੇ ਭਾਈ ਭੁਪਿੰਦਰ ਸਿੰਘ ਛੇ ਜੂਨ ਦੇ ਘਰ ਕੱਲ੍ਹ ਦੁਪਹਿਰ ਵੀ ਪੁਲਿਸ ਆਈ ਸੀ। ਦਲ ਖਾਲਸਾ ਦੇ ਸੀਨੀਅਰ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ ਨੂੰ ਕੱਲ੍ਹ ਪੁਲਿਸ ਨੇ ਘਰ ਵਿੱਚ ਨਜ਼ਰਬੰਦ ਕੀਤਾ ਸੀ, ਪਰ ਅੱਜ ਉਹਨਾਂ ਤੋਂ ਨਜ਼ਰਬੰਦੀ ਹਟਾ ਲਈ ਗਈ ਤੇ ਉਹ ਮਾਰਚ ਵਿੱਚ ਸ਼ਾਮਲ ਹੋਏ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਅਤੇ ਭਾਈ ਭੁਪਿੰਦਰ ਸਿੰਘ ਛੇ ਜੂਨ ਵੀ ਹੁਸ਼ਿਆਰਪੁਰ ਵਿਖੇ ਦਲ ਖਾਲਸਾ ਦੀ 46ਵੀ ਵਰ੍ਹੇਗੰਢ ਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਅਤੇ ਜਲਾਵਤਨੀ ਸਿੱਖ ਯੋਧੇ ਭਾਈ ਗਜਿੰਦਰ ਸਿੰਘ ਨੂੰ ਸਮਰਪਿਤ ਅਜ਼ਾਦੀ ਮਾਰਚ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਅਤੇ ਦਲ ਖਾਲਸਾ ਦੇ ਸੀਨੀਅਰ ਆਗੂ ਭਾਈ ਕੰਵਰਪਾਲ ਸਿੰਘ ਬਿੱਟੂ, ਕਾਰਜਕਾਰੀ ਪ੍ਰਧਾਨ ਭਾਈ ਪਰਮਜੀਤ ਸਿੰਘ ਮੰਡ ਨਾਲ ਸ਼ਾਮਲ ਹੋਏ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਪੰਥ ਪ੍ਰਸਤ ਗੁਰਸਿੱਖਾਂ ਦੇ ਘਰਾਂ ਵਿੱਚ ਪੁਲੀਸ ਭੇਜ ਕੇ ਸਰਕਾਰ ਦਹਿਸ਼ਤ ਫੈਲਾਉਣਾ ਅਤੇ ਮਾਰਚ ਵਿੱਚ ਜਾਣ ਤੋਂ ਰੋਕਣਾ ਚਾਹੁੰਦੀ ਸੀ। ਉਹਨਾਂ ਕਿਹਾ ਕਿ ਅਸੀਂ ਸ਼ਹੀਦ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਤੋਂ ਲੈ ਕੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਤਕ ਸਮੂਹ ਸ਼ਹੀਦਾਂ ਨੂੰ ਪ੍ਰਣਾਮ ਕਰਦੇ ਹਾਂ ਤੇ ਕੌਮੀ ਅਜ਼ਾਦੀ ਦਾ ਸੰਘਰਸ਼ ਜਾਰੀ ਰੱਖਾਂਗੇ। ਉਹਨਾਂ ਭਾਈ ਗਜਿੰਦਰ ਸਿੰਘ ਹਾਈਜੈਕਰ ਦੀ ਕੁਰਬਾਨੀ ਨੂੰ ਵੀ ਪ੍ਰਣਾਮ ਕੀਤਾ।




# ★ ਪੁਰਜ਼ੋਰ ਅਪੀਲ ★

ਦੇਸ਼ ਵਿਦੇਸ਼ ਵਿੱਚ ਵੱਸਦੇ ਪੰਥ ਦਰਦੀਆਂ ਅਤੇ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖਾਲਸਾ ਅਤੇ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਬਾਬਾ ਬਕਾਲਾ ਸਾਹਿਬ ਵਿਖੇ 19 ਅਗਸਤ ਨੂੰ ਪੰਥਕ ਇਕੱਤਰਤਾ ਰੱਖੀ ਗਈ ਹੈ। ਆਪ ਸਭ ਨੇ ਆਪਣੇਂ ਕੀਮਤੀ ਰੁਝੇਵਿਆਂ ਵਿਚੋਂ ਸਮਾਂ ਕੱਢਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਵੱਲੋਂ:-

**ਭਾਈ ਭੁਪਿੰਦਰ ਸਿੰਘ ਗੱਦਲੀ, ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ**

**ਅਤੇ ਸ਼ਮਸ਼ੇਰ ਸਿੰਘ ਪੱਧਰੀ**

**ਸਾਬਕਾ ਜ਼ਿਲ੍ਹਾ ਪ੍ਰੈਸ ਸਕੱਤਰ ( ਅੰਮ੍ਰਿਤਸਰ ), ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ**

# ਇਸ ਬਦਲਾਵ ਨੂੰ ਅੱਖਾਂ ਮੀਟ ਕਿਵੇਂ ਮੰਨ ਜਾਈਏ... ?

ਸੰਨ੍ਹ 1469 ਤੋਂ 1708 ਗੁਰੂਕਾਲ ।

1708 ਤੋਂ 1803 ਬਾਬਾ ਬੰਦਾ ਸਿੰਘ ਬਹਾਦਰ ਅਤੇ ਮਿਸਲ ਰਾਜ ।

1803 ਤੋਂ 1849 ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦਾ ਸਿੱਖ ਰਾਜ ।

ਕੀ 1849 ਤੋਂ 1920 ਤੱਕ ਸਿੱਖਾਂ ਦੀ ਕੋਈ ਮਰਿਯਾਦਾ ਨਹੀ ਸੀ... ?

ਜਾਂ ਟਕਸਾਲ ਦੇ ਸਿੰਘਾਂ ਨੂੰ ਸੰਘ ਦੇ ਖਿਤਾਬ ਦੇਣ ਵਾਲੇ ਬਹੁਤੇ ਸਿਆਣੇ ਜੰਮ ਪਏ ।


ਜਿੰਨਾ ਦੇ ਮੌਡਰਨ ਆਗੂਆਂ ਦੀ ਬਣਾਈ ਮਰਿਯਾਦਾ ਮੂਲ ਸਿੱਖ ਸਿਧਾਂਤ ਖੰਡੇ ਬਾਟੇ ਦੀ ਪਾਹੁਲ ਤਿਆਰ ਕਰਨ ਵੇਲੇ ਪੰਜਾਂ ਪਿਆਰਿਆਂ ਵਿਚ ਬੀਬੀਆਂ ਨੂੰ ਸ਼ਾਮਲ ਕਰਕੇ ਸਿੱਖ ਸਿਧਾਂਤਾਂ ਦਾ ਘਾਣ ਕਰਨ ਦੀ ਇਜਾਜ਼ਤ ਦੇਂਦੀ ਹੋਵੇ ਉਸ ਮਰਿਯਾਦਾ ਦੇ ਹਵਾਲਿਆਂ ਨੂੰ ਅੱਖਾਂ ਮੀਟ ਕਿਵੇਂ ਮੰਨ ਲਈਏ ।


ਸ਼ਮਸ਼ੇਰ ਸਿੰਘ ਜੇਠੂਵਾਲ

ਖਾਲਸਾਈ ਪ੍ਰੰਪਰਾਵਾਂ ਨੂੰ ਸਮ੍ਰਪਿਤ ਨਿਰੋਲ ਪੰਥਕ ਜਥੇਬੰਦੀ ਦਮਦਮੀ ਟਕਸਾਲ ਗੁਰ ਸਿਧਾਂਤ ਨੂੰ ਸਮ੍ਰਪਿਤ ਸੰਸਥਾ ਹੈ,ਜਿਸਦਾ ਕੁਰਬਾਨੀਆਂ ਭਰਿਆ ਲਹੂ ਭਿੱਜਾ ਇਤਿਹਾਸ ਸਨਹਿਰੀ ਪੰਨਿਆਂ ਵਿਚ ਦਰਜ ਹੋ ਚੁੱਕਾ ਹੈ।

ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਵਲੋਂ ਸਥਾਪਤ ਜਥੇਬੰਦੀ ਦੇ ਮੁਖੀ ਮਹਾਂਪੁਰਸ਼ਾਂ ਅਤੇ ਵਿਦਿਆਰਥੀਆਂ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਵਉੱਚਤਾ ਤੇ ਪਹਿਰਾ ਦੇਂਦਿਆਂ ਦੇਹਧਾਰੀ ਗੁਰੂਡੰਮ ਵਿਰੁੱਧ ਜੂਝਦਿਆਂ ਸੈਂਕੜੇ ਸ਼ਹਾਦਤਾਂ ਦਿੱਤੀਆਂ ਅਤੇ ਸਿੱਖ ਸੰਘਰਸ਼ ਦੀ ਅਗਵਾਈ ਕੀਤੀ।

ਵਰਤਮਾਨ ਵਿਚ ਵੀ ਅੱਧੀ ਸਦੀ ਬਾਅਦ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਗੁਰਬਾਣੀ ਦਾ ਟੀਕਾ ਜਥੇਬੰਦੀ ਦੇ ਮੁਖੀ ਮਹਾਂਪੁਰਸ਼ਾਂ ਵਲੋਂ ਦਹਾਕਿਆਂਬੱਧੀ ਘਾਲਣਾ ਘਾਲ੍ਹ ਕੇ ਤਿਆਰ ਕੀਤਾ ਗਿਆ ਜੋ ਮਹਾਨ ਕਾਰਜ ਸ਼ਬਦ ਗੁਰੂ ਪ੍ਰਤੀ ਗੁਰ ਸਿਧਾਂਤ ਦੀ ਪਵਿੱਤਰ ਭਾਵਨਾ ਉਜਾਗਰ ਕਰਦਾ ਹੈ।



ਦੂਜੇ ਪਾਸੇ ਸਮੇਂ ਦੀਆਂ ਸਰਕਾਰਾਂ ਦੇ ਹੱਥਠੋਕੇ ਬਣਕੇ ਗੁਰ ਸਿਧਾਂਤ ਦਾ ਘਾਣ ਕਰਨ ਵਾਲੇ ਪਾਖੰਡੀ ਬੂਬਨਿਆਂ,ਦੇਹਧਾਰੀ ਗੁਰੂਡੰਮੀਆਂ ਤੋਂ ਲੈ ਕੇ ਵਰਤਮਾਨ ਵਿਚ ਪੰਥ ਅੰਦਰ ਘੁਸਪੈਠ ਕਰਕੇ ਬੈਠੀ ਨਾਸਤਿਕ ਨਿੰਦਕ ਮੰਡਲੀ ਪ੍ਰਤੀ ਦਮਦਮੀ ਟਕਸਾਲ ਵਰਗੀ ਸਪੱਸ਼ਟਤਾ ਦਾ ਪੰਥ ਵਿਚ ਕੋਈ ਸਾਨੀ ਨਹੀ।

ਪਿਛਲੇ ਦੋ ਢਾਈ ਦਹਾਕਿਆਂ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤ,ਗੁਰ-ਇਤਿਹਾਸ,ਗੁਰਬਾਣੀ,ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,ਪੁਰਾਤਨ ਸਿੱਖ ਸ੍ਰੋਤ,ਸਿੱਖ ਸਖਸ਼ੀਅਤਾਂ ਆਦਿ ਦੀ ਕਿਰਦਾਰਕੁਸ਼ੀ ਨਿੰਦਾ ਵਿਰੁੱਧ ਜਥੇਬੰਦੀ ਦੇ ਵਿਦਿਆਰਥੀਆਂ ਵਲੋਂ ਜਵਾਬਦੇਹ ਬਣਾਉਣ ਦਾ ਹਰ ਸੰਭਵ ਯਤਨ ਕੀਤਾ ਜਾਂਦਾ ਰਿਹਾ ।

ਜਥੇਬੰਦੀ ਹੋਂਦ ਤੋਂ ਲੈ ਕੇ ਵਰਤਮਾਨ ਤੱਕ ਔਖੇ ਤੋਂ ਔਖੇ ਸਮੇਂ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੰਥ ਨੂੰ ਸਮ੍ਰਪਿਤ ਰਹੀ ਹੈ,ਦੋ ਦਿਨ ਪਹਿਲਾਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਤੋਂ ਬਾਅਦ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਇਕ ਨਵੇਂ ਵਿਵਾਦ ਨੂੰ ਜਨਮ ਦਿੱਤਾ ਗਿਆ ਹੈ ਜਿਸ ਵਿਚ ਜਥੇਦਾਰ ਸਾਹਿਬ ਵਲੋਂ ਸਦੀਆਂ ਤੋਂ ਚੱਲ ਰਹੇ ਨਿਸ਼ਾਨ ਸਾਹਿਬ ਦੇ ਕੇਸਰੀ ਚੋਲ੍ਹੇ ਨੂੰ ਰਾਤੋ ਰਾਤ ਬਦਲਣ ਦਾ ਹੁਕਮ ਦੇ ਕੇ ਬਸੰਤੀ ਉਰ ਦਿੱਤਾ ਗਿਆ ਜੇਕਰ ਏਹੀ ਫੈਸਲਾ ਪੰਥ ਦੇ ਵਿਧੀ ਵਿਧਾਨ ਮੁਤਾਬਕ ਪੰਥਕ ਇਕੱਠ ਸੱਦ ਕੇ ਕੀਤਾ ਜਾਂਦਾ ਤਾਂ ਵਧੀਆ ਹੁੰਦਾ ਪਰ ਹਰ ਵਾਰ ਦੀ ਤਰ੍ਹਾਂ ਅੰਦਰਖਾਤੇ ਸਰਸੇ ਵਾਲੇ ਨੂੰ ਮੁਆਫ਼ੀ ਦੇ ਦੇਣੀ,ਸੂਰਜ ਚੰਦ੍ਰਮਾ ਦੇ ਨੇਮਾਂ ਤੋਂ ਉਲਟ ਪੁਰੇਵਾਲ ਦੀ ਜੰਤਰੀ ਲਾਗੂ ਕਰ ਦੇਣੀ,ਨਿੱਤਨੇਮ ਅੰਮ੍ਰਿਤ ਸੰਚਾਰ ਖੰਡੇ ਬਾਟੇ ਦੀ ਪਾਹੁਲ ਰੱਦ ਕਰਨ ਵਾਲਿਆਂ ਦਾ ਦੀਵਾਨ ਹਾਲ ਮੰਜੀ ਸਾਹਿਬ ਤੋਂ ਸਨਮਾਨ ਕਰ ਦੇਣਾ ਆਦਿ ਫੈਸਲਿਆਂ ਦੀ ਤਰ੍ਹਾਂ ਇਸ ਵਾਰ ਵੀ ਮਸਲਾ ਗੁੱਝਾ ਭੇਦ ਬਣਿਆ ਹੈ ।

ਦਮਦਮੀ ਟਕਸਾਲ ਨਾਲ ਸਬੰਧਿਤ ਪੰਥਕ ਸੰਘਰਸ਼ ਵਿਚ ਕੁਰਬਾਨੀਆਂ ਕਰਨ ਵਾਲੇ ਪਰਿਵਾਰ ਜਥੇਦਾਰ ਸਾਹਿਬ ਨੂੰ ਫੈਸਲੇ ਤੇ ਮੁੜ ਵਿਚਾਰ ਦੀਆਂ ਅਪੀਲਾਂ ਕਰ ਰਹੇ ਹਨ,ਪਰ ਸ੍ਰੋਮਣੀ ਕਮੇਟੀ ਵਲੋਂ ਸਮੁੱਚੇ ਇਤਿਹਾਸਕ ਅਸਥਾਨਾਂ ਦੇ ਮੈਨੇਜਰਾਂ ਨੂੰ ਨਿਸ਼ਾਨ ਸਾਹਿਬ ਦੇ ਚੋਲ੍ਹੇ ਬਦਲਣ ਦੇ ਹੁਕਮ ਦਿੱਤੇ ਜਾ ਚੁੱਕੇ ਹਨ ।

ਸਥਿਤੀ ਹਾਸੋਹੀਣੀ ਬਣੀ ਹੈ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਹੋਂਦ ਤੇ ਸਵਾਲੀਆ ਚਿੰਨ ਲਾਉਣ ਵਾਲੇ,ਤਖ਼ਤ ਸਾਹਿਬ ਜੀ ਦੀ ਪ੍ਰਭੂਸੱਤਾ ਨੂੰ ਚੈਲੰਜ ਕਰਨ ਵਾਲੇ, ਜਥੇਦਾਰ ਸਾਹਿਬ ਦੀ ਪਦਵੀ ਨੂੰ ਰੱਦ ਕਰਨ ਵਾਲੇ ਕਿਕਲੀ ਪਾ ਕੇ ਦਮਦਮੀ ਟਕਸਾਲ ਵਰਗੀ ਜਥੇਬੰਦੀ ਨੂੰ ਨਿਸ਼ਾਨਾ ਬਣਾ ਰਹੇ ਹਨ ਪਰ 1984 ਤੋਂ ਬਾਅਦ ਪਿਛਲੇ ਦੋ ਢਾਈ ਦਹਾਕਿਆਂ ਦੀ ਤਵਾਰੀਖ਼ ਫ੍ਰੋਲ ਕੇ ਵੇਖੀਏ ਤਾਂ ਜੋ ਇਤਿਹਾਸਕ ਕਾਰਜ ਦਮਦਮੀ ਟਕਸਾਲ ਦੇ ਮਹਾਂਪੁਰਸ਼ਾਂ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਰਥ ਬੋਧ ਦਾ ਟੀਕਾ,ਜੂਨ 1984 ਵਿਚ ਸ਼ਹੀਦ ਹੋ ਸਮੂਹ ਸ਼ਹੀਦਾਂ ਦੀ ਸ਼ਹੀਦੀ ਯਾਦਗਾਰ,ਸ਼ਹੀਦੀ ਗੈਲਰੀ ਆਦਿ ਕਾਰਜ ਮਿਸਾਲੀ ਹਨ ।

ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਆਪਣੇ ਇਸ ਫੈਸਲੇ ਤੇ ਮੁੜ ਵਿਚਾਰ ਦੀ ਅਹਿਮੀਅਤ ਨੂੰ ਸਮਝਣਾ ਚਾਹੀਦਾ ਹੈ। ••

# ਖਾਲਸਾ ਰਹਿਤ ਮਰਿਯਾਦਾ


ਮੌਡਰਨਾ ਨੂੰ ਸਾਡੀ ਨਿਜੀ ਰਾਇ ਹੈ ਸੰਪ੍ਰਦਾਵਾਂ ਦੀ ਚਿੰਤਾ ਛੱਡੋ ਪਹਿਲਾਂ ਪਤਾ ਕਰ ਲਵੋ ਮਰਿਯਾਦਾ ਹੁੰਦੀ ਕੀ ਹੈ ਤੇ ਕਿਥੇ-2 ਜਰੂਰੀ ਹੁੰਦੀ ਜਿਥੇ ਕੋਈ ਸਮਝੌਤਾ ਨਹੀ ਹੋ ਸਕਦਾ ਭਾਵ ਮੂਲ ਸਿੱਖ ਸਿਧਾਂਤਾਂ ਤੇ ਹੀ ਲਾਗੂ ਹੁੰਦੀ ਹੈ,ਜਿੰਨਾ ਨੂੰ ਇਸ ਅਪ੍ਰਵਾਨਿਤ ਖਰੜੇ ਰਾਂਹੀ ਖੰਡਿਤ ਕੀਤਾ ਗਿਆ ਹੈ। ਥੋਪੀ ਜਾ ਰਹੀ ਇਸ ਮਰਿਯਾਦਾ ਰਾਂਹੀ ਗੁਰ ਸਿਧਾਂਤ ਅੰਮ੍ਰਿਤ ਸੰਚਾਰ ਵੇਲੇ ਪੰਜਾਂ ਪਿਆਰਿਆਂ ਵਿਚ ਬੀਬੀਆਂ ਸ਼ਾਮਲ ਕਰਨ ਦੀ ਖੁਲ੍ਹ ਦੇ ਸਿੱਟੇ ਗੰਭੀਰ ਨਿਕਲਣਗੇ ਜੇਕਰ ਭਵਿੱਖ ਵਿਚ ਕਿਸੇ ਮੌਡਰਨ ਧੜ੍ਹੇ ਵਲੋਂ ਮਰਿਯਾਦਾ ਦੇ ਨਾਮ ਹੇਠ ਪੰਜਾਂ ਪਿਆਰਿਆਂ ਵਿਚ ਬੀਬੀਆਂ ਸ਼ਾਮਿਲ ਕਰਕੇ ਇਹ ਗਲਤੀ ਕਰ ਦਿੱਤੀ ਤਾਂ ਜਿੰਮੇਵਾਰ ਕੌਣ ਹੋਵੇਗਾ.... ? ਸ੍ਰੋਮਣੀ ਕਮੇਟੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਬਹੁਤ ਵਾਰ ਆਦੇਸ਼ ਹੋਏ ਕਿ ਪੰਥ ਵਿਰੋਧੀ ਲਿਖ਼ਤਾਂ ਦੇ ਲਿਖਾਰੀਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਏਨਾ ਅਧੀਨ ਚੱਲ ਰਹੇ ਮੌਡਰਨ ਕਾਲਜਾਂ ਦੇ ਸਿਲੇਬਸ ਘੋਖੇ ਜਾਣ ਜੋ ਗੁਰਮਤਿ ਅਨੁਸਾਰ ਸਹੀ ਹਨ ਉਹ ਰੱਖੇ ਜਾਣ ਬਾਕੀਆਂ ਦੀ ਮਾਨਤਾ ਰੱਦ ਕੀਤੀ ਜਾਵੇ ਦੂਜੇ ਪਾਸੇ ਜਥੇਦਾਰ ਸਾਹਿਬ ਦੀ ਸਤਿਕਾਰਤ ਪਦਵੀ ਤੇ ਬੈਠਣ ਵਾਲਿਆਂ ਬਾਰੇ ਪਹਿਲਾਂ ਹੀ ਪਤਾ ਹੈ ਏਨਾ ਨੂੰ ਪੰਥ ਦੇ ਸਿਧਾਂਤ ਦੀ ਕਿੰਨੀ ਕੁ ਚਿੰਤਾ ਹੈ ਕਿਉਂਕਿ ਅੰਮ੍ਰਿਤ ਸੰਚਾਰ ਨਿੱਤਨੇਮ ਦੀਆਂ ਬਾਣੀਆਂ ਰੱਦ ਕਰਨ ਵਾਲੇ ਤਾਂ ਅੱਜ ਤੱਕ ਏਨਾ ਤੋਂ ਜਵਾਬਦੇਹ ਨਹੀ ਬਣਾਏ ਜਾ ਸਕੇ ।

**ਖਾਲਸਾ ਰਹਿਤ ਮਰਿਯਾਦਾ ਦਾ ਖਰੜਾ**

ਸੰਤ ਤੇਜਾ ਸਿੰਘ ਜੀ ਹੈੱਡ ਗ੍ਰੰਥੀ ਸ੍ਰੀ ਨਨਕਾਣਾ ਸਾਹਿਬ ਨੇ ਇਸ ਇਕੱਤਰਤਾ ਦਾ ਅਰਦਾਸਾ ਸੋਧਿਆ। ਫੇਰ ਕਾਰਵਾਈ ਸ਼ੁਰੂ ਤੇ ਪ੍ਰੋ ਤੇਜਾ ਸਿੰਘ ਜੀ ਕਨਵੀਨਰ ਰਹੁਰੀਤਾਂ ਸਬ ਕਮੇਟੀ ਨੇ ਸਿੱਖ ਰਹਿਤ ਮਰਿਯਾਦਾ ਦਾ ਖਰੜਾ ਪੇਸ਼ ਕੀਆ,ਜੋ ਦੋ ਦਿਨਾਂ ਦੀ ਗਰਮਾਂ ਗਰਮੀ ਬਹਿਸ ਤੋਂ ਬਾਅਦ ਕੁਝ ਕੁ ਮੱਤਭੇਦ ਪੈਦਾ ਹੋਣ ਕਰਕੇ ਪਾਸ ਨਾ ਹੋ ਸਕਿਆ ਤੇ ਇਹ ਵਿਚਾਰ ਅਨਿਸ਼ਿਚਤ ਸਮੇਂ ਲ ਮੁਲਤਵੀ ਕਰ ਦਿੱਤੀ ਗਈ ।

ਜੋ ਕਿਤਾਬ 1982 ਵਿਚ ਛਪੀ ਹੈ,ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਸਿੰਘ ਸਾਹਿਬ ਜਥੇਦਾਰ ਰਘਬੀਰ ਸਿੰਘ ਜੀ ਆਦਿ ਪੰਥ ਦੀਆਂ ਸਿਰਮੌਰ ਸਖਸ਼ੀਅਤਾਂ ਨੂੰ ਮੇਰੀ ਬੇਨਤੀ ਹੈ ਜਾਂ ਤਾਂ ਇਹ ਕਿਤਾਬ ਰੱਦ ਕਰ ਦਿਓ ਜਾਂ ਮੰਨ ਲਵੋ ਮਰਿਯਾਦਾ ਪ੍ਰਵਾਨ ਨਹੀ ਹੋਈ ਬਾਕੀ ਦੁੱਖ ਏਸ ਗੱਲ ਦਾ ਹੈ ਕਿ ਨਿਸ਼ਾਨ ਸਾਹਿਬ ਦੇ ਚੋਲ੍ਹੇ ਬਾਰੇ ਵਿਵਾਦ ਦੀ ਜੜ੍ਹ ਏਹੀ ਮਰਿਯਾਦਾ ਹੈ ਤੇ ਭਵਿੱਖ ਵਿਚ ਕੀ ਕੁਝ ਹੋ ਸਕਦਾ ਉਸਦੇ ਸੰਕੇਤ ਇਸਦੀ ਮੱਦ (ਅੰਮ੍ਰਿਤ ਸੰਸਕਾਰ) ਵਿਚ ਤੁਹਾਡੇ ਸਾਹਮਣੇ ਹਨ ।

**-ਸ਼ਮਸ਼ੇਰ ਸਿੰਘ ਜੇਠੂਵਾਲ**




੨. ਅੰਮ੍ਰਿਤ ਸੰਸਕਾਰ

(ੳ) ਅੰਮ੍ਰਿਤ ਛਕਾਣ ਲਈ ਇਕ ਖਾਸ ਅਸਥਾਨ 'ਤੇ ਪ੍ਰਬੰਧ ਹੋਵੇ। ਉਥੇ ਆਮ ਲੋਕਾਂ ਦਾ ਲਾਂਘਾ ਨਾ ਹੋਵੇ।

(ਅ) ਉਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਰਕਾਸ਼ ਹੋਵੇ। ਘੱਟ ਤੋਂ ਘੱਟ ਛੇ ਤਿਆਰ-ਬਰ-ਤਿਆਰ ਸਿੰਘ ਹਾਜ਼ਰ ਹੋਣ, ਜਿਨ੍ਹਾਂ 'ਚੋਂ ਇਕ ਤਾਬਿਆ ਬੈਠੇ ਤੇ ਬਾਕੀ ਪੰਜ ਅੰਮ੍ਰਿਤ ਛਕਾਣ ਲਈ ਹੋਣ। ਇਨ੍ਹਾਂ ਵਿਚ ਸਿੰਘਣੀਆਂ ਭੀ ਹੋ ਸਕਦੀਆਂ ਹਨ। ਇਨ੍ਹਾਂ ਸਾਰਿਆਂ ਨੇ ਕੇਸੀਂ ਇਸ਼ਨਾਨ ਕੀਤਾ ਹੋਵੇ।

(ੲ) ਇਨ੍ਹਾਂ ਪੰਜਾਂ ਪਿਆਰਿਆਂ ਵਿਚ ਕੋਈ ਅੰਗ-ਹੀਣ (ਅੰਨ੍ਹਾਂ, ਕਾਣਾ, ਲੰਙਾ,




੧੫੬. ਭਾਈ ਨਿਰੰਜਨ ਸਿੰਘ ਜੀ।
੧੫੭. ਭਾਈ ਚੰਨਣ ਸਿੰਘ ਜੀ।
੧੫੮. ਭਾਈ ਨਿਹਾਲ ਸਿੰਘ ਜੀ।
੧੫੯. ਭਾਈ ਗੁਰਦਾਸ ਸਿੰਘ ਜੀ।

(ਟ) ਅਕਾਲੀ ਜਥੇ
੧੬੦. ਭਾਈ ਕਰਤਾਰ ਸਿੰਘ ਜੀ, ਗਿਆਨੀ।
੧੬੧. ਜਥੇਦਾਰ ਜੀਤ ਸਿੰਘ ਜੀ, ਹਿਸਾਰ।

(ਠ) ਸਿੰਘ ਸਭਾਵਾਂ
੧੬੨. ਭਾਈ ਕਰਤਾਰ ਸਿੰਘ ਜੀ, ਸ੍ਰੀ ਗੁਰੂ ਸਿੰਘ ਸਭਾ, ਅੰਮ੍ਰਿਤਸਰ।
੧੬੩. ਸਕੱਤਰ, ਸਿੰਘ ਸਭਾ ਬੁਤਾਲਾ।
੧੬੪. ਸਕੱਤਰ, ਸਿੰਘ ਸਭਾ, ਫੀਰੋਜ਼ਪੁਰ।
੧੬੫. ਭਾਈ ਖੁਸ਼ਹਾਲ ਸਿੰਘ ਜੀ, ਸਿੰਘ ਸਭਾ ਵਜੀਰਾਬਾਦ।
੧੬੬. ਭਾਈ ਮਿਹਨ ਸਿੰਘ ਜੀ, ਸਕੱਤਰ ਸਿੰਘ ਸਭਾ ਸਿਆਲਕੋਟ।
੧੬੭. ਭਾਈ ਰਾਜ ਸਿੰਘ ਜੀ, ਨਾਨਕਸਰ।
੧੬੮. ਭਾ [illegible]
[illegible]
[illegible] ਸਰਧਾ ਸਿੰਘ ਜੀ, ਸਿੰਘ ਸਭਾ ਰਾਵਲਪਿੰਡੀ।

ਖਾਲਸਾ ਰਹਿਤ-ਮਰਯਾਦਾ ਦਾ ਖਰੜਾ

ਸੰਤ ਤੇਜਾ ਸਿੰਘ ਜੀ ਹੈਡ-ਗ੍ਰੰਥੀ ਸ੍ਰੀ ਨਨਕਾਣਾ ਸਾਹਿਬ ਨੇ ਇਸ ਇਕੱਤ੍ਰਤਾ ਦਾ ਅਰਦਾਸਾ ਸੋਧਿਆ। ਫੇਰ ਕਾਰਵਾਈ ਸ਼ੁਰੂ ਹੋਣ 'ਤੇ ਪ੍ਰੋ: ਤੇਜਾ ਸਿੰਘ ਜੀ ਕਨਵੀਨਰ ਰਹੁ-ਰੀਤਾਂ ਸਬ-ਕਮੇਟੀ ਨੇ ਸਿੱਖ ਰਹਿਤ-ਮਰਯਾਦਾ ਦਾ ਖਰੜਾ ਪੇਸ਼ ਕੀਤਾ, ਜੋ ਦੋ ਦਿਨਾਂ ਦੀ ਗਰਮਾ-ਗਰਮ ਬਹਿਸ ਤੋਂ ਬਾਅਦ ਕੁਝ ਕੁ ਮੱਤ-ਭੇਦ ਪੈਦਾ ਹੋਣ ਕਰਕੇ ਪਾਸ ਨਾ ਹੋ ਸਕਿਆ ਤੇ ਇਹ ਵਿਚਾਰ ਅਨਿਸਚਿਤ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਦਾ
ਪੰਜਾਹ ਸਾਲਾ ਇਤਿਹਾਸ
(ਸੰਨ ੧੯੨੬ ਤੋਂ ੧੯੭੬ ਤਕ)
ਲੇਖਕ
ਸ: ਸ਼ਮਸ਼ੇਰ ਸਿੰਘ ਅਸ਼ੋਕ
ਪ੍ਰਕਾਸ਼ਕ:
ਸਿੱਖ ਇਤਿਹਾਸ ਰੀਸਰਚ ਬੋਰਡ